# ਵਿਜੀਲੈਂਸ ਬਿਊਰੋ ਵੱਲੋਂ 15,000 ਰੁਪਏ ਰਿਸ਼ਵਤ ਲੈਂਦਾ ਏਐਸਆਈ ਰੰਗੇ ਹੱਥੀਂ ਕਾਬੂ

**ਚੰਡੀਗੜ੍ਹ/ਬਿਊਰੋ**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਪੁਲਿਸ ਚੌਕੀ ਕਿਚਲੂ ਨਗਰ, ਥਾਣਾ ਪੀਏਯੂ ਲੁਧਿਆਣਾ ਦੇ ਇੰਚਾਰਜ ਵਜੋਂ ਤਾਇਨਾਤ ਸਹਾਇਕ ਸਬ ਇੰਸਪੈਕਟਰ ਲਖਵਿੰਦਰ ਸਿੰਘ ਨੂੰ 15,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਬੈਂਕ ਕਲੋਨੀ ਨੂਰਵਾਲਾ ਰੋਡ, ਜ਼ਿਲ੍ਹਾ ਲੁਧਿਆਣਾ ਦੇ ਇੱਕ ਨਿਵਾਸੀ ਦੁਆਰਾ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਵਿਰੁੱਧ ਕੇਸ ਦਰਜ ਕੀਤਾ ਗਿਆ ਸੀ, ਜਿਸ ਦੀ ਜਾਂਚ ਏਐਸਆਈ ਲਖਵਿੰਦਰ ਸਿੰਘ ਨੂੰ ਸੌਂਪੀ ਗਈ ਸੀ। ਇਸ ਸਬੰਧੀ ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਏਐਸਆਈ ਨੇ ਸ਼ਿਕਾਇਤਕਰਤਾ ਦੀ ਭੈਣ ਅਤੇ ਮਾਂ ਨੂੰ ਇਸ ਮਾਮਲੇ ਵਿੱਚ ਨਾ



ਫਸਾਉਣ ਬਦਲੇ 30,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਸੀ ਅਤੇ ਸ਼ਿਕਾਇਤਕਰਤਾ ਨੇ ਰਿਸ਼ਵਤ ਮੰਗਣ ਦੀ ਪੂਰੀ ਗੱਲਬਾਤ ਰਿਕਾਰਡ ਕਰ ਲਈ ਸੀ। ਸ਼ਿਕਾਇਤਕਰਤਾ ਨੇ ਗੈਰ-ਕਾਨੂੰਨੀ ਰਿਸ਼ਵਤ ਨਾ ਦੇਣ ਲਈ ਵਿਜੀਲੈਂਸ ਬਿਊਰੋ ਰੇਂਜ ਲੁਧਿਆਣਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 15,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧੀ ਮੁਲਜ਼ਮ ਵਿਰੁੱਧ ਵਿਜੀਲੈਂਸ ਬਿਊਰੋ ਥਾਣਾ ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ ਅਤੇ ਇਸ ਦੀ ਅਗਲੇਰੀ ਜਾਂਚ ਜਾਰੀ ਹੈ।




# ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਰਾਜਪੁਰਾ 'ਚ ਸ੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਦੀ ਅਤਿ-ਆਧੁਨਿਕ ਸਹੂਲਤ ਦਾ ਕੀਤਾ ਦੌਰਾ

**ਰਾਜਪੁਰਾ/ਬਿਊਰੋ**

ਪੰਜਾਬ ਦੇ ਉਦਯੋਗ ਅਤੇ ਵਣਜ, ਨਿਵੇਸ਼ ਪ੍ਰੋਤਸਾਹਨ, ਬਿਜਲੀ ਅਤੇ ਸਥਾਨਕ ਸਰਕਾਰਾਂ ਬਾਰੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਰਾਜਪੁਰਾ ਵਿਖੇ ਸ੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਲਿਮਟਿਡ ਦੀ ਅਤਿ-ਆਧੁਨਿਕ ਨਿਰਮਾਣ ਸਹੂਲਤ ਦਾ ਦੌਰਾ ਕੀਤਾ। ਇਸ ਦੌਰਾਨ ਰਾਹੀਂ ਉਨ੍ਹਾਂ ਨੇ ਉਦਯੋਗਿਕ ਵਿਕਾਸ ਅਤੇ ਨਿਵੇਸ਼ਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਪ੍ਰਤੀ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਉਜਾਗਰ ਕੀਤਾ। ਸਾਲ 2018 ਵਿੱਚ ਸਥਾਪਿਤ ਅਤੇ 32 ਏਕੜ ਵਿੱਚ ਫੈਲੀ ਰਾਜਪੁਰਾ ਯੂਨਿਟ ਦੀ ਮਾਸਿਕ ਉਤਪਾਦਨ ਸਮਰੱਥਾ ਲਗਭਗ 6,200 ਟਨ ਹੈ। ਇਸ ਸਹੂਲਤ ਵਿੱਚ 2,000 ਤੋਂ ਵੱਧ ਕਾਮੇ ਕੰਮ ਕਰਦੇ ਹਨ ਅਤੇ 350 ਤੋਂ ਵੱਧ ਔਰਤਾਂ ਲਈ ਰੁਜ਼ਗਾਰ ਸਮੇਤ ਰੋਜ਼ੀ-ਰੋਟੀ ਦੇ ਅਹਿਮ ਮੌਕੇ ਪੈਦਾ ਕੀਤੇ ਹਨ। ਕੰਪਨੀ ਆਪਣੇ ਮਹਿਲਾ ਕਰਮਚਾਰੀਆਂ ਲਈ ਇੱਕ ਸਮਰਪਿਤ ਹੋਸਟਲ ਬਣਾਉਣ ਦੀ ਵੀ ਯੋਜਨਾ ਬਣਾ ਰਹੀ ਹੈ, ਜਿਸ ਨਾਲ ਸਮੁੱਚੇ ਉਦਯੋਗਿਕ ਵਿਕਾਸ ਨੂੰ ਹੋਰ ਹੁਲਾਰਾ ਮਿਲੇਗਾ। ਭਾਰਤ ਦੇ ਫੂਡ ਪ੍ਰੋਸੈਸਿੰਗ ਖੇਤਰ ਦੀ ਇੱਕ ਮੋਹਰੀ ਕੰਪਨੀ ਸ੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਨੇ ਸਾਲ 2026 ਵਿੱਚ ਲਗਭਗ 2,100 ਕਰੋੜ ਰੁਪਏ ਦੀ ਵਿਕਰੀ ਕੀਤੀ। ਕੰਪਨੀ ਦੇਸ਼ ਭਰ ਦੇ 9 ਪਲਾਂਟਾਂ ਵਿੱਚ ਬਿਸਕੁਟ, ਬਰੈੱਡ, ਬੇਕਰੀ ਉਤਪਾਦ ਅਤੇ ਫਰੋਜ਼ਨ ਫੂਡ ਸਮੇਤ ਵੱਖ-ਵੱਖ ਉਤਪਾਦਾਂ ਦੀ



ਇੱਕ ਵਿਸ਼ਾਲ ਸ਼੍ਰੇਣੀ ਦਾ ਨਿਰਮਾਣ ਕਰਦੀ ਹੈ। ਉੱਨਤ ਨਿਰਮਾਣ ਸਹੂਲਤਾਂ ਵਿੱਚ ਲਗਭਗ 1,500 ਕਰੋੜ ਰੁਪਏ ਦੇ ਨਿਵੇਸ਼ ਦੇ ਨਾਲ ਕੰਪਨੀ 70 ਤੋਂ ਵੱਧ ਦੇਸ਼ਾਂ ਵਿੱਚ ਆਪਣੇ ਉਤਪਾਦਾਂ ਦਾ ਨਿਰਯਾਤ ਕਰਦੀ ਹੈ ਅਤੇ ਸਥਾਨਕ ਪੱਧਰ 'ਤੇ 900 ਤੋਂ ਵੱਧ ਵਿਤਰਕਾਂ ਦੇ ਨੈਟਵਰਕ ਰਾਹੀਂ 5.5 ਲੱਖ ਤੋਂ ਵੱਧ ਪ੍ਰਚੂਨ ਆਉਟਲੈਟਾਂ ਵਿੱਚ ਆਪਣੇ ਉਤਪਾਦ ਪੇਸ਼ ਕਰਦੀ ਹੈ। ਮੌਜੂਦਾ ਸਮੇਂ ਇਹ ਕੰਪਨੀ ਪੰਜਾਬ ਵਿੱਚ ਦੂਜਾ ਸਭ ਤੋਂ ਵੱਡਾ ਬਿਸਕੁਟ ਨਿਰਮਾਤਾ ਹੈ, ਜਿਸਦਾ ਬਾਜ਼ਾਰ ਵਿੱਚ 14 ਫੀਸਦ ਤੋਂ ਵੱਧ ਹਿੱਸਾ ਹੈ। ਇਸ ਦੌਰੇ ਦੌਰਾਨ, ਮੰਤਰੀ ਸੰਜੀਵ ਅਰੋੜਾ ਨੇ ਵੱਖ-ਵੱਖ ਵਿਸ਼ੇਸ਼ ਨਿਰਮਾਣ ਇਕਾਈਆਂ ਦਾ ਦੌਰਾ ਕੀਤਾ ਅਤੇ ਸਹੂਲਤ ਵਿੱਚ ਉੱਚ ਪੱਧਰੀ ਕਾਰੀਗਰੀ, ਆਟੋਮੇਸ਼ਨ, ਅਤੇ ਗੁਣਵੱਤਾ ਅਤੇ ਸੁਰੱਖਿਆ ਪ੍ਰੋਟੋਕੋਲ ਦੀ ਸਖ਼ਤੀ ਨਾਲ ਪਾਲਣਾ ਦੀ ਸ਼ਲਾਘਾ ਕੀਤੀ। ਇਸ ਮੌਕੇ 'ਤੇ ਬੋਲਦਿਆਂ, ਮੈਨੇਜਿੰਗ ਡਾਇਰੈਕਟਰ ਅਨੂਪ ਬੈਕਟਰ ਨੇ ਪੰਜਾਬ ਦੇ ਉਦਯੋਗਿਕ ਮਾਹੌਲ ਵਿੱਚ ਪੂਰਾ ਵਿਸ਼ਵਾਸ ਪ੍ਰਗਟ ਕੀਤਾ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕੰਪਨੀ ਦੇ ਨਿਰੰਤਰ ਨਿਵੇਸ਼ ਸਦਕਾ ਘਰੇਲੂ ਅਤੇ ਅੰਤਰਰਾਸ਼ਟਰੀ ਬਾਜ਼ਾਰ ਤੱਕ ਪਹੁੰਚ ਵਿੱਚ ਵਾਧਾ ਹੋਵੇਗਾ ਅਤੇ ਕੰਪਨੀ ਦੇ ਉਤਪਾਦ ਪੋਰਟਫੋਲੀਓ ਨੂੰ ਹੋਰ ਮਜ਼ਬੂਤ ਕਰਨ ਵਿੱਚ ਮਦਦ ਮਿਲੇਗੀ। ਸ੍ਰੀ ਬੈਕਟਰ ਨੇ ਮੰਤਰੀ ਸੰਜੀਵ ਅਰੋੜਾ ਦੀ ਯੋਗ ਅਗਵਾਈ ਅਤੇ ਕਾਰਜਸ਼ੀਲ ਪਹੁੰਚ ਦੀ ਵੀ ਸ਼ਲਾਘਾ ਕੀਤੀ ਅਤੇ ਪੰਜਾਬ ਦੇ ਉਦਯੋਗਿਕ ਸੁਧਾਰਾਂ ਵਿੱਚ ਉਨ੍ਹਾਂ ਦੇ ਯਤਨਾਂ ਨੂੰ ਮਾਨਤਾ ਦਿੱਤੀ। ਉਨ੍ਹਾਂ ਨੇ ਪੰਜਾਬ ਸਰਕਾਰ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਨੀਤੀਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਪਹਿਲਕਦਮੀਆਂ ਮਾਲੀਆ ਪੈਦਾ ਕਰਨ ਅਤੇ ਪੰਜਾਬ ਨੂੰ ਦੇਸ਼ ਵਿੱਚ ਉਦਯੋਗਿਕ ਵਿਕਾਸ ਲਈ ਇੱਕ ਮੋਹਰੀ ਸਥਾਨ ਵਜੋਂ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ। ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਦੁਹਰਾਉਂਦਿਆਂ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਯੋਗ ਅਗਵਾਈ ਹੇਠ, ਪੰਜਾਬ ਉਦਯੋਗਿਕ ਵਿਕਾਸ ਅਤੇ ਸੂਬੇ ਵਿੱਚ ਨਵੇਂ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਲਈ ਇੱਕ ਕਾਰੋਬਾਰ-ਪੱਖੀ ਵਾਤਾਵਰਣ, ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਅਤੇ ਨੀਤੀਗਤ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ। ਇਸ ਦੌਰੇ ਦੌਰਾਨ ਪੀਆਰਟੀਸੀ ਦੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਐਸਡੀਐਮ ਨਮਨ, ਜੀਐਮ ਡੀਆਈਸੀ ਅਰਸ਼ਦੀਪ, ਈਓ ਅਵਤਾਰ ਅਤੇ ਸ੍ਰੀਮਤੀ ਬੈਕਟਰਸ ਫੂਡ ਸਪੈਸ਼ਲਿਟੀਜ਼ ਦੇ ਸੀਨੀਅਰ ਪ੍ਰਬੰਧਕੀ ਅਧਿਕਾਰੀ ਵੀ ਮੌਜੂਦ ਸਨ।

# ਪੰਜਾਬ ਵਿੱਚ ਨਿਵੇਸ਼ ਦੀ ਰਫ਼ਤਾਰ ਜਾਰੀ: ਅੰਮ੍ਰਿਤਸਰ ਲਈ 400 ਕਰੋੜ ਰੁਪਏ ਦੇ ਟ੍ਰਾਈਡੈਂਟ ਹੋਟਲ ਪ੍ਰੋਜੈਕਟ ਦਾ ਐਲਾਨ : ਸੰਜੀਵ ਅਰੋੜਾ

**ਚੰਡੀਗੜ੍ਹ/ਬਿਊਰੋ**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਅੱਜ ਇਥੇ ਦੱਸਿਆ ਕਿ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨੇ ਅੰਮ੍ਰਿਤਸਰ ਵਿੱਚ ਇੱਕ ਵਿਸ਼ਵ ਪੱਧਰੀ ਪ੍ਰਾਹੁਣਚਾਰੀ ਪ੍ਰੋਜੈਕਟ ਦੇ ਵਿਕਾਸ ਲਈ ਐਮ.ਓ.ਯੂ. 'ਤੇ ਹਸਤਾਖਰ ਕੀਤੇ ਹਨ, ਜੋ ਪੰਜਾਬ ਦੇ ਸੈਰ-ਸਪਾਟਾ ਅਤੇ ਪ੍ਰਾਹੁਣਚਾਰੀ ਖੇਤਰ ਨੂੰ ਵੱਡਾ ਹੁਲਾਰਾ ਦੇਵੇਗਾ। ਇਸ ਸਮਝੌਤੇ 'ਤੇ ਦੋਵਾਂ ਧਿਰਾਂ ਦੇ ਸੀਨੀਅਰ ਪ੍ਰਤੀਨਿਧੀਆਂ ਦੀ ਮੌਜੂਦਗੀ ਵਿੱਚ ਹਸਤਾਖਰ ਕੀਤੇ ਗਏ, ਜਿਨ੍ਹਾਂ ਵਿੱਚ ਕਾਰਪੋਰੇਟ ਅਤੇ ਕਾਨੂੰਨੀ ਮਾਮਲੇ, ਓਬਰਾਏ ਗਰੁੱਪ ਦੇ ਪ੍ਰਧਾਨ ਸ੍ਰੀ ਆਰ. ਸ਼ੰਕਰ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਡਾ. ਸ਼ਾਹਬਾਜ਼ ਸਿੰਘ, ਡਾ. ਅਵਤਾਰ ਸਿੰਘ ਅਤੇ ਡਾ. ਅਮਨਦੀਪ ਕੌਰ ਸ਼ਾਮਲ ਸਨ। ਸਮਝੌਤੇ 'ਤੇ ਹਸਤਾਖਰ ਸਬੰਧੀ ਰੱਖੇ ਇਸ ਸਮਾਰੋਹ ਵਿੱਚ ਪ੍ਰਸ਼ਾਸਕੀ ਸਕੱਤਰ, ਉਦਯੋਗ ਅਤੇ ਵਣਜ, ਪੰਜਾਬ ਸ. ਗੁਰਕਿਰਤ ਕਿਰਪਾਲ ਸਿੰਘ ਨੇ ਵੀ ਸ਼ਿਰਕਤ ਕੀਤੀ। ਉਨ੍ਹਾਂ ਦੱਸਿਆ ਕਿ ਆਉਣ ਵਾਲਾ 150 ਕਮਰਿਆਂ ਵਾਲਾ ਪ੍ਰੋਜੈਕਟ ਓਬਰਾਏ ਗਰੁੱਪ ਦੇ ਟ?ਰਾਈਡੈਂਟ ਬ੍ਰਾਂਡ ਤਹਿਤ ਵਿਕਸਤ ਕੀਤਾ ਜਾਵੇਗਾ ਅਤੇ ਇਹ ਅੰਮ੍ਰਿਤਸਰ-ਤਰਨ ਤਾਰਨ ਰੋਡ ਉੱਪਰ ਸ੍ਰੀ ਹਰਿਮੰਦਰ ਸਾਹਿਬ ਤੋਂ ਲਗਭਗ 3 ਕਿਲੋਮੀਟਰ ਦੀ ਦੂਰੀ 'ਤੇ ਹੋਵੇਗਾ। ਉਨ੍ਹਾਂ ਦੱਸਿਆ ਕਿ 3 ਏਕੜ ਵਿੱਚ ਫੈਲੇ ਇਸ ਪ੍ਰੋਜੈਕਟ ਵਿੱਚ ਲਗਭਗ 400 ਕਰੋੜ ਰੁਪਏ ਦਾ ਨਿਵੇਸ਼ ਸ਼ਾਮਲ ਹੈ ਅਤੇ ਇਸ ਨਾਲ ਅੰਮ੍ਰਿਤਸਰ ਦੇ ਪ੍ਰੀਮੀਅਮ ਪ੍ਰਾਹੁਣਚਾਰੀ ਬੁਨਿਆਦੀ ਢਾਂਚੇ ਨੂੰ ਵੱਡੀ ਮਜ਼ਬੂਤੀ ਮਿਲਣ ਦੀ ਉਮੀਦ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਲਗਭਗ 350 ਵਿਅਕਤੀਆਂ ਲਈ ਰੋਜ਼ਗਾਰ ਪੈਦਾ ਹੋਣ ਦੀ ਉਮੀਦ ਹੈ, ਜਿਸ ਨਾਲ ਸਥਾਨਕ ਆਰਥਿਕ ਗਤੀਵਿਧੀਆਂ ਅਤੇ ਰੋਜ਼ਗਾਰ ਉੱਪਤਰੀ ਨੂੰ ਹੋਰ ਹੁਲਾਰਾ ਮਿਲੇਗਾ। ਹੋਰ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਪ੍ਰਾਹੁਣਚਾਰੀ ਪ੍ਰੋਜੈਕਟ ਓਬਰਾਏ ਗਰੁੱਪ ਅਤੇ ਸਪ੍ਰਿੰਗਐਜ ਸਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਦਰਮਿਆਨ ਸਾਂਝੇ ਸਹਿਯੋਗ ਤਹਿਤ ਵਿਕਸਤ ਕੀਤਾ ਜਾਵੇਗਾ, ਜੋ ਓਬਰਾਏ ਗਰੁੱਪ ਦੀ ਲਗਜ਼ਰੀ ਪ੍ਰਾਹੁਣਚਾਰੀ ਵਿੱਚ ਵਿਸ਼ਵ ਪੱਧਰ ਤੱਕ ਮੰਨੀ-ਪ੍ਰਮੰਨੀ ਮੁਹਾਰਤ ਅਤੇ ਸਪ੍ਰਿੰਗਐਜ ਦੀ ਮਜ਼ਬੂਤ ਸਥਾਨਕ



ਮੌਜੂਦਗੀ ਨੂੰ ਇਕੱਠਾ ਕਰੇਗਾ। ਜ਼ਿਕਰਯੋਗ ਹੈ ਕਿ ਇਹ 'ਟਰਾਈਡੈਂਟ' ਬ੍ਰਾਂਡ ਤਹਿਤ ਪੰਜਾਬ ਵਿੱਚ ਪਹਿਲਾ ਹੋਟਲ ਹੋਵੇਗਾ। ਇਸ ਸਮੇਂ ਭਾਰਤ ਭਰ ਵਿੱਚ ਟਰਾਈਡੈਂਟ ਬ੍ਰਾਂਡ ਤਹਿਤ 9 ਹੋਟਲ ਚੱਲ ਰਹੇ ਹਨ। ਇਸ ਸਮੇਂ ਓਬਰਾਏ ਗਰੁੱਪ ਦੇ ਦੇਸ਼ ਭਰ ਵਿੱਚ 32 ਹੋਟਲ ਚੱਲ ਰਹੇ ਹਨ ਅਤੇ 10 ਹੋਰ ਪ੍ਰਗਤੀ ਅਧੀਨ ਹਨ। ਪੰਜਾਬ ਵਿੱਚ ਇਹ ਗਰੁੱਪ ਪਹਿਲਾਂ ਹੀ ਓਬਰਾਏ ਬ੍ਰਾਂਡ ਤਹਿਤ ਨਿਊ ਚੰਡੀਗੜ੍ਹ ਵਿਖੇ ਓਬਰਾਏ ਸੁਖਵਿਲਾਸ ਸਪਾ ਰਿਜ਼ੋਰਟ ਚਲਾ ਰਿਹਾ ਹੈ। ਇਸ ਸਭ ਨੂੰ ਧਿਆਨ ਵਿੱਚ ਰੱਖਦਿਆਂ ਅੰਮ੍ਰਿਤਸਰ ਪ੍ਰੋਜੈਕਟ ਵੀ ਵਧੇਰੇ ਮਹੱਤਵਪੂਰਨ ਹੈ ਕਿਉਂਕਿ ਇਸਨੂੰ ਪੰਜਾਬ ਵਿੱਚ ਟ?ਰਾਈਡੈਂਟ ਬ੍ਰਾਂਡ ਤਹਿਤ ਇਸ ਪੱਧਰ ਦਾ ਪਹਿਲਾ ਗ੍ਰੀਨਫੀਲਡ ਪ੍ਰੋਜੈਕਟ ਦੱਸਿਆ ਜਾ ਰਿਹਾ ਹੈ। ਇਸ ਪ੍ਰੋਜੈਕਟ 'ਤੇ ਕੰਮ ਜੁਲਾਈ 2026 ਵਿੱਚ ਸ਼ੁਰੂ ਹੋਣ ਦੀ ਉਮੀਦ ਹੈ, ਜਿਸ ਨੂੰ ਮਾਰਚ 2029 ਤੱਕ ਪੂਰਾ ਕਰਨ ਦਾ ਟੀਚਾ ਹੈ। ਪੰਜਾਬ ਸਰਕਾਰ ਨੇ ਇਨਵੈਸਟ ਪੰਜਾਬ ਰਾਹੀਂ ਇਸ ਸਹਿਯੋਗ ਨੂੰ ਵਧੇਰੇ ਸੁਚਾਰੂ ਬਣਾਉਣ ਵਿੱਚ ਸਰਗਰਮ ਭੂਮਿਕਾ ਨਿਭਾਈ ਹੈ। ਇਨਵੈਸਟ ਪੰਜਾਬ ਡੇਢ ਸਾਲ ਤੋਂ ਵੱਧ ਸਮੇਂ ਤੋਂ ਦੋਵਾਂ ਧਿਰਾਂ ਨਾਲ ਨੇੜਿਓਂ ਜੁੜੇ ਕੇ ਉਨ੍ਹਾਂ ਨੂੰ ਇਕੱਠੇ ਲਿਆਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਸੀ, ਜੋ ਕਿ ਉੱਚ-ਮੁੱਲ ਵਾਲੇ ਨਿਵੇਸ਼ਾਂ ਨੂੰ ਆਕਰਸ਼ਿਤ ਕਰਨ ਸਬੰਧੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਦਯੋਗ ਖੇਤਰ ਵਿੱਚ ਪੰਜਾਬ ਦੀ ਲਗਾਤਾਰ ਵਧ ਰਹੀ ਰਫ਼ਤਾਰ ਨੂੰ ਉਜਾਗਰ ਕਰਦਿਆਂ ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਸੂਬੇ ਨੇ ਸਾਲ 2025-26 ਵਿੱਚ 59,448 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਕਿ ਰਾਜ ਦੇ ਇਤਿਹਾਸ ਵਿੱਚ ਸਭ ਤੋਂ ਵੱਧ ਹੈ, ਜਿਸ ਨਾਲ 1,33,221 ਨੌਕਰੀਆਂ ਪੈਦਾ ਹੋਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਪੰਜਾਬ ਨੇ 1 ਅਪ੍ਰੈਲ, 2022 ਤੋਂ 5,57,664 ਨੌਕਰੀਆਂ ਦੀ ਸੰਭਾਵਨਾ ਵਾਲੇ 1,59,947 ਕਰੋੜ ਦੇ ਨਿਵੇਸ਼ ਆਕਰਸ਼ਿਤ ਕੀਤੇ ਹਨ, ਜੋ ਰਾਜ ਵਿੱਚ ਨਿਵੇਸ਼ਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਹ ਸਹਿਯੋਗ ਪੰਜਾਬ ਦੇ ਉੱਚ-ਪੱਧਰੀ ਸੈਰ-ਸਪਾਟਾ, ਪ੍ਰਾਹੁਣਚਾਰੀ ਅਤੇ ਨਿਵੇਸ਼ ਲਈ ਇੱਕ ਪਸੰਦੀਦਾ ਸਥਾਨ ਬਣਨ ਦੇ ਸਫ਼ਰ ਵਿੱਚ ਇੱਕ ਨਵਾਂ ਮੀਲ ਪੱਥਰ ਹੈ, ਜੋ ਇੱਕ ਵਿਸ਼ਵਵਿਆਪੀ ਸੱਭਿਆਚਾਰਕ ਅਤੇ ਅਧਿਆਤਮਿਕ ਕੇਂਦਰ ਵਜੋਂ ਪਵਿੱਤਰ ਸ਼ਹਿਰ ਅੰਮ੍ਰਿਤਸਰ ਦੀ ਸਥਿਤੀ ਨੂੰ ਵੀ ਹੋਰ ਮਜ਼ਬੂਤ ਕਰੇਗਾ।

●----- ਸਫ਼ਾ 1 ਦਾ ਬਾਕੀ -----●

## ਦੁਨੀਆਂ ਭਰ 'ਚ ਪੈਟਰੋਲ ਅਤੇ ਡੀਜ਼ਲ ਸੰਕਟ...

ਨਾਗਰਿਕਾਂ ਨੂੰ ਇੱਕਜੁੱਟ ਰਹਿਣ ਅਤੇ ਇਸ ਚੁਣੌਤੀ ਦਾ ਸਾਹਮਣਾ ਕਰਨ ਦੀ ਅਪੀਲ ਕਰਦਾ ਹਾਂ। ਜੋ ਲੋਕ ਇਸ ਮੁੱਦੇ ਦਾ ਰਾਜਨੀਤੀਕਰਨ ਕਰ ਰਹੇ ਹਨ, ਉਨ੍ਹਾਂ ਨੂੰ ਅਜਿਹਾ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਕਿਉਂਕਿ ਇਹ 1.4 ਅਰਬ ਨਾਗਰਿਕਾਂ ਦੇ ਹਿੱਤਾਂ ਨਾਲ ਸਬੰਧਿਤ ਹੈ।

ਸਵਾਰਥੀ ਰਾਜਨੀਤੀ ਲਈ ਕੋਈ ਜਗ੍ਹਾ ਨਹੀਂ ਹੈ। ਜੋ ਲੋਕ ਅਫਵਾਹਾਂ ਫੈਲਾ ਰਹੇ ਹਨ, ਉਹ ਦੇਸ਼ ਨੂੰ ਬਹੁਤ ਨੁਕਸਾਨ ਪਹੁੰਚਾ ਰਹੇ ਹਨ। ਇਸ ਲਈ ਮੈਂ ਸਾਰਿਆਂ ਨੂੰ ਅਪੀਲ ਕਰਦਾ ਹਾਂ ਕਿ ਉਹ ਚੌਕਸ ਰਹਿਣ ਅਤੇ ਗਲਤ ਜਾਣਕਾਰੀ ਤੋਂ ਗੁੰਮਰਾਹ ਨਾ ਹੋਣ।' ਪ੍ਰਧਾਨ ਮੰਤਰੀ ਮੋਦੀ ਨੇ ਕ੍ਰਿਕਟ ਬਾਰੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ, 'ਇਹ ਮਹੀਨਾ ਦੇਸ਼ ਭਰ ਦੇ ਕ੍ਰਿਕਟ ਪ੍ਰਸ਼ੰਸਕਾਂ ਲਈ ਬਹੁਤ ਹੀ ਰੋਮਾਂਚਿਕ ਰਿਹਾ ਹੈ। ਟੀ-20 ਵਿਸ਼ਵ ਕੱਪ ਵਿੱਚ ਭਾਰਤ ਦੀ ਇਤਿਹਾਸਿਕ ਜਿੱਤ ਨੇ ਪੂਰੇ ਦੇਸ਼ ਨੂੰ ਖੁਸ਼ੀ ਨਾਲ ਭਰ ਦਿੱਤਾ ਹੈ। ਸਾਨੂੰ ਆਪਣੀ ਟੀਮ ਦੀ ਸ਼ਾਨਦਾਰ ਸਫਲਤਾ 'ਤੇ ਮਾਣ ਹੈ। ਤੁਹਾਡੇ ਵਿੱਚੋਂ ਬਹੁਤ ਸਾਰੇ ਲੋਕਾਂ ਨੇ ਇੰਸਟਾਗ੍ਰਾਮ 'ਤੇ ਯੁਵਰਾਜ ਦੀ ਪੋਸਟ 'ਤੇ ਮੇਰੇ ਜਵਾਬ 'ਤੇ ਟਿੱਪਣੀ ਕੀਤੀ। ਯੁਵਰਾਜ ਨੇ ਮੈਨੂੰ ਬੇਨਤੀ ਕੀਤੀ ਸੀ ਕਿ ਮੈਂ ਉਨ੍ਹਾਂ ਦੇ ਪਿਤਾ ਨੂੰ ਖੰਡ ਦੀ ਮਾਤਰਾ ਘਟਾਉਣ ਲਈ ਕਹਾਂ। ਮੈਨੂੰ ਖੁਸ਼ੀ ਹੈ ਕਿ ਮੇਰੀ ਬੇਨਤੀ ਦਾ ਸਕਾਰਾਤਮਕ ਪ੍ਰਭਾਵ ਪਿਆ। ਮੈਂ ਸਾਰਿਆਂ ਨੂੰ ਆਪਣੀ ਖੰਡ ਦੀ ਮਾਤਰਾ ਘਟਾਉਣ ਦੀ ਵੀ ਅਪੀਲ ਕਰਾਂਗਾ।'

## ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੂੰ 7...

ਅਨੁਸਾਰ, ਪਠਾਨਮਾਜਰਾ ਨੂੰ ਹਾਲ ਹੀ ਵਿੱਚ ਪਟਿਆਲਾ ਪੁਲਿਸ ਵੱਲੋਂ ਮੱਧ ਪ੍ਰਦੇਸ਼ ਦੇ ਗਵਾਲੀਅਰ ਇਲਾਕੇ ਦੇ ਨੇੜੇ ਤੋਂ ਕਾਬੂ ਕੀਤਾ ਗਿਆ ਸੀ। ਇਹ ਕਾਰਵਾਈ ਉਸ ਸਮੇਂ ਕੀਤੀ ਗਈ ਜਦੋਂ ਉਹ ਕਾਫ਼ੀ ਸਮੇਂ ਤੋਂ ਪੁਲਿਸ ਦੀ ਪਹੁੰਚ ਤੋਂ ਬਾਹਰ ਸੀ। ਇਸ ਮਾਮਲੇ ਦੀ ਸ਼ੁਰੂਆਤ 1 ਸਤੰਬਰ 2025 ਨੂੰ ਹੋਈ ਸੀ, ਜਦੋਂ ਜ਼ੀਰਕਪੁਰ ਦੀ ਇੱਕ ਔਰਤ ਨੇ ਪਟਿਆਲਾ ਦੇ ਸਿਵਲ ਲਾਈਨਜ਼ ਥਾਣੇ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ। ਉਸ ਨੇ ਆਪਣੇ ਬਿਆਨ ਵਿੱਚ ਦੱਸਿਆ ਸੀ ਕਿ ਵਿਧਾਇਕ ਨੇ ਉਸ ਨਾਲ ਜਬਰ ਜਨਾਹ ਕੀਤਾ ਅਤੇ ਉਸ ਨੂੰ ਧਮਕੀਆਂ ਵੀ ਦਿੱਤੀਆਂ।

## ਹਲਵਾਰਾ ਏਅਰਪੋਰਟ ਤੋਂ ਮਈ ਦੇ ਅੱਧ...

ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਅੱਜ ਇਸ ਦਾ ਰਸਮੀ ਐਲਾਨ ਕਰਦਿਆਂ ਕਿਹਾ, "ਇਹ ਪੰਜਾਬ ਲਈ ਮਾਣ ਵਾਲੀ ਗੱਲ ਹੈ। ਹਲਵਾਰਾ ਏਅਰਪੋਰਟ ਤੋਂ ਉਡਾਨਾਂ ਦੀ ਬੁਕਿੰਗ ਅਪਰੈਲ ਵਿੱਚ ਸ਼ੁਰੂ ਹੋਵੇਗੀ ਅਤੇ ਪਹਿਲੀ ਉਡਾਣ 10 ਤੋਂ 15 ਮਈ ਦੇ ਵਿਚਕਾਰ ਸ਼ੁਰੂ ਹੋਣ ਦੀ ਉਮੀਦ ਹੈ। ਉਨ੍ਹਾਂ ਦੱਸਿਆ ਕਿ ਸ਼ੁਰੂਆਤ ਵਿੱਚ ਦਿੱਲੀ ਅਤੇ ਹਲਵਾਰਾ ਦਰਮਿਆਨ ਰੋਜ਼ਾਨਾ ਦੋ ਉਡਾਣਾਂ (ਇੱਕ ਸਵੇਰੇ ਅਤੇ ਇੱਕ ਦੁਪਹਿਰ) ਚੱਲਣਗੀਆਂ, ਜਿਸ ਲਈ 180 ਸੀਟਾਂ ਵਾਲੇ ਏ-320 (1320) ਇਕਾਨਮੀ ਜਹਾਜ਼ ਦੀ ਵਰਤੋਂ ਕੀਤੀ ਜਾਵੇਗੀ। ਬਿੱਟੂ ਨੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਨਾਲ ਸੂਬੇ ਵਿੱਚ ਯਾਤਰਾ, ਵਪਾਰ ਅਤੇ ਆਰਥਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਮੰਤਰੀ ਨੇ ਸਪਸ਼ਟ ਕੀਤਾ ਕਿ ਉਡਾਣਾਂ ਸ਼ੁਰੂ ਕਰਨ ਲਈ 45 ਦਿਨ ਪਹਿਲਾਂ ਬੁਕਿੰਗ ਸ਼ੁਰੂ ਕਰਨੀ ਲਾਜ਼ਮੀ ਹੁੰਦੀ ਹੈ ਅਤੇ ਸਾਰੀਆਂ ਜ਼ਰੂਰੀ ਮਨਜ਼ੂਰੀਆਂ ਲਈਆਂ ਜਾ ਚੁੱਕੀਆਂ ਹਨ।

## ਅੰਮ੍ਰਿਤਸਰ ਵਿੱਚ ਗੋਲਡੀ ਢਿੱਲੋਂ ਮਾਡਿਊਲ...

ਬਰਾਮਦ ਕੀਤੇ ਗਏ ਕਿੱਟ ਬੈਗ ਦੀ ਤਲਾਸ਼ੀ ਲੈਣ 'ਤੇ ਦੋ ਗੈਰ-ਕਾਨੂੰਨੀ 9 ਐਮਐਮ ਸਬ-ਮਸ਼ੀਨ ਗਨਾਂ ਅਤੇ ਇੱਕ ਖਾਲੀ ਮੈਗਜ਼ੀਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਗੈਂਗਸਟਰ ਗੁਰਪ੍ਰੀਤ ਸਿੰਘ ਉਰਫ਼ ਗੋਲਡੀ ਢਿੱਲੋਂ ਕਤਲ, ਡਕੈਤੀ, ਇਰਾਦਾ ਕਤਲ, ਅਗਵਾ, ਦੰਗਾ, ਜਬਰੀ ਵਸੂਲੀ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਸਪਲਾਈ ਸਮੇਤ ਕਈ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਹੈ। ਪੁਲਿਸ ਟੀਮਾਂ ਨੇ ਗੁਰਪ੍ਰੀਤ ਉਰਫ਼ ਗੋਲਡੀ ਢਿੱਲੋਂ ਅਤੇ ਉਸਦੇ ਤਿੰਨ ਸਾਥੀਆਂ ਨੂੰ ਨਾਮਜ਼ਦ ਕਰ ਲਿਆ ਹੈ ਅਤੇ ਫਰਾਰ ਮੋਟਰਸਾਈਕਲ ਸਵਾਰ ਵਿਅਕਤੀਆਂ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

## ਜਸਟਿਸ ਸ੍ਰੀ ਦੀਪਕ ਮਨਚੰਦਾ, ਪੰਜਾਬ ਅਤੇ...

ਰਾਜਬੀਰ ਕੌਰ ਵਧੀਕ ਸਿਵਲ ਜੱਜ (ਸੀਨੀ ਡਵੀ), ਮਿਸ ਜਸਕਿਰਨ ਸੋਂਧ ਜੁਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ, ਮਿਸ ਅਸਮਿਤਾ ਰੋਮਾਨਾ ਜੁਡੀਸ਼ੀਅਲ ਮੈਜਿਸਟ੍ਰੇਟ ਦਰਜਾ ਪਹਿਲਾ ਵੀ ਮੌਜੂਦ ਸਨ।

ਇਸ ਤੋਂ ਇਲਾਵਾ ਸ੍ਰੀ ਯੋਗੇਸ਼ ਕਸ਼ਰੀਜਾ, ਜਿਲ੍ਹਾ ਅਟਾਰਨੀ ਸਮੇਤ ਸਰਕਾਰੀ ਵਕੀਲ ਸਾਹਿਬਾਨ, ਸ੍ਰੀ ਰਾਜਿੰਦਰਪਾਲ ਸ਼ਰਮਾ ਚੀਫ ਲੀਗਲ ਏਡ ਡੀਫੈਂਸ ਕੌਂਸਲ ਸਮੇਤ ਸਟਾਫ ਮੌਜੂਦ ਸਨ। ਮਾਨਯੋਗ ਜਸਟਿਸ ਵੱਲੋਂ ਚੀਫ ਡਿਫੈਂਸ ਕੌਂਸਲ ਦੇ ਦਫਤਰ, ਪਰਮਾਨੈਂਟ ਲੋਕ ਅਦਾਲਤ, ਮੀਡੀਏਸ਼ਨ ਸੈਂਟਰ ਅਤੇ ਫਰੰਟ ਆਫਿਸ ਦਾ ਵੀ ਨਿਰੀਖਣ ਕੀਤਾ ਗਿਆ ਅਤੇ ਉਹਨਾਂ ਵੱਲੋਂ ਕਾਨੂੰਨੀ ਸਹਾਇਤਾ ਸਕੀਮਾਂ ਉਪਰ ਤਸੱਲੀ ਪ੍ਰਗਟ ਕੀਤੀ।

## ਬਰਨਾਲਾ 'ਚ ਢਹਿ-ਢੇਰੀ ਹੋਇਆ ਜੈੱਕ ਨਾਲ...

ਹਾਦਸੇ ਦੇ ਵੇਲੇ ਮਕਾਨ ਵਿੱਚ ਕੰਮ ਕਰਨ ਵਾਲੇ 3 ਮਜ਼ਦੂਰ ਸੋ ਰਹੇ ਸਨ। ਉਹ ਮਲਬੇ ਹੇਠਾਂ ਦਬ ਗਏ। ਮਕਾਨ ਡਿੱਗਣ ਕਾਰਨ ਜ਼ੋਰਦਾਰ ਅਵਾਜ ਹੋਈ ਅਤੇ ਮੌਕੇ 'ਤੇ ਇੱਕ ਸ਼ਖ਼ਸ ਉਥੇ ਮੌਜੂਦ ਸੀ। ਉਸ ਨੇ ਨੇੜਲੇ ਲੋਕਾਂ ਨੂੰ ਇੱਕਠਾ ਮੌਜੂਦ ਕੀਤਾ ਅਤੇ ਘਟਨਾ ਬਾਰੇ ਦੱਸਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਤੁਰੰਤ ਗੁਰਦੁਆਰਾ ਸਾਹਿਬ ਵਿੱਚ ਅਨਾਉਂਸਮੈਂਟ ਕਰ ਮਦਦ ਮੰਗੀ। ਇਸ ਤੋਂ ਬਾਅਦ ਸਥਾਨਕ ਲੋਕਾਂ ਨੇ ਰੈਸ਼ਕਿਊ ਆਪ੍ਰੇਸ਼ਨ ਸ਼ੁਰੂ ਕਰ ਦਿੱਤਾ। ਸਥਾਨਕ ਲੋਕਾਂ ਨੇ ਖੁਦ ਮਲਬਾ ਹਟਾਉਣਾ ਸ਼ੁਰੂ ਕਰ ਦਿੱਤਾ ਅਤੇ ਪੁਲਿਸ ਨੂੰ ਇਸ ਹਾਦਸੇ ਬਾਰੇ ਸੂਚਿਤ ਕਰ ਦਿੱਤਾ। ਘਟਨਾ ਦੀ ਜਾਣਕਾਰੀ ਮਿਲਦਿਆਂ ਹੀ ਸਦਰ ਥਾਣੇ ਦੀ ਪੁਲਿਸ ਮੌਕੇ 'ਤੇ ਪਹੁੰਚ ਗਈ। ਜਿਸ ਤੋਂ ਬਾਅਦ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਮਲਬਾ ਹਟਾਉਣ ਦੇ ਲਈ ਜੇਸੀਬੀ ਲਗਾਈ। ਜਿਸ ਦੀ ਮਦਦ ਨਾਲ ਤਿੰਨ ਲੋਕਾਂ ਦੀ ਨੂੰ ਬਾਹਰ ਕੱਢਿਆ ਗਿਆ। ਜਿਨ੍ਹਾਂ ਨੂੰ ਹਸਪਤਾਲ ਪਹੁੰਚਿਆ ਗਿਆ। ਜਿੱਥੇ ਡਾਕਟਰ ਨੇ ਉਨ੍ਹਾਂ ਦੀ ਮੌਤ ਦੀ ਪੁਸ਼ਟੀ ਕਰ ਦਿੱਤੀ ਹੈ। ਡੀਐੱਸਪੀ ਬਰਨਾਲਾ ਸਤਬੀਰ ਸਿੰਘ ਨੇ ਦੱਸਿਆ ਕਿ ਅੱਜ ਪਿੰਡ ਫਰਵਾਹੀ ਵਿੱਚ ਮਕਾਨ ਦੀ ਮੁਰੰਮਤ ਦੌਰਾਨ ਢਹਿ-ਢੇਰੀ ਹੋ ਗਇਆ। ਇਸ ਮੁਰੰਮਤ ਦਾ ਕੰਮ ਮੋਗਾ ਦੇ ਰਹਿਣ ਵਾਲੇ ਰਣਜੀਤ ਸਿੰਘ ਠੇਕੇਦਾਰ ਵੱਲੋਂ ਕੀਤਾ ਜਾ ਰਿਹਾ ਸੀ। ਮਕਾਨ ਦੀ ਮੁਰੰਮਤ ਦੇ ਲਈ 4 ਨੌਜਵਾਨ ਬੌਬੀ ਸਿੰਘ, ਪ੍ਰਿੰਸ, ਗੁਰਜੀਤ ਸਿੰਘ ਅਤੇ ਇੱਕ ਹੋਰ ਸ਼ਖ਼ਸ ਕੰਮ ਲਈ ਲੱਗੇ ਹੋਏ ਸਨ। ਇਹ ਸਾਰੇ ਮੋਗਾ ਦੇ ਰਹਿਣ ਵਾਲੇ ਸਨ। ਇਸ ਹਾਦਸੇ ਵਿੱਚ ਤਿੰਨ ਮਜ਼ਦੂਰਾਂ ਦੀ ਮੌਤ ਹੋਈ ਹੈ। ਜਿਨ੍ਹਾਂ ਦੀ ਮ੍ਰਿਤਕ ਦੇਹ ਨੂੰ ਸਿਵਲ ਹਸਪਤਾਲ ਬਰਨਾਲਾ ਰੱਖਿਆ ਗਿਆ ਹੈ।

## ਕੁਝ ਮੌਕਾਪ੍ਰਸਤ ਸਿਰਫ਼ ਓਹੀ ਦੁਹਰਾ ਰਹੇ ਹਨ...

23 ਮਈ, 2025: ਮੁੱਖ ਮੰਤਰੀ ਭਗਵੰਤ ਮਾਨ ਨੇ ਸਿਵਲ ਏਅਰ ਟਰਮੀਨਲ ਨੂੰ ਚਾਲੂ ਕਰਨ ਅਤੇ ਉਡਾਣਾਂ ਨੂੰ ਸਾਹਨੇਵਾਲ ਤੋਂ ਹਲਵਾਰਾ ਵਿੱਚ ਤਬਦੀਲ ਕਰਨ ਲਈ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੂੰ ਬੇਨਤੀ ਕੀਤੀ, ਜੂਨ 2025: ਢਾਂਚਾਗਤ ਕੰਮ ਪੂਰੇ ਹੋਏ; 2,000-ਵਰਗ-ਮੀਟਰ ਟਰਮੀਨਲ ਇਮਾਰਤ ਦੀ ਅੰਦਰੂਨੀ ਫਿਨਿਸ਼ਿੰਗ ਅਤੇ ਸ਼ੀਸ਼ੇ ਦੇ ਸਾਹਮਣੇ ਵਾਲੇ ਪਾਸੇ ਦੀ ਸਥਾਪਨਾ ਸਮਾਪਤ ਹੋਈ, 27 ਜੁਲਾਈ, 2025: ਮਾਨਯੋਗ ਪ੍ਰਧਾਨ ਮੰਤਰੀ ਦੁਆਰਾ ਪਹਿਲਾ ਨਿਰਧਾਰਤ ਵਰਚੁਅਲ ਉਦਘਾਟਨ ਤਕਨੀਕੀ ਦੇਰੀ ਕਾਰਨ ਮੁਲਤਵੀ ਕਰ ਦਿੱਤਾ ਗਿਆ, 2 ਦਸੰਬਰ, 2025: ਸੰਸਦ ਮੈਂਬਰ ਸ਼?ਰੀ ਰਾਜਿੰਦਰ ਗੁਪਤਾ ਨੇ ਰਾਜ ਸਭਾ ਵਿੱਚ 2,500 ਰੋਜ਼ਾਨਾ ਯਾਤਰੀਆਂ ਦੀ ਸਮਰੱਥਾ ਦਾ ਹਵਾਲਾ ਦਿੰਦੇ ਹੋਏ, ਕਾਰਜਸ਼ੀਲਤਾ ਨੂੰ ਤੇਜ਼ ਕਰਨ ਦੀ ਅਪੀਲ ਕੀਤੀ, 29 ਦਸੰਬਰ, 2025: ਏਅਰ ਇੰਡੀਆ ਨੇ ਹਫ਼ਤੇ ਵਿੱਚ ਪੰਜ ਦਿਨ ਚੱਲਣ ਵਾਲੇ ਹਵਾਈ ਅੱਡੇ ਨੂੰ ਮਨਜ਼ੂਰੀ ਦੇ ਦਿੱਤੀ ਅਤੇ ਵਾਧੂ ਸਲਾਟਾਂ ਦੀ ਮੰਗ ਕੀਤੀ, 15 ਜਨਵਰੀ, 2026: ਅੰਤਿਮ ਸੁਰੱਖਿਆ ਆਡਿਟ ਪੂਰਾ ਹੋਇਆ, ਬੀ.ਸੀ.ਏ.ਐਸ. ਨੇ ਸੰਚਾਲਨ ਪ੍ਰਵਾਨਗੀ ਦਿੱਤੀ, 28 ਜਨਵਰੀ, 2026: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਅਤੇ ਐਸ ਐਸ ਪੀ (ਦਿਹਾਤੀ) ਸ਼?ਰੀ ਅੰਕੁਰ ਗੁਪਤਾ ਦੁਆਰਾ ਅੰਤਿਮ ਸਾਈਟ ਨਿਰੀਖਣ ਕੀਤਾ ਗਿਆ, 29 ਜਨਵਰੀ, 2026: 1 ਫਰਵਰੀ ਨੂੰ ਉਦਘਾਟਨ ਲਈ ਪ੍ਰਧਾਨ ਮੰਤਰੀ ਦਫ਼ਤਰ ਤੋਂ ਅਧਿਕਾਰਤ ਪੁਸ਼ਟੀ ਪ੍ਰਾਪਤ ਹੋਈ।

ਏਅਰ ਇੰਡੀਆ ਨੇ ਹਫ਼ਤੇ ਵਿੱਚ ਸੱਤ ਦਿਨ ਚੱਲਣ ਵਾਲੇ ਫਲਾਈਟ ਸਲਾਟਾਂ ਦੀ ਬੇਨਤੀ ਕੀਤੀ, 1 ਫਰਵਰੀ, 2026: ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਟਰਮੀਨਲ ਇਮਾਰਤ ਦਾ ਵਰਚੁਅਲੀ ਉਦਘਾਟਨ ਕੀਤਾ, ਸ੍ਰੀ ਸੰਜੀਵ ਅਰੋੜਾ ਨੇ ਕਿਹਾ ਕਿ ਹਲਵਾਰਾ ਹਵਾਈ ਅੱਡੇ ਦੇ ਚਾਲੂ ਹੋਣ ਨਾਲ ਖੇਤਰੀ ਹਵਾਈ ਸੰਪਰਕ ਵਿੱਚ ਮਹੱਤਵਪੂਰਨ ਵਾਧਾ ਹੋਣ, ਉਦਯੋਗ ਅਤੇ ਯਾਤਰੀਆਂ ਲਈ ਯਾਤਰਾ ਦਾ ਸਮਾਂ ਘਟਾਉਣ ਅਤੇ ਪੰਜਾਬ ਦੇ ਉਦਯੋਗਿਕ, ਨਿਰਯਾਤ ਅਤੇ ਨਿਵੇਸ਼ ਵਾਤਾਵਰਣ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ-ਖਾਸ ਕਰਕੇ ਉਤਰੀ ਭਾਰਤ ਦੇ ਸਭ ਤੋਂ ਵੱਡੇ ਨਿਰਮਾਣ ਕੇਂਦਰਾਂ ਵਿੱਚੋਂ ਇੱਕ, ਲੁਧਿਆਣਾ ਨੂੰ ਲਾਭ ਪਹੁੰਚਾਉਣ ਲਈ, ਸ੍ਰੀ ਸੰਜੀਵ ਅਰੋੜਾ ਦੇ ਨਿਰੰਤਰ ਫਾਲੋ-ਅਪ, ਨੀਤੀਗਤ ਸ਼ਮੂਲੀਅਤ ਅਤੇ ਸਿਵਲ ਏਵੀਏਸ਼ਨ ਮੰਤਰਾਲੇ, ਏਅਰਪੋਰਟ ਅਥਾਰਟੀ ਆਫ਼ ਇੰਡੀਆ, ਏਅਰਲਾਈਨ ਆਪਰੇਟਰਾਂ ਅਤੇ ਪੰਜਾਬ ਸਰਕਾਰ ਨਾਲ ਤਾਲਮੇਲ ਨੇ ਇਹ ਯਕੀਨੀ ਬਣਾਇਆ ਕਿ ਲੰਬੇ ਸਮੇਂ ਤੋਂ ਲਟਕ ਰਹੇ ਪ੍ਰੋਜੈਕਟ ਨੂੰ ਅੰਤ ਵਿੱਚ ਸਫਲਤਾ ਮਿਲੀ।

# ਇਜ਼ਰਾਈਲ ਤੇ ਅਮਰੀਕਾ ਨਾਲ ਸੰਬਧਤ ਯੂਨੀਵਰਸਿਟੀਆਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ : ਇਰਾਨ

**ਤਹਿਰਾਨ/ਬਿਊਰੋ**

ਇਰਾਨ ਦੀ ਇਸਲਾਮਿਕ ਰਿਵੋਲਿਊਸ਼ਨਰੀ ਗਾਰਡ ਕੋਰ (ਆਈ ਆਰ ਜੀ ਸੀ) ਨੇ ਚਿਤਾਵਨੀ ਦਿੱਤੀ ਹੈ ਕਿ ਇੱਕ ਪ੍ਰਮੁੱਖ ਇਰਾਨੀ ਅਕਾਦਮਿਕ ਸੰਸਥਾ 'ਤੇ ਹੋਏ ਹਮਲਿਆਂ ਦੇ ਜਵਾਬ ਵਿੱਚ ਪੱਛਮੀ ਏਸ਼ੀਆ ਵਿੱਚ ਇਜ਼ਰਾਈਲ ਅਤੇ ਅਮਰੀਕਾ ਨਾਲ ਸਬੰਧਤ ਯੂਨੀਵਰਸਿਟੀਆਂ ਨੂੰ ਨਿਸ਼ਾਨਾ ਬਣਾਇਆ ਜਾਵੇਗਾ। ਉੱਧਰ ਪੱਛਮੀ ਏਸ਼ੀਆ ਵਿੱਚ ਚੱਲ ਰਹੀ ਜੰਗ ਹੁਣ ਹੋਰ ਵੀ ਗੰਭੀਰ ਰੂਪ ਧਾਰਨ ਕਰ ਗਈ ਹੈ ਕਿਉਂਕਿ ਯਮਨ ਦੇ ਹੂਤੀ ਬਾਗੀਆਂ ਨੇ ਪਹਿਲੀ ਵਾਰ ਸਿੱਧੇ ਤੌਰ 'ਤੇ ਇਜ਼ਰਾਈਲ 'ਤੇ ਮਿਜ਼ਾਈਲ ਹਮਲੇ ਕੀਤੇ ਹਨ। ਇਸ ਦੇ ਨਾਲ ਹੀ ਅਮਰੀਕਾ ਨੇ ਸਥਿਤੀ ਨੂੰ ਸੰਭਾਲਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਆਪਣੇ 'ਮਰੀਨ' (ਫੌਜੀ) ਖੇਤਰ ਵਿੱਚ ਭੇਜ ਦਿੱਤੇ ਹਨ, ਜਿਨ੍ਹਾਂ ਦੀ ਪਹਿਲੀ ਟੁਕੜੀ ਪਹੁੰਚ ਚੁੱਕੀ ਹੈ। ਵਾਸ਼ਿੰਗਟਨ ਪੋਸਟ ਮੁਤਾਬਕ ਅਮਰੀਕਾ ਆਉਣ ਵਾਲੇ ਹਫਤਿਆਂ ਵਿੱਚ ਇਰਾਨ ਵਿੱਚ ਜ਼ਮੀਨੀ ਕਾਰਵਾਈ ਦੀ ਤਿਆਰੀ ਕਰ ਰਿਹਾ ਹੈ। ਇਸ ਜੰਗ ਕਾਰਨ ਵਿਸ਼ਵ ਅਰਥਵਿਵਸਥਾ ਅਤੇ ਊਰਜਾ ਸਪਲਾਈ 'ਤੇ ਬੁਰਾ ਅਸਰ ਪੈ ਰਿਹਾ ਹੈ, ਜਦੋਂਕਿ ਇਜ਼ਰਾਈਲ ਵੱਲੋਂ ਲਗਾਤਾਰ ਇਰਾਨ ਅਤੇ ਲਿਬਨਾਨ ਵਿੱਚ ਸਰਕਾਰੀ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਦੂਜੇ ਪਾਸੇ, ਇਰਾਨ ਨੇ ਵੀ ਜਵਾਬੀ ਕਾਰਵਾਈ ਤੇਜ਼ ਕਰ ਦਿੱਤੀ ਹੈ। ਸਾਊਦੀ ਅਰਬ ਵਿੱਚ ਇੱਕ ਅਮਰੀਕੀ ਜੰਗੀ ਟਿਕਾਣੇ 'ਤੇ ਹੋਏ ਹਮਲੇ ਵਿੱਚ 12 ਅਮਰੀਕੀ ਸੈਨਿਕ ਜ਼ਖ਼ਮੀ ਹੋ ਗਏ ਹਨ। ਇਸ ਤੋਂ ਇਲਾਵਾ ਇਰਾਨ ਨੇ ਬਹਿਰੀਨ ਅਤੇ ਕੁਵੈਤ ਵਰਗੇ ਖਾੜੀ ਦੇਸ਼ਾਂ ਵਿੱਚ ਵੀ ਕਈ ਥਾਵਾਂ 'ਤੇ ਹਮਲੇ ਕੀਤੇ ਹਨ, ਜਿਸ ਨਾਲ ਪੂਰੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ।

# ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਨੇ ਸ਼ਰਧਾਲੂਆਂ ਦੀ 17ਵੀਂ ਬੱਸ ਨੂੰ ਕੀਤਾ ਰਵਾਨਾ



**ਲੁਧਿਆਣਾ/ਤਮੰਨਾ ਬੇਦੀ**

ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਲੁਧਿਆਣਾ ਦੱਖਣੀ ਤੋਂ ਖ਼ਾਸ ਕਰਕੇ ਬਜ਼ੁਰਗ ਸੰਗਤਾਂ ਲਈ 17ਵੀਂ ਬੱਸ ਨੂੰ ਅੱਜ ਸ਼ਰਧਾ ਅਤੇ ਉਤਸ਼ਾਹ ਦੇ ਮਾਹੌਲ ਵਿੱਚ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਨੇ ਕਿਹਾ ਕਿ ਪੰਜਾਬ ਸਰਕਾਰ ਹਮੇਸ਼ਾਂ ਹੀ ਲੋਕ-ਭਲਾਈ ਦੇ ਕੰਮਾਂ ਵਿੱਚ ਅੱਗੇ ਰਹੀ ਹੈ ਅਤੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਵੀ ਉਸੇ ਸੋਚ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਖ਼ਾਸ ਕਰਕੇ ਬਜ਼ੁਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ, ਜੋ ਉਨ੍ਹਾਂ ਲਈ ਬਹੁਤ ਖੁਸ਼ੀ ਅਤੇ ਆਤਮਿਕ ਸੰਤੁਸ਼ਟੀ ਦਾ ਕਾਰਨ ਬਣਦਾ ਹੈ। ਹਲਕਾ ਦੱਖਣੀ ਵਿਖੇ ਵਿਧਾਇਕ ਰਾਜਿੰਦਰ ਪਾਲ ਕੌਰ ਛੀਨਾ ਦੀ ਅਗਵਾਈ ਹੇਠ ਇਹ ਉਪਰਾਲਾ ਸਰਕਾਰ ਦੀ ਉਸ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜਿਸਦਾ ਮਕਸਦ ਹਰ ਵਰਗ ਤੱਕ ਸੁਵਿਧਾਵਾਂ ਪਹੁੰਚਾਉਣਾ ਅਤੇ ਖ਼ਾਸ ਕਰਕੇ ਬਜ਼ੁਰਗਾਂ ਨੂੰ ਸਨਮਾਨ ਦੇਣਾ ਹੈ। ਇਸ ਮੌਕੇ ਬਜ਼ੁਰਗ ਸੰਗਤਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਉਨ੍ਹਾਂ ਸਰਕਾਰ ਦੇ ਇਸ ਉਪਰਾਲੇ ਦੀ ਖੁੱਲ੍ਹ ਕੇ ਸ਼ਲਾਘਾ ਵੀ ਕੀਤੀ।

# ਖੁੱਡੀਆਂ ਵੱਲੋਂ ਸਰਾਵਾਂ ਬੋਦਲਾਂ ਸੀ.ਐਚ.ਸੀ ਵਿੱਚ ਮੈਡੀਕਲ ਕੈਂਪ ਅਤੇ ਲੈਬ ਦਾ ਉਦਘਾਟਨ

**ਮਲੋਟ/ਨਰਿੰਦਰ ਵਧਵਾ, ਪੂਰਨ ਪੱਕੀ**

ਲੰਬੀ ਹਲਕੇ ਦੇ ਪਿੰਡ ਸਰਾਵਾਂ ਬੋਦਲਾਂ ਵਿਖੇ ਸਥਿਤ ਸੀ.ਐਚ.ਸੀ. ਹਸਪਤਾਲ ਵਿੱਚ ਅੱਜ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਗਿਆ। ਇਸ ਮੌਕੇ 'ਤੇ ਕੈਬਿਨੇਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਵੱਲੋਂ ਮੈਡੀਕਲ ਕੈਂਪ ਅਤੇ ਨਵੀਂ ਲੈਬ ਦਾ ਉਦਘਾਟਨ ਕੀਤਾ ਗਿਆ।ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਹਸਪਤਾਲ ਵਿੱਚ ਨਵੀਂ ਐਕਸ-ਰੇ ਮਸ਼ੀਨ ਵੀ ਲਿਆਂਦੀ ਗਈ ਹੈ, ਜਿਸ ਨਾਲ ਮਰੀਜ਼ਾਂ ਨੂੰ ਤੁਰੰਤ ਅਤੇ ਬਿਹਤਰ ਸਹੂਲਤਾਂ ਪ੍ਰਾਪਤ ਹੋਣਗੀਆਂ। ਉਨ੍ਹਾਂ ਕਿਹਾ ਕਿ ਇਹ ਹਸਪਤਾਲ 25 ਬਿਸਤਰਿਆਂ ਦੀ ਸਮਰੱਥਾ ਵਾਲਾ ਹੈ, ਜੋ ਇਲਾਕੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਮਹਿਲਾਵਾਂ ਲਈ ਆਰਥਿਕ ਸਹਾਇਤਾ ਯੋਜਨਾ ਦੇ ਤਹਿਤ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ 1000 ਰੁਪਏ ਅਤੇ ਐਸ.ਸੀ. ਵਰਗ ਦੀਆਂ ਮਹਿਲਾਵਾਂ ਨੂੰ 1500 ਰੁਪਏ ਦੇਣ ਦਾ ਵਾਅਦਾ ਪੂਰਾ ਕੀਤਾ ਗਿਆ ਹੈ। ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਵਾਲੇ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਏ ਜਾ ਰਹੇ ਹਨ।ਅੰਤ ਵਿੱਚ, ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਹ ਤਰੱਕੀ ਜਾਰੀ ਰਹੇਗੀ।ਇਸ ਮੌਕੇ ਡਾ. ਸੁਨੀਲ ਬਾਂਸਲ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ, ਡਾ. ਸਿੰਪਲ ਕੁਮਾਰ ਐਸ.ਐਮ.ਓ ਆਲਮਵਾਲਾ, ਡਾ. ਅੰਮ੍ਰਿਤਪਾਲ ਕੌਰ ਐਸ. ਐਮ. ਓ ਸਰਾਂਵਾ ਬੋਦਲਾਂ, ਡਾ. ਰਾਜਿੰਦਰ ਕੁਮਾਰ ਐਸ. ਐਮ.ਓ ਮਲੋਟ, ਕਰਮਜੀਤ ਸਰਾਵਾਂ, ਸੋਨੂ ਸੰਧੂ ਸਰਾਵਾਂ, ਸੁੱਖਾ ਗੁਰੂਸਰ, ਪਾਲਾ ਬੁਰਜਾਂ, ਮੋਹਨ ਸਿੰਘ ਕੱਟਿਆਂਵਾਲੀ, ਬਲਜਿੰਦਰ ਕੱਟਿਆਂਵਾਲੀ, ਅਨੋਖ ਸਿੰਘ ਸਰਪੰਚ ਕਬਰਵਾਲਾ,ਨਿਰਮਲ ਸਿੰਘ ਕਬਰਵਾਲਾ,ਰਸ਼ਪਾਲ ਸਰਪੰਚ ਗੁਰੂਸਰ,ਸਤਨਾਮ ਸਰਪੰਚ ਸਰਾਵਾਂ ਬੋਦਲਾ, ਸਤਪਾਲ ਸਰਾਵਾਂ ਬੋਦਲਾਂ, ਗੁਰਜੀਤ ਜੀਤੂ ਰਾਣੀ ਵਾਲਾ, ਡਾ. ਏਕਤਾ ਸਿਆਲ, ਡਾ. ਵਿਕਾਸ ਕੁਮਾਰ, ਡਾ. ਰਮਿਤੀ, ਡਾ. ਮਨਜੋਤ ਭੌਰਾ, ਡਾ. ਪਰਿਕਸ਼ਾ, ਬਲਕਾਰ ਸਿੰਘ, ਜਰਨੈਲ ਸਿੰਘ ਢਿੱਲੋਂ, ਸਮੂਹ ਫੀਲਡ ਸਟਾਫ ਸੀ.ਐਚ.ਸੀ ਆਲਮਵਾਲਾ ਅਤੇ ਸਰਾਵਾਂ ਬੋਦਲਾਂ, ਪੀਏ ਗੁਰਬਾਜ ਖੁੱਡਿਆਂ,ਮੀਡੀਆ ਐਡਵਾਈਜ਼ਰ ਮੋਹਿਤ ਸੋਨੀ ਤੋਂ ਇਲਾਵਾ ਪਤਵੰਤੇ ਹਾਜ਼ਰ ਸਨ।



**ਜਨਮ ਦਿਨ ਮੁਬਾਰਕ**



ਗੁਰਦੀਪ ਸਿੰਘ
ਪਿਤਾ : ਸੁਰਿੰਦਰ ਸਿੰਘ
ਮਾਤਾ : ਸੀਮਾ
ਵਾਸੀ : ਹੁਸ਼ਿਆਰਪੁਰ

ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly

ਸੰਪਾਦਕੀ

# ਮਿਨੀਮਮ ਬੈਲੈਂਸ, ਮੈਕਸੀਮਮ ਝਟਕਾ

ਬੈਂਕਾਂ ਵਿਚ ਖਾਤਾਧਾਰਕਾਂ ਵੱਲੋਂ ਘੱਟੋ-ਘੱਟ ਬਕਾਇਆ ਨਾ ਰੱਖਣ 'ਤੇ ਵੱਡੇ ਜੁਰਮਾਨੇ ਲਗਾਏ ਜਾ ਰਹੇ ਹਨ। ਖਾਤਾਧਾਰਕਾਂ ਵਲੋਂ ਆਪਣੇ ਬਚਤ ਖਾਤਿਆਂ ਵਿੱਚ ਘੱਟੋ-ਘੱਟ ਜਮ੍ਹਾ ਰਕਮ ਨਾ ਰੱਖਣ 'ਤੇ ਬੈਂਕਾਂ ਵੱਲੋਂ ਲਗਾਏ ਜਾਣ ਵਾਲੇ ਇਹਨਾਂ ਜੁਰਮਾਨਿਆਂ ਨੂੰ ਲੈ ਕੇ ਨੈਤਿਕਤਾ ਅਤੇ ਗਾਹਕ ਹਿਤਾਂ ਸਬੰਧੀ ਗੰਭੀਰ ਸਵਾਲ ਖੜ੍ਹੇ ਹੋਏ ਹਨ। ਵਿੱਤੀ ਮਾਹਿਰਾਂ ਦਾ ਮੰਨਣਾ ਹੈ ਕਿ ਅਜਿਹੇ ਜੁਰਮਾਨੇ ਸਿਰਫ਼ ਇੱਕ ਆਰਥਿਕ ਕਾਰਵਾਈ ਨਹੀਂ, ਸਗੋਂ ਗਾਹਕਾਂ ਨਾਲ



ਨਿਆਂ ਦੇ ਮਾਪਦੰਡਾਂ ਨੂੰ ਵੀ ਪ੍ਰਭਾਵਿਤ ਕਰਦੇ ਹਨ। ਇਸ ਸਬੰਧੀ ਲੋਕ ਸਭਾ ਵਿੱਚ ਸਾਂਝੇ ਕੀਤੇ ਗਏ ਅੰਕੜਿਆਂ ਅਨੁਸਾਰ ਸਾਲ 2022-23 ਤੋਂ 2024-25 ਦੇ ਦਰਮਿਆਨ ਬੈਂਕਾਂ ਨੇ ਘੱਟੋ-ਘੱਟ ਜਮ੍ਹਾ ਰਕਮ ਨਾ ਰੱਖਣ ਦੇ ਨਾਂ 'ਤੇ ਬਚਤ ਖਾਤਾ ਧਾਰਕਾਂ ਤੋਂ ਲਗਭਗ 19 ਹਜ਼ਾਰ ਕਰੋੜ ਰੁਪਏ ਇਕੱਠੇ ਕੀਤੇ। ਇਨ੍ਹਾਂ ਵਿੱਚੋਂ ਲਗਪਗ 11 ਹਜ਼ਾਰ ਕਰੋੜ ਰੁਪਏ ਨਿੱਜੀ ਖੇਤਰ ਦੇ ਬੈਂਕਾਂ ਵੱਲੋਂ ਇਕੱਠੇ ਕੀਤੇ ਗਏ। ਵਿੱਤ ਮੰਤਰੀ ਅਨੁਸਾਰ, ਸਰਕਾਰੀ ਖੇਤਰ ਦੇ ਬੈਂਕਾਂ ਵੱਲੋਂ ਇਕੱਠੀ ਕੀਤੀ ਗਈ ਰਕਮ ਮੁੱਖ ਤੌਰ 'ਤੇ ਸੇਵਾਵਾਂ ਦੀ ਲਾਗਤ ਨਾਲ ਜੁੜੀ ਹੋਈ ਹੈ ਅਤੇ ਇਹ ਮਾਲੀਆ ਕਮਾਉਣ ਦਾ ਸਾਧਨ ਨਹੀਂ ਹੈ। ਹਾਲਾਂਕਿ, ਵਿੱਤ ਮੰਤਰੀ ਦੇ ਇਸ ਬਿਆਨ ਦੇ ਬਾਵਜੂਦ ਇਹ ਸਵਾਲ ਉਠਦਾ ਹੈ ਕਿ ਜੇ ਇਹ ਮਾਲੀਆ ਕਮਾਉਣ ਲਈ ਨਹੀਂ ਹੈ, ਤਾਂ ਫਿਰ ਅਜਿਹੇ ਜੁਰਮਾਨੇ ਲਗਾਉਣ ਦੀ ਲੋੜ ਕਿਉਂ ਬਣਦੀ ਹੈ? ਰਾਜ ਸਭਾ ਵਿੱਚ ਸੰਸਦ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਕਿਹਾ ਕਿ ਕਿਸਾਨਾਂ ਅਤੇ ਮਜ਼ਦੂਰਾਂ 'ਤੇ ਲੱਗਦੇ ਇਹ ਜੁਰਮਾਨੇ ਉਨ੍ਹਾਂ ਦੀ ਆਰਥਿਕ ਤੰਗੀ ਨੂੰ ਦਰਸਾਉਂਦੇ ਹਨ, ਨਾ ਕਿ ਇਹ ਕਿ ਉਹ ਬੈਂਕਿੰਗ ਨਿਯਮਾਂ ਦੀ ਉਲੰਘਣਾ ਕਰਨਾ ਚਾਹੁੰਦੇ ਹਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਜਿੱਥੇ ਕਾਰਪੋਰੇਟ ਖੇਤਰ ਨੂੰ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ, ਉੱਥੇ ਆਮ ਗਾਹਕਾਂ ਪ੍ਰਤੀ ਬੈਂਕਿੰਗ ਪ੍ਰਣਾਲੀ ਦਾ ਰਵੱਈਆ ਅਣਗਹਿਲੀ ਵਾਲਾ ਜਾਪਦਾ ਹੈ। ਕੇਂਦਰ ਸਰਕਾਰ ਦੇ ਅਨੁਸਾਰ, ਜਨਤਕ ਖੇਤਰ ਦੇ 10 ਬੈਂਕਾਂ ਨੇ ਅਜਿਹੇ ਜੁਰਮਾਨੇ ਲਗਾਉਣੇ ਬੰਦ ਕਰ ਦਿੱਤੇ ਹਨ, ਜਦਕਿ ਦੋ ਹੋਰ ਬੈਂਕਾਂ ਨੇ ਆਪਣੀਆਂ ਨੀਤੀਆਂ ਵਿੱਚ ਤਬਦੀਲੀ ਕੀਤੀ ਹੈ। ਸਰਕਾਰ ਨੇ ਇਹ ਵੀ ਦੱਸਿਆ ਕਿ ਲਗਭਗ 72 ਕਰੋੜ ਬੇਸਿਕ ਬਚਤ ਖਾਤਿਆਂ, ਜਿਨ੍ਹਾਂ ਵਿੱਚ ਪ੍ਰਧਾਨ ਮੰਤਰੀ ਜਨ ਧਨ ਯੋਜਨਾ ਤਹਿਤ ਖੋਲ੍ਹੇ ਖਾਤੇ ਵੀ ਸ਼ਾਮਲ ਹਨ, 'ਤੇ ਕੋਈ ਜੁਰਮਾਨਾ ਨਹੀਂ ਲੱਗਦਾ। ਇਸ ਸੰਦਰਭ ਵਿੱਚ ਸੰਸਦੀ ਕਮੇਟੀ ਨੇ ਸਿਫਾਰਿਸ਼ ਕੀਤੀ ਹੈ ਕਿ ਘੱਟੋ-ਘੱਟ ਬਕਾਇਆ ਨਾ ਰੱਖ ਸਕਣ ਵਾਲੇ ਗਾਹਕਾਂ ਨੂੰ ਜੁਰਮਾਨਾ ਲਗਾਉਣ ਦੀ ਥਾਂ ਉਨ੍ਹਾਂ ਨੂੰ ਪ੍ਰੋਤਸਾਹਿਤ ਕੀਤਾ ਜਾਵੇ ਜੋ ਆਪਣੇ ਖਾਤਿਆਂ ਵਿੱਚ ਲੋੜੀਂਦੀ ਰਕਮ ਰੱਖਦੇ ਹਨ। ਸੰਸਦੀ ਕਮੇਟੀ ਨੇ ਇਹ ਵੀ ਸੁਝਾਅ ਦਿੱਤਾ ਕਿ ਵਿੱਤੀ ਸੇਵਾਵਾਂ ਵਿਭਾਗ ਅਤੇ ਭਾਰਤੀ ਰਿਜ਼ਰਵ ਬੈਂਕ ਇਸ ਮਾਮਲੇ ਵਿੱਚ ਇਕਸਾਰ ਨੀਤੀ ਬਣਾਉਣ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਨ 'ਤੇ ਵਿਚਾਰ ਕਰਨ। ਇਸ ਤੋਂ ਇਲਾਵਾ, ਗਾਹਕਾਂ 'ਤੇ ਲੱਗਦੇ ਹੋਰ ਅਣਦਿੱਖ ਖਰਚੇ, ਜਿਵੇਂ ਕਿ ਏਟੀਐਮ ਵਰਤੋਂ ਫੀਸ ਅਤੇ ਰੋਜ਼ਾਨਾ ਬੈਂਕਿੰਗ ਸੇਵਾਵਾਂ ਦੇ ਚਾਰਜ, ਵੀ ਚਿੰਤਾ ਦਾ ਵਿਸ਼ਾ ਬਣ ਰਹੇ ਹਨ। ਮਾਹਿਰਾਂ ਦਾ ਤਾਂ ਇਹ ਵੀ ਮੰਨਣਾ ਹੈ ਕਿ ਅਜਿਹੇ ਖਰਚਿਆਂ ਰਾਹੀਂ ਲੋਕਾਂ ਦੀਆਂ ਬਚਤਾਂ ਘਟਾਉਣਾ ਸੇਵਾ ਦੇ ਉਦੇਸ਼ਾਂ ਨਾਲ ਮੇਲ ਨਹੀਂ ਖਾਂਦਾ। ਬੈਂਕਾਂ ਇਸ ਸਬੰਧੀ ਅੱਗੋਂ ਖਾਤਾਧਾਰਕਾਂ ਨੂੰ ਕੀ ਰਾਹਤ ਦਿੰਦੀਆਂ ਹਨ, ਇਹ ਆਉਣ ਵਾਲਾ ਸਮਾਂ ਹੀ ਦੱਸੇਗਾ।

**- ਅਸ਼ਵਨੀ ਜੇਤਲੀ**

ਜ਼ਿਕਰ ਪੰਜਾਬ

| | |
|---|---|
| ਮੁੱਖ ਸੰਪਾਦਕ | : ਅਸ਼ਵਨੀ ਜੇਤਲੀ |
| ਸੰਪਾਦਕ | : ਲਲਿਤ ਬੇਰੀ |
| ਸਹਿ-ਸੰਪਾਦਕ | : ਬਲਵਿੰਦਰ ਕੁਮਾਰ |
| ਐਸੋਸੀਏਟ ਐਡੀਟਰ | : ਤਮੰਨਾ ਬੇਦੀ |
| ਬਿਊਰੋ ਚੀਫ਼ | : ਅਸ਼ਵਨੀ ਅਹੂਜਾ |
| ਵਿਸ਼ੇਸ਼ ਪ੍ਰਤੀਨਿਧ | : ਗੀਤਾ ਸਕਸੈਨਾ |
| ਮੁੱਖ ਪ੍ਰਬੰਧਕ | : ਵਾਸੂ ਜੇਤਲੀ |


# ਹਿਊਮਨ ਪੈਪੀਲੋਮਾ ਵਾਇਰਸ ਟੀਕਾਕਰਣ: ਲੜਕੀਆਂ ਦੇ ਲਈ ਇੱਕ ਸਧਾਰਣ ਜਿਹਾ ਟੀਕਾ, ਸਰਵਾਈਕਲ ਕੈਂਸਰ ਦੇ ਖਾਤਮੇ ਦੀ ਦਿਸ਼ਾ ਵਿੱਚ ਬਹੁਤ ਵੱਡਾ ਕਦਮ

ਜ਼ਿਕਰ ਪੰਜਾਬ

ਪ੍ਰੋਫੈਸਰ ਹੈਰਾਲਡ ਜ਼ੁਰ ਹਾਊਸਨ ਨੂੰ 2008 ਵਿੱਚ ਉਨ੍ਹਾਂ ਦੀ ਖੋਜ ਲਈ ਨੋਬਲ ਪੁਰਸਕਾਰ ਮਿਲਿਆ ਕਿ ਹਿਊਮਨ ਪੈਪੀਲੋਮਾ ਵਾਇਰਸ (HPV) ਦੇ ਹਾਈ-ਰਿਸਕ ਸਟ੍ਰੇਨ ਨਾਲ ਲਗਾਤਾਰ ਹੋਣ ਵਾਲਾ ਸੰਕ੍ਰਮਣ ਹੀ ਸਰਵਾਈਕਲ ਕੈਂਸਰ ਦਾ ਬੁਨਿਆਦੀ ਕਾਰਨ ਹੈ। ਇਹ ਦੁਨੀਆ ਭਰ ਵਿੱਚ ਬਿਮਾਰੀ ਅਤੇ ਮੌਤ ਦਰ ਦਾ ਇੱਕ ਮਹੱਤਵਪੂਰਨ ਕਾਰਨ ਹੈ, ਹਾਲਾਂਕਿ ਘੱਟ ਅਤੇ ਨਿਮਨ-ਦਰਮਿਆਨੀ-ਆਮਦਨ ਵਾਲੇ ਦੇਸ਼ਾਂ ਵਿੱਚ ਇਸਦਾ ਪ੍ਰਭਾਵ ਜ਼ਿਆਦਾ ਹੈ। ਇਸ ਖੋਜ ਨੇ ਪ੍ਰੋਫਾਈਲੈਕਟਿਕ ਟੀਕਿਆਂ ਦੇ ਦੇ ਨਾਲ-ਨਾਲ ਸੰਕ੍ਰਮਣ ਫੈਲਾਉਣ ਵਾਲੇ ਏਜੰਟ ਦਾ ਪਤਾ ਲਗਾਉਣ ਲਈ ਡਾਇਗਨੌਸਟਿਕ ਟੈਸਟਾਂ ਦਾ ਰਾਹ ਵੀ ਪੱਧਰਾ ਕੀਤਾ। ਇੱਕ ਦਹਾਕੇ ਬਾਅਦ, 2018 ਵਿੱਚ, ਵਿਸ਼ਵ ਸਿਹਤ ਸੰਗਠਨ ਨੇ ਸਰਵਾਈਕਲ ਕੈਂਸਰ ਦੇ ਖਾਤਮੇ ਦੇ ਉਦੇਸ਼ ਨਾਲ ਇੱਕ ਪਹਿਲਕਦਮੀ ਦਾ ਐਲਾਨ ਕੀਤਾ; ਅਤੇ 17 ਨਵੰਬਰ, 2020 ਨੂੰ, ਇਸ ਸਬੰਧ ਵਿੱਚ ਇੱਕ ਵਿਸ਼ਵਵਿਆਪੀ ਰਣਨੀਤੀ ਰਸਮੀ ਤੌਰ 'ਤੇ ਸ਼ੁਰੂ ਕੀਤੀ ਗਈ - ਜਿਸ ਦਾ ਭਾਰਤ ਸਮੇਤ 194 ਦੇਸ਼ਾਂ ਨੇ ਸਮਰਥਨ ਕੀਤਾ। ਕੈਂਸਰ ਦਾ ਖਾਤਮਾ! ਉਹ ਵੀ ਕੋਈ ਅਸਾਧਾਰਣ ਕੈਂਸਰ ਨਹੀਂ, ਸਗੋਂ ਸਰਵਾਈਕਲ ਕੈਂਸਰ ਦਾ ਖਾਤਮਾ, ਜੋ ਕਿ ਬਹੁਤ ਜ਼ਿਆਦਾ ਸਰੀਰਕ ਦਰਦ, ਭਾਵਨਾਤਮਕ ਸੰਘਰਸ਼ ਅਤੇ ਆਰਥਿਕ ਕਠਿਨਾਈਆਂ ਦਾ ਸਬਬ ਹੈ। ਭਾਰਤ ਵਿੱਚ ਮਹਿਲਾਵਾਂ ਵਿੱਚ ਇਹ ਦੂਜਾ ਸਭ ਤੋਂ ਆਮ ਕੈਂਸਰ ਹੈ। ਹਰ ਵਰ੍ਹੇ ਇਸ ਦੇ ਲਗਭਗ ਇੱਕ ਲੱਖ ਨਵੇਂ ਮਾਮਲੇ ਸਾਹਮਣੇ ਆਉਂਦੇ ਹਨ ਅਤੇ ਇਨ੍ਹਾਂ ਵਿੱਚੋਂ ਲਗਭਗ ਅੱਧੇ ਮਾਮਲਿਆਂ ਵਿੱਚ ਮੌਤ ਹੋ ਜਾਂਦੀ ਹੈ, ਜੋ ਕਿ ਦੁਨੀਆ ਭਰ ਦੇ ਕੈਂਸਰ ਦੇ ਬੋਝ ਦਾ ਲਗਭਗ ਇੱਕ-ਚੌਥਾਈ ਹੈ। ਸਰਵਾਈਕਲ ਕੈਂਸਰ ਵਿੱਚ ਜੀਵਨ ਦੇ ਬੀਤੇ ਸਾਲ, ਹੋਰ ਕੈਂਸਰਾਂ ਦੇ ਮੁਕਾਬਲੇ ਜ਼ਿਆਦਾ ਹੁੰਦੇ ਹਨ,ਕਿਉਂਕਿ ਪੀੜ੍ਹਤ ਮਹਿਲਾਵਾਂ ਮੁਕਾਬਲਤਨ ਘੱਟ ਉਮਰ ਦੀਆਂ ਹੁੰਦੀਆਂ ਹਨ ਅਤੇ ਪਰਿਵਾਰ ਅਤੇ ਸਮਾਜ ਅਹਿਮ ਭੂਮਿਕਾ ਨਿਭਾ ਰਿਹਾ ਹੁੰਦਾ ਹੈ। ਕੈਂਸਰ ਮਾਹਿਰ ਦੇ ਰੂਪ ਵਿੱਚ, ਮੈਂ ਉਨ੍ਹਾਂ ਦੀਆਂ ਤਕਲੀਫਾਂ ਨੂੰ ਨੇੜਿਓਂ ਦੇਖਿਆ ਹੈ... ਅਜਿਹੀਆਂ ਮਹਿਲਾਵਾਂ ਜਿਨ੍ਹਾਂ ਵਿੱਚ ਚੌਥੀ ਸਟੇਜ ਵਿੱਚ ਇਸ ਬਿਮਾਰੀ ਦਾ ਪਤਾ ਲੱਗਿਆ, ਉਨ੍ਹਾਂ ਵਿੱਚ ਯੂਰਿਨਰੀ ਫਿਸਟੂਲਾ ਵਿਕਸਿਤ ਹੋ ਚੁੱਕਿਆ ਸੀ ਅਤੇ ਕੰਸਲਟਿੰਗ ਰੂਮ ਵਿੱਚ ਉਨ੍ਹਾਂ ਦੇ ਦਾਖਲ ਹੋਣ ਤੋਂ ਪਹਿਲਾਂ ਹੀ ਬਦਬੂ ਆਉਣ ਲੱਗਦੀ ਸੀ; ਅਜਿਹੀਆਂ ਮਹਿਲਾਵਾਂ ਜੋ ਮੀਨੋਪੌਜ਼ ਤੋਂ ਬਾਅਦ ਖ਼ੂਨ ਵਹਿਣ ਦਾ ਜ਼ਿਕਰ ਕਰਨ ਤੋਂ ਵੀ ਝਿਜਕਦੀਆਂ ਰਹੀਆਂ... ਜਦੋਂ ਤੱਕ ਕਿ ਬਹੂ ਨੇ ਉਨ੍ਹਾਂ ਦੀ ਸਾੜੀ 'ਤੇ ਦਾਗ ਨਹੀਂ ਦੇਖ ਲਿਆ; ਅਜਿਹੀਆਂ ਮਹਿਲਾਵਾਂ ਜੋ ਗੰਭੀਰ ਸਾਇਟਿਕਾ ਅਤੇ ਪਿੱਠ ਦੇ ਹੇਠਲੇ ਹਿੱਸੇ ਵਿੱਚ ਦਰਦ, ਯੂਰੇਟਰਸ ਵਿੱਚ ਰੁਕਾਵਟ ਅਤੇ ਗੁਰਦੇ ਫੇਲ੍ਹ ਹੋਣ ਵਰਗੀਆਂ ਬਿਮਾਰੀਆਂ ਨਾਲ ਜੂਝ ਰਹੀਆਂ ਸਨ... ਅਤੇ ਫਿਰ ਕੁਝ ਮੁਕਾਬਲਤਨ ਖ਼ੁਸ਼ਕਿਸਮਤ ਮਹਿਲਾਵਾਂ ਵੀ ਸਨ, ਜਿਨ੍ਹਾਂ ਨੂੰ ਸ਼ੁਰੂਆਤੀ ਪੜਾਅ 'ਤੇ ਹੀ ਇਸ ਬਿਮਾਰੀ ਤੋਂ ਪੀੜ੍ਹਤ ਹੋਣ ਬਾਰੇ ਪਤਾ ਚੱਲ ਗਿਆ ਅਤੇ ਜਦੋਂ ਉਹ ਬਿਮਾਰੀ ਠੀਕ ਹੋ ਸਕਦੀ ਸੀ, ਪਰ ਸਿਰਫ਼ ਰੈਡੀਕਲ ਸਰਜਰੀ ਜਾਂ ਕੀਮੋ- ਅਤੇ ਰੈਡੀਏਸ਼ਨ ਥੈਰੇਪੀ ਨਾਲ... ਅਜਿਹੇ ਵਿੱਚ ਡੂੰਘੀ ਅਤੇ ਅਗ੍ਰੈਸਿਵ ਸਰਜਰੀ ਦਾ ਸਰੀਰ 'ਤੇ ਅਸਰ ਹੋਇਆ, ਲੰਬੇ ਸਮੇਂ ਤੱਕ ਰੈਡੀਏਸ਼ਨ ਇਲਾਜ ਦੇ ਕਾਰਨ ਦੇਖਭਾਲ ਕਰਨ ਵਾਲਿਆਂ ਨੂੰ ਪੜ੍ਹਾਈ ਜਾਂ ਕੰਮ ਤੋਂ ਵਾਂਝਾ ਰਹਿਣਾ ਪਿਆ, ਅਤੇ ਮਹਿੰਗੀ ਕੀਮੋ ਅਤੇ ਇਮਿਊਨੋ ਥੈਰੇਪੀ ਹੋਈ.... ਇਸ ਤੋਂ ਇਲਾਵਾ, ਸਾਡੇ ਹਰ ਸੰਭਵ ਯਤਨਾਂ ਦੇ ਬਾਵਜੂਦ ਕੁਝ ਮਾਮਲਿਆਂ ਵਿੱਚ ਕੈਂਸਰ ਮੁੜ ਤੋਂ ਵਾਪਸ ਆਇਆ, ਜਿਸ ਲਈ ਹੋਰ ਵੀ ਗੁੰਝਲਦਾਰ ਪ੍ਰਕਿਰਿਆਵਾਂ, ਜਿਵੇਂ ਐਕਸੇਂਟ?ਰੇਸ਼ਨ ਸਰਜਰੀ ਅਤੇ ਸਟੋਮਾ ਆਦਿ ਦੀ ਲੋੜ ਪਈ। ਹਾਂ, ਅਸੀਂ ਇਲਾਜ ਕਰ ਸਕਦੇ ਸੀ, ਲੱਛਣਾਂ ਵਿੱਚ ਰਾਹਤ ਦੇ ਸਕਦੇ ਸੀ, ਇੱਥੋਂ ਤੱਕ ਕਿ ਹਾਰਮੋਨ ਰਿਪਲੇਸਮੈਂਟ ਅਤੇ ਹੋਰ ਸਹਾਇਕ ਦੇਖਭਾਲ ਵੀ ਦੇ ਸਕਦੇ ਸੀ, ਪਰ ਇਸ ਦੀ ਸਰੀਰਕ, ਭਾਵਨਾਤਮਕ ਅਤੇ ਆਰਥਿਕ ਕੀਮਤ ਚੁਕਾਉਣੀ ਹੁੰਦੀ। ਹੋਰ ਵੀ ਦੁਖਦਾਈ ਗੱਲ ਇਹ ਸੀ ਕਿ ਇਸ ਬਿਮਾਰੀ ਦਾ ਇਲਾਜ ਕੀਤਾ ਜਾ ਸਕਦਾ ਸੀ। 1940 ਦੇ ਦਹਾਕੇ ਤੋਂ ਹੀ ਪੱਛਮੀ ਦੇਸ਼ਾਂ ਵਿੱਚ ਨਿਯਮਿਤ ਪੈਪ ਸਮੀਅਰ ਜਾਂਚ ਰਾਹੀਂ ਦੂਜੇ ਦਰਜੇ ਦੀ ਰੋਕਥਾਮ ਦੀ ਵਿਵਸਥਾ ਕੀਤੀ ਗਈ ਸੀ, ਜਿਸ ਨਾਲ ਨਾ ਸਿਰਫ ਕੈਂਸਰ ਦਾ ਪਤਾ ਲਗਾਇਆ ਜਾ ਸਕਦਾ ਸੀ, ਸਗੋਂ ਬਿਮਾਰੀ ਦੀਆਂ ਸ਼ੁਰੂਆਤੀ ਹਾਲਤਾਂ ਦਾ ਵੀ ਪਤਾ ਲਗਾਇਆ ਜਾ ਸਕਦਾ ਸੀ। ਸਰਵਾਈਕਲ ਕੈਂਸਰ ਦੀ ਨੈਚੁਰਲ ਹਿਸਟਰੀ ਨੂੰ ਇੱਕ ਸਦੀ ਤੋਂ ਵੱਧ ਸਮੇਂ ਤੋਂ ਵਧੀਆ ਢੰਗ ਨਾਲ ਦਰਜ ਕੀਤਾ ਗਿਆ ਹੈ। ਇਸ ਵਿੱਚ 10-15 ਵਰ੍ਹ?ਆਂ ਦਾ ਲੰਬਾ ਪ੍ਰੀਕੈਂਸਰਸ ਫੇਜ ਹੁੰਦਾ ਹੈ, ਜਿਸ ਨੂੰ ਸਰਵਾਈਕਲ ਇੰਟ?ਰਾਅਪੀਥੀਲਿਅਲ ਨਿਓਪਲਾਸਿਆ ਕਿਹਾ ਜਾਂਦਾ ਹੈ, ਬੱਚੇਦਾਨੀ ਦੇ ਮੂੰਹ ਨੂੰ ਬ੍ਰਸ਼ ਕਰਨ ਤੋਂ



ਬਾਅਦ ਸਲਾਈਡ 'ਤੇ ਇਕੱਠੇ ਕੀਤੇ ਗਏ ਸੈੱਲਾਂ ਦੀ ਮਾਈਕ੍ਰੋਸਕੋਪ ਦੇ ਹੇਠਾਂ ਜਾਂਚ ਕਰਕੇ ਜਿਸ ਦਾ ਪਤਾ ਲਗਾਇਆ ਜਾ ਸਕਦਾ ਹੈ। ਇਸ ਪੜਾਅ 'ਤੇ, ਇਸ ਬਿਮਾਰੀ ਦਾ ਇਲਾਜ ਸਧਾਰਣ ਡੇਅ-ਕੇਅਰ ਪ੍ਰਕਿਰਿਆਵਾਂ ਰਾਹੀਂ ਅਸਾਨੀ ਨਾਲ ਕੀਤਾ ਜਾ ਸਕਦਾ ਹੈ, ਜਿਨ੍ਹਾਂ ਵਿੱਚ ਬੱਚੇਦਾਨੀ ਕੱਢਣ ਦੀ ਲੋੜ ਨਹੀਂ ਹੁੰਦੀ। ਭਾਰਤ ਅਤੇ ਹੋਰ ਨਿਮਨ-ਦਰਮਿਆਨੀ ਆਮਦਨ ਵਾਲੇ ਦੇਸ਼ਾਂ ਵਿੱਚ ਸਾਡੇ ਕੋਲ ਇੰਨੀਆਂ ਬੁਨਿਆਦੀ ਸਹੂਲਤਾਂ ਅਤੇ ਟ?ਰੇਂਡ ਜਨਸ਼ਕਤੀ ਨਹੀਂ ਸੀ ਕਿ 30 ਵਰ੍ਹ?ਆਂ ਤੋਂ ਵੱਧ ਉਮਰ ਦੀਆਂ ਸਾਰੀਆਂ ਮਹਿਲਾਵਾਂ ਦੇ ਜੀਵਨ ਵਿੱਚ ਇੱਕ ਵਾਰ ਵੀ ਜਾਂਚ ਕੀਤੀ ਜਾ ਸਕੇ, ਜਦਕਿ ਹਰ 3 ਵਰ੍ਹ?ਆਂ ਦੇ ਅੰਤਰ 'ਤੇ ਇਹ ਜਾਂਚ ਕਰਵਾਉਣ ਦੀ ਸਲਾਹ ਦਿੱਤੀ ਗਈ ਸੀ। ਇੱਥੋਂ ਤੱਕ ਕਿ ਵਧੀਆ ਤੀਜੇ ਦਰਜੇ ਦੇ ਕੇਂਦਰਾਂ ਵਿੱਚ ਵੀ ਲੈਬਸ ਹਰ ਰੋਜ਼ ਸੀਮਤ ਸੰਖਿਆ ਵਿੱਚ ਹੀ ਮਹਿਲਾਵਾਂ ਦੀ ਜਾਂਚ ਕਰ ਪਾਉਂਦੀਆਂ ਸਨ। ਦੇਸ਼ ਭਰ ਵਿੱਚ ਮਹਿਲਾ ਰੋਗ ਮਾਹਿਰਾਂ ਅਤੇ ਪੈਥੋਲੌਜਿਸਟ ਦੁਆਰਾ ਨਿਯਮਿਤ ਤੌਰ 'ਤੇ ਆਊਟਰੀਚ ਕੈਂਪ ਆਯੋਜਿਤ ਕੀਤੇ ਜਾਂਦੇ ਸਨ, ਤਾਂ ਜੋ ਵੰਚਿਤਾਂ ਦੀ ਮਦਦ ਕੀਤੀ ਜਾ ਸਕੇ, ਪਰ ਇਹ ਯਤਨ ਸਮੁੰਦਰ ਵਿੱਚ ਇੱਕ ਬੂੰਦ ਦੇ ਬਰਾਬਰ ਸਨ। ਇੱਥੋਂ ਤੱਕ ਕਿ ਅੱਜ ਵੀ, ਵਿਜ਼ੁਅਲ ਇੰਸਪੈਕਸ਼ਨ (ਵੀਆਈਏ) ਰਾਹੀਂ ਨੈਸ਼ਨਲ ਸਕ੍ਰੀਨਿੰਗ ਪ੍ਰੋਗਰਾਮ ਹੋਣ ਦੇ ਬਾਵਜੂਦ, ਸਕ੍ਰੀਨਿੰਗ ਕਵਰੇਜ 5% ਤੋਂ ਵੱਧ ਨਹੀਂ ਹੈ, ਅਤੇ ਜਿਨ੍ਹਾਂ ਮਹਿਲਾਵਾਂ ਦਾ ਟੈਸਟ ਪੌਜਿਟਿਵ ਪਾਇਆ ਜਾਂਦਾ ਹੈ, ਉਨ੍ਹਾਂ ਨੂੰ ਹਸਪਤਾਲ ਲਿਆ ਕੇ ਰੋਗ ਦੀ ਪੁਸ਼ਟੀ ਕਰਨ ਲਈ ਬਾਇਓਪਸੀ ਅਤੇ ਇਲਾਜ ਕਰਵਾਉਣਾ ਬਹੁਤ ਮੁਸ਼ਕਲ ਹੁੰਦਾ ਹੈ। ਸਰਵਾਈਕਲ ਕੈਂਸਰ ਦੀ ਮੁੱਢਲੀ ਰੋਕਥਾਮ ਲਈ ਟੀਕਾਕਰਣ ਨੇ 2006 ਵਿੱਚ ਇੱਕ ਉਮੀਦ ਦੀ ਕਿਰਨ ਵਾਂਗ ਇਸ ਦ੍ਰਿਸ਼ ਵਿੱਚ ਪ੍ਰਵੇਸ਼ ਕੀਤਾ। ਸ਼ੁਰੂ ਵਿੱਚ, ਇਹ ਤਿੰਨ-ਡੋਜ਼ ਵਾਲਾ ਟੀਕਾ ਸੀ; ਪਰੰਤੂ ਨਿਰੰਤਰ ਖੋਜ ਨਾਲ ਇਹ ਸਾਬਤ ਹੋਇਆ ਕਿ ਇਸ ਨੂੰ ਦੋ ਡੋਜ਼ ਤੱਕ ਘਟਾਇਆ ਜਾ ਸਕਦਾ ਹੈ, ਅਤੇ ਅੱਗੇ ਚੱਲ ਕੇ ਇਹ ਵੀ ਦੇਖਿਆ ਗਿਆ ਕਿ ਸਿਰਫ ਇੱਕ ਡੋਜ਼ ਹੀ 85-90% ਕੈਂਸਰ ਤੋਂ ਸੁਰੱਖਿਆ ਲਈ ਕਾਫ਼ੀ ਹੈ। ਇੱਕ ਸਧਾਰਣ ਜਿਹਾ ਇੰਟ?ਰਾਮਸਕਿਊਲਰ ਇੰਜੈਕਸ਼ਨ ਜੋ ਇੰਨੀ ਵੱਡੀ ਪੀੜ੍ਹਾ ਤੋਂ ਬਚਾ ਸਕਦਾ ਹੈ? ਇਹ ਅਸਲ ਵਿੱਚ, ਇੱਕ ਬਹੁਤ ਹੀ ਉਤਸ਼ਾਹਜਨਕ ਸੰਭਾਵਨਾ ਸੀ। ਰੋਕਥਾਮ ਲਈ ਟੀਕਾਕਰਣ ਵਿੱਚ ਸੁਰੱਖਿਆ ਸਭ ਤੋਂ ਵੱਡੀ ਤਰਜੀਹ ਹੈ। ਹੁਣ ਤੱਕ, 500 ਮਿਲੀਅਨ ਤੋਂ ਵੱਧ ਖ਼ੁਰਾਕਾਂ ਦੁਨੀਆ ਭਰ ਵਿੱਚ ਅਤੇ ਲਗਭਗ 4 ਮਿਲੀਅਨ ਖ਼ੁਰਾਕਾਂ ਭਾਰਤ ਵਿੱਚ ਦਿੱਤੀਆਂ ਜਾ ਚੁੱਕੀਆਂ ਹਨ। ਯੋਜਨਾਬੱਧ ਟੈਸਟਿੰਗ ਅਤੇ ਪੋਸਟ-ਮਾਰਕੀਟਿੰਗ ਸਰਵੀਲਾਂਸ ਤੋਂ ਪ੍ਰਾਪਤ ਕੀਤੇ ਗਏ ਇਕੱਠੇ ਡੇਟਾ ਅੰਕੜਿਆਂ ਤੋਂ ਇਹ ਸਪਸ਼ਟ ਹੈ ਕਿ ਟੀਕਾ ਲਗਵਾਉਣ ਵਾਲੀਆਂ ਮਹਿਲਾਵਾਂ ਵਿੱਚ ਸਧਾਰਣ ਆਬਾਦੀ ਦੇ ਮੁਕਾਬਲੇ ਵਿੱਚ ਪ੍ਰਤੀਕੂਲ ਪ੍ਰਭਾਵਾਂ ਵਿੱਚ ਕੋਈ ਵਾਧਾ ਨਹੀਂ ਹੋਇਆ ਹੈ। ਉਨ੍ਹਾਂ ਵਿੱਚ ਬਿਲਕੁਲ ਹਲਕੀ ਜਿਹੀ ਪ੍ਰਤੀਕਿਰਿਆ ਦੇਖੀ ਗਈ ਹੈ, ਜੋ ਸਾਰੇ ਟੀਕਿਆਂ ਵਿੱਚ ਸਧਾਰਣ ਤੌਰ 'ਤੇ ਹੁੰਦੀ ਹੈ। ਇਨ੍ਹਾਂ ਟੀਕਿਆਂ ਦੀ ਪ੍ਰਜਨਨ ਸਮਰੱਥਾ, ਜਨਮ ਦਰ, ਜਮਾਂਦਰੂ ਵਿਗਾੜਾਂ ਜਾਂ ਮਾਹਵਾਰੀ ਦੇ ਨਮੂਨਿਆਂ 'ਤੇ ਕੋਈ ਨਕਾਰਾਤਮਕ ਪ੍ਰਭਾਵ ਨਹੀਂ ਦੇਖਿਆ ਗਿਆ ਹੈ। ਐੱਚਪੀਵੀ ਟੀਕਾਂ ਦੀ ਪ੍ਰਭਾਵਸ਼ੀਲਤਾ ਬਹੁਤ ਵਧੀਆ ਹੈ, ਕਿਉਂਕਿ ਇਹ ਟੀਕੇ ਉਨ੍ਹਾਂ ਵਿੱਚ ਸ਼ਾਮਲ ਵਾਇਰਸ ਦੀਆਂ ਕਿਸਮਾਂ ਤੋਂ ਲਗਭਗ ਪੂਰੀ ਤਰ੍ਹਾਂ ਨਾਲ ਸੁਰੱਖਿਆ ਪ੍ਰਦਾਨ ਕਰਦੇ ਹਨ। ਪਹਿਲੀ ਪੀੜ੍ਹੀ ਦੇ ਟੀਕੇ ਐੱਚਪੀਵੀ ਦੀਆਂ ਦੋ ਸਭ ਤੋਂ ਖ਼ਤਰਨਾਕ ਕਿਸਮਾਂ -ਐੱਚਪੀਵੀ 16 ਅਤੇ 18 ਦੇ ਵਿਰੁੱਧ ਬਣਾਏ ਗਏ ਸਨ, ਜੋ ਆਲਮੀ ਪੱਧਰ 'ਤੇ ਸਰਵਾਈਕਲ ਕੈਂਸਰ ਦੇ 70% ਅਤੇ ਭਾਰਤ ਵਿੱਚ ਲਗਭਗ 85% ਮਾਮਲਿਆਂ ਲਈ ਜ਼ਿੰਮੇਵਾਰ ਹਨ। ਆਸਟ੍ਰੇਲੀਆ ਅਤੇ ਬ੍ਰਿਟੇਨ ਵਰਗੇ ਦੇਸ਼ਾਂ, ਜਿਨ੍ਹਾਂ ਨੇ 2007-08 ਵਿੱਚ ਇਸ ਟੀਕੇ ਦੇ ਸ਼ੁਰੂ ਹੋਣ ਮਗਰੋਂ ਹੀ ਐੱਚਪੀਵੀ ਟੀਕਾਕਰਣ ਲਾਗੂ ਕਰ ਦਿੱਤਾ ਸੀ, ਉਹ ਪ੍ਰੀਕੈਂਸਰ ਅਤੇ ਕੈਂਸਰ ਦੇ ਮਾਮਲਿਆਂ ਵਿੱਚ ਮਹੱਤਵਪੂਰਨ ਘਾਟ ਦੇਖੀ ਗਈ ਹੈ। ਸਵੀਡਨ, ਡੈੱਨਮਾਰਕ, ਕੈਨੇਡਾ ਅਤੇ ਅਮਰੀਕਾ ਵਰਗੇ ਦੇਸ਼ਾਂ ਦੇ ਵੀ ਇਸੇ ਤਰ੍ਹਾਂ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਏ ਹਨ। ਡਬਲਿਊਐੱਚਓ ਦੀ ਸਰਵਾਈਕਲ ਕੈਂਸਰ ਦੇ ਖਾਤਮੇ ਦੀ ਪਹਿਲ ਦਾ ਟੀਚਾ ਸਰਵਾਈਕਲ ਕੈਂਸਰ ਨੂੰ ਇੱਕ ਦੁਰਲਭ ਕੈਂਸਰ ਬਣਾਉਣ ਹੈ, ਜਿਸ ਦੇ ਹੋਣ ਦੀ ਦਰ ਪ੍ਰਤੀ 1 ਲੱਖ ਵਿੱਚ ਸਿਰਫ਼ 4 ਮਾਮਲਿਆਂ ਤੱਕ ਸੀਮਤ ਹੋਵੇ। ਇਸ ਟੀਚੇ ਨੂੰ ਹਾਸਲ ਕਰਨ ਲਈ 2030 ਤੱਕ: 15 ਵਰ੍ਹ?ਆਂ ਦੀ ਉਮਰ ਤੋਂ ਪਹਿਲਾਂ 90% ਲੜਕੀਆਂ ਦਾ ਐੱਚਪੀਵੀ ਟੀਕਾਕਰਣ, 35 ਅਤੇ 45 ਵਰ੍ਹਿਆਂ ਦੀ ਉਮਰ ਵਿੱਚ 70% ਮਹਿਲਾਵਾਂ ਦੀ ਐੱਚਪੀਵੀ ਟੈਸਟਿੰਗ ਦੁਆਰਾ ਸਕ੍ਰੀਨਿੰਗ, ਅਤੇ ਜਿਨ੍ਹਾਂ ਮਹਿਲਾਵਾਂ ਵਿੱਚ ਬਿਮਾਰੀ ਦੇ ਲੱਛਣ ਦੇਖੇ ਜਾਣ, ਉਨ੍ਹਾਂ ਵਿੱਚੋਂ 90% ਦਾ ਇਲਾਜ -ਜਿਵੇਂ ਕੁਝ ਮਹੱਤਵਪੂਰਨ ਉਦੇਸ਼ਾਂ ਨੂੰ ਹਾਸਲ ਕਰਨਾ ਲਾਜ਼ਮੀ ਹੈ। ਆਲਮੀ ਐਲਾਨ ਦੇ ਸ਼ੁਰੂ ਹੋਣ ਤੋਂ ਬਾਅਦ ਅਸੀਂ ਅੱਧੇ ਤੋਂ ਵੱਧ ਰਸਤਾ ਪਾਰ ਕਰ ਚੁੱਕੇ ਹਾਂ, ਹਾਲਾਂਕਿ ਹਾਲੇ ਵੀ ਇਨ੍ਹਾਂ ਟੀਚਿਆਂ ਦੀ ਪ੍ਰਾਪਤੀ ਤੋਂ ਕਾਫੀ ਦੂਰ ਹਾਂ। ਇੰਡੀਅਨ ਮੈਡੀਕਲ ਐਸੋਸੀਏਸ਼ਨ, ਫੈੱਡਰੇਸ਼ਨ ਆਫ ਓਬਸਟੈਟ੍ਰਿਕਸ ਐਂਡ ਗਾਇਨੀਕੋਲੋਜੀ ਆਫ਼ ਇੰਡੀਆ (FOGSI) ਅਤੇ ਇੰਡੀਅਨ ਅਕੈਡਮੀ ਆਫ ਪੀਡਿਆਟ੍ਰਿਕਸ (IAP) ਵਰਗੇ ਸੰਗਠਨਾਂ ਦੀ ਪ੍ਰਤੀਨਿਧਤਾ ਵਾਲਾ ਡਾਕਟਰੀ ਭਾਈਚਾਰਾ ਲੰਬੇ ਅਰਸੇ ਤੋਂ ਐੱਚਪੀਵੀ ਟੀਕਾਕਰਣ ਨੂੰ ਵਿਸ਼ਵਵਿਆਪੀ ਟੀਕਾਕਰਣ ਪ੍ਰੋਗਰਾਮ ਵਿੱਚ ਸ਼ਾਮਲ ਕੀਤੇ ਜਾਣ ਦੀ ਮੰਗ ਕਰ ਰਿਹਾ ਹੈ। ਆਖਰਕਾਰ, ਹੁਣ ਉਮੀਦ ਦੀ ਕਿਰਨ ਦਿਖਾਈ ਦੇ ਰਹੀ ਹੈ- ਮਾਣਯੋਗ ਪ੍ਰਧਾਨ ਮੰਤਰੀ ਦੁਆਰਾ 28 ਫਰਵਰੀ 2026 ਨੂੰ ਰਾਸ਼ਟਰੀ ਐੱਚਪੀਵੀ ਟੀਕਾਕਰਣ ਅਭਿਆਨ ਨੂੰ ਦੇਸ਼ ਵਿਆਪੀ ਪੱਧਰ 'ਤੇ ਲਾਂਚ ਕੀਤਾ ਜਾਣਾ- ਮਹਿਲਾਵਾਂ ਦੇ ਸਿਹਤ ਅਤੇ ਪ੍ਰਜਨਨ ਅਧਿਕਾਰਾਂ ਨੂੰ ਮਹਤੱਤਾ ਦਿਲਾਉਣ ਦੀ ਦਿਸ਼ਾ ਵਿੱਚ ਸਰਬੋਤਮ ਰਾਜਨੀਤਿਕ ਵਚਨਬੱਧਤਾ ਦਾ ਸੰਕੇਤ ਹੈ, ਜਿਸ ਦੀਆਂ ਉਹ ਹੱਕਦਾਰ ਹਨ। ਪਹੁੰਚ, ਕਿਫਾਇਤ ਅਤੇ ਉਪਲਬਧਤਾ ਜਿਹੀਆਂ ਮੁੱਖ ਚਿੰਤਾਵਾਂ ਦਾ ਸਰਕਾਰ ਨੇ ਪੂਰੀ ਤਰ੍ਹਾਂ ਨਾਲ ਹੱਲ ਕਰ ਦਿੱਤਾ ਹੈ। ਹੁਣ ਸਾਰੇ ਮਾਪਿਆਂ ਨੂੰ ਇਸ ਸੁਨਹਿਰੇ ਮੌਕੇ ਬਾਰੇ ਜਾਗਰੂਕ ਹੋਣ ਦੀ ਲੋੜ ਹੈ, ਤਾਂ ਜੋ ਉਨ੍ਹਾਂ ਦੀਆਂ 14 ਸਾਲ ਦੀਆਂ ਬੇਟੀਆਂ ਨੇੜਲੇ ਸਰਕਾਰੀ ਸਿਹਤ ਕੇਂਦਰਾਂ ਵਿੱਚ ਮੁਫ਼ਤ ਟੀਕਾਕਰਣ ਦਾ ਲਾਭ ਲੈ ਸਕਣ. ਸਾਡੀਆਂ ਧੀਆਂ ਦੇ ਲਈ ਇੱਕ ਸਧਾਰਣ ਜਿਹਾ ਟੀਕਾ, ਸਰਵਾਈਕਲ ਕੈਂਸਰ ਦੇ ਖਾਤਮੇ ਅਤੇ ਵਿਕਸਿਤ ਭਾਰਤ 02047 ਦੇ ਟੀਚੇ ਨੂੰ ਹਾਸਲ ਕਰਨ ਦੀ ਦਿਸ਼ਾ ਵਿੱਚ ਬਹੁਤ ਮਹੱਤਵਪੂਰਨ ਹੋਵੇਗਾ।



**ਨੀਰਜਾ ਭੱਟਲਾ**
**ਪ੍ਰੋਫੈਸਰ ਐਮਰਿਟਸ, ਨੈਸ਼ਨਲ ਕੈਂਸਰ ਇੰਸਟੀਟਿਊਟ, ਝੱਜਰ**

# ਯੁੱਧਾਂ ਵਿੱਚ ਮਾਰੇ ਜਾਣ ਵਾਲੇ ਬੱਚਿਆਂ ਦਾ ਕੀ ਕਸੂਰ ਹੁੰਦਾ ਹੈ?

ਜ਼ਿਕਰ ਪੰਜਾਬ

ਦੁਨੀਆ ਦੇ ਇਤਿਹਾਸ ਵਿੱਚ ਯੁੱਧ ਹਮੇਸ਼ਾ ਤਾਕਤ, ਸਰਹੱਦਾਂ ਅਤੇ ਰਾਜਨੀਤਿਕ ਹਿਤਾਂ ਦੀ ਟਕਰਾਹਟ ਦਾ ਨਤੀਜਾ ਰਹੇ ਹਨ। ਪਰ ਜਦੋਂ ਵੀ ਕਿਸੇ ਖੇਤਰ ਵਿੱਚ ਯੁੱਧ ਛਿੜਦਾ ਹੈ, ਉਸ ਦੀ ਸਭ ਤੋਂ ਭਾਰੀ ਕੀਮਤ ਉਹ ਲੋਕ ਚੁਕਾਉਂਦੇ ਹਨ ਜਿਨ੍ਹਾਂ ਦਾ ਉਸ ਨਾਲ ਕੋਈ ਲੈਣਾ-ਦੇਣਾ ਨਹੀਂ ਹੁੰਦਾ। ਆਮ ਨਾਗਰਿਕਾਂ ਵਿੱਚ ਵੀ ਸਭ ਤੋਂ ਵੱਡੇ ਪੀੜਤ ਬੱਚੇ ਬਣਦੇ ਹਨ। ਬੱਚੇ ਨਾ ਰਾਜਨੀਤੀ ਸਮਝਦੇ ਹਨ, ਨਾ ਹੀ ਉਹਨਾਂ ਨੂੰ ਇਹ ਪਤਾ ਹੁੰਦਾ ਹੈ ਕਿ ਦੇਸ਼ਾਂ ਦੇ ਵਿਚਕਾਰ ਲੜਾਈ ਕਿਉਂ ਹੋ ਰਹੀ ਹੈ। ਉਹ ਤਾਂ ਸਿਰਫ਼ ਖੇਡਣ, ਪੜ੍ਹਨ ਅਤੇ ਸੁਪਨੇ ਦੇਖਣ ਦੇ ਹੱਕਦਾਰ ਹੁੰਦੇ ਹਨ। ਫਿਰ ਵੀ ਯੁੱਧ ਦੀ ਅੱਗ ਸਭ ਤੋਂ ਪਹਿਲਾਂ ਉਹਨਾਂ ਦੀ ਮਾਸੂਮ ਜ਼ਿੰਦਗੀ ਨੂੰ ਹੀ ਸਾੜ ਦਿੰਦੀ ਹੈ। ਜਦੋਂ ਕਿਸੇ ਸ਼ਹਿਰ ਜਾਂ ਪਿੰਡ ਵਿੱਚ ਬੰਬਬਾਰੀ ਹੁੰਦੀ ਹੈ ਤਾਂ ਉਹ ਸਿਰਫ਼ ਫੌਜੀ ਢਾਂਚਿਆਂ ਨੂੰ ਹੀ ਨਹੀਂ ਤਬਾਹ ਕਰਦੀ, ਸਗੋਂ ਘਰਾਂ, ਸਕੂਲਾਂ, ਹਸਪਤਾਲਾਂ ਅਤੇ ਬਾਜ਼ਾਰਾਂ ਨੂੰ ਵੀ ਮਿਟਾ ਦਿੰਦੀ ਹੈ। ਇਹ ਸਾਰੇ ਥਾਂ ਉਹ ਹਨ ਜਿੱਥੇ ਬੱਚਿਆਂ ਦੀ ਜ਼ਿੰਦਗੀ ਵਸਦੀ ਹੈ। ਇਸ ਕਰਕੇ ਯੁੱਧ ਦੀ ਹਰ ਗੋਲੀ ਅਤੇ ਹਰ ਮਿਸਾਈਲ ਅਕਸਰ ਬੇਗੁਨਾਹ ਬੱਚਿਆਂ ਦੀ ਜ਼ਿੰਦਗੀ ਤੇ ਵੀ ਹਮਲਾ ਬਣ ਜਾਂਦੀ ਹੈ। ਮਨੁੱਖਤਾ ਲਈ ਇਹ ਇਕ ਐਸਾ ਸਵਾਲ ਬਣ ਜਾਂਦਾ ਹੈ ਜਿਸਦਾ ਜਵਾਬ ਲੱਭਣਾ ਮੁਸ਼ਕਲ ਹੈ ਕਿ ਆਖ਼?ਰ ਇਹ ਬੱਚੇ ਕਿਸ ਗੁਨਾਹ ਦੀ ਸਜ਼ਾ ਭੁਗਤ ਰਹੇ ਹਨ। ਅੰਤਰਰਾਸ਼ਟਰੀ ਪੱਧਰ ਤੇ ਕੰਮ ਕਰਨ ਵਾਲੀ ਸੰਸਥਾ ਸੰਯੁਕਤ ਰਾਸ਼ਟਰ ਸੰਘ ਅਤੇ ਬੱਚਿਆਂ ਲਈ ਕੰਮ ਕਰਨ ਵਾਲੀ ਸੰਸਥਾ( ”©9356 )ਯੂਨੀਸੈਫ ਦੀਆਂ ਰਿਪੋਰਟਾਂ ਦੱਸਦੀਆਂ ਹਨ ਕਿ ਅੱਜ ਦੁਨੀਆ ਵਿੱਚ ਲਗਭਗ 468 ਮਿਲੀਅਨ ਬੱਚੇ ਉਹਨਾਂ ਖੇਤਰਾਂ ਵਿੱਚ ਰਹਿੰਦੇ ਹਨ ਜਿੱਥੇ ਹਥਿਆਰਬੰਦ ਟਕਰਾਅ ਜਾਂ ਯੁੱਧ ਦੀ ਸਥਿਤੀ ਮੌਜੂਦ ਹੈ। ਇਹ ਗਿਣਤੀ ਮਨੁੱਖੀ ਸਮਾਜ ਲਈ ਚਿੰਤਾ ਦਾ ਵਿਸ਼ਾ ਹੈ, ਕਿਉਂਕਿ ਇਸਦਾ ਮਤਲਬ ਹੈ ਕਿ ਦੁਨੀਆ ਦਾ ਹਰ ਪੰਜਵਾਂ ਬੱਚਾ ਹਿੰਸਾ ਅਤੇ ਡਰ ਦੇ ਮਾਹੌਲ ਵਿੱਚ ਆਪਣਾ ਬਚਪਨ ਗੁਜ਼ਾਰ ਰਿਹਾ ਹੈ। ਇਤਿਹਾਸ ਵਿੱਚ ਨਜ਼ਰ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਯੁੱਧਾਂ ਨੇ ਬੱਚਿਆਂ ਨੂੰ ਕਿੰਨਾ ਵੱਡਾ ਨੁਕਸਾਨ ਪਹੁੰਚਾਇਆ ਹੈ। 1939 ਤੋਂ 1945 ਤੱਕ ਚੱਲੇ ਦੂਜੀ ਸੰਸਾਰ ਜੰਗ ਵਿੱਚ ਲਗਭਗ 7 ਤੋਂ 8.5 ਕਰੋੜ ਲੋਕ ਮਾਰੇ ਗਏ। ਇਤਿਹਾਸਕਾਰਾਂ ਦੇ ਅਨੁਸਾਰ ਇਸ ਵਿੱਚੋਂ ਲਗਭਗ ਦੋ ਕਰੋੜ ਬੱਚੇ ਸਿੱਧੇ ਜਾਂ ਅਪਰੋਕਸ਼ ਤੌਰ ਤੇ ਯੁੱਧ ਦੇ ਪ੍ਰਭਾਵਾਂ ਨਾਲ ਮਰੇ। ਇਸ ਯੁੱਧ ਦੌਰਾਨ 1945 ਵਿੱਚ ਜਪਾਨ ਦੇ ਸ਼ਹਿਰਾਂ ਤੇ ਹੋਈਆਂ ਆਟੋਮਿਕ ਬੰਬ ਜੋਂ ਹੀਰੋਸ਼ੀਮਾ ਅਤੇ ਨਾਗਾਸਾਕੀ ਸੁੱਟੇ ਗਏ ਦੀਆਂ ਘਟਨਾਵਾਂ ਨੇ ਦੁਨੀਆ ਨੂੰ ਹਿਲਾ ਕੇ ਰੱਖ ਦਿੱਤਾ ਸੀ। ਹੀਰੋਸ਼ੀਮਾ ਵਿੱਚ ਜਦੋਂ ਐਟਮ ਬੰਬ ਡਿੱਗਿਆ ਤਾਂ ਕੁਝ ਸਕਿੰਟਾਂ ਵਿੱਚ ਹੀ ਹਜ਼ਾਰਾਂ ਸਕੂਲੀ ਬੱਚੇ ਸੜ ਕੇ ਮਰ ਗਏ ਅਤੇ ਕਈ ਹੋਰ ਬੱਚੇ ਅਗਲੇ ਸਾਲਾਂ ਵਿੱਚ ਰੇਡੀਏਸ਼ਨ ਕਾਰਨ ਮਰਦੇ ਰਹੇ। ਵੀਹਵੀਂ ਸਦੀ ਦੇ ਦੂਜੇ ਅੱਧ ਵਿੱਚ ਹੋਇਆ ਵੀਅਤਨਾਮ ਜੰਗ ਵੀ ਬੱਚਿਆਂ ਲਈ ਇੱਕ ਵੱਡੀ ਤ੍ਰਾਸਦੀ ਬਣਿਆ। 1955 ਤੋਂ 1975 ਤੱਕ ਚੱਲੇ ਇਸ ਯੁੱਧ ਵਿੱਚ ਲਗਭਗ 20 ਲੱਖ ਨਾਗਰਿਕ ਮਾਰੇ ਗਏ। ਬੰਬਬਾਰੀ ਅਤੇ ਰਸਾਇਣਕ ਹਥਿਆਰਾਂ ਦੇ ਇਸਤੇਮਾਲ ਕਾਰਨ ਲੱਖਾਂ ਬੱਚੇ ਜ਼ਖ਼ਮੀ ਹੋਏ, ਅਪਾਹਜ ਹੋਏ ਜਾਂ ਬੇਘਰ ਹੋ ਗਏ। ਕਈ ਪਿੰਡ ਅਤੇ ਸ਼ਹਿਰ ਐਸੇ



ਸਨ ਜਿੱਥੇ ਪੂਰੀਆਂ ਪੀੜ੍ਹੀਆਂ ਯੁੱਧ ਦੀ ਭੇਂਟ ਚੜ੍ਹ ਗਈਆਂ। ਇੱਕਵੀ ਸਦੀ ਵਿੱਚ ਵੀ ਹਾਲਾਤ ਜ਼ਿਆਦਾ ਨਹੀਂ ਬਦਲੇ। 2011 ਵਿੱਚ ਸ਼ੁਰੂ ਹੋਇਆ ਸੀਰੀਆ ਸਿਵਲ ਵਾਰ ਅੱਜ ਵੀ ਮਨੁੱਖਤਾ ਲਈ ਇੱਕ ਵੱਡਾ ਜ਼ਖ਼ਮ ਬਣਿਆ ਹੋਇਆ ਹੈ। ਇਸ ਯੁੱਧ ਵਿੱਚ ਪੰਜ ਲੱਖ ਤੋਂ ਵੱਧ ਲੋਕ ਮਾਰੇ ਜਾ ਚੁੱਕੇ ਹਨ। ਯੂਨੀਸੈਫ UNICEF ਦੇ ਅੰਕੜਿਆਂ ਮੁਤਾਬਕ 12 ਹਜ਼ਾਰ ਤੋਂ ਵੱਧ ਬੱਚੇ ਮਾਰੇ ਗਏ ਅਤੇ 25 ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ। ਲੱਖਾਂ ਬੱਚੇ ਆਪਣੇ ਘਰ ਛੱਡ ਕੇ ਸ਼ਰਨਾਰਥੀ ਕੈਂਪਾਂ ਵਿੱਚ ਰਹਿਣ ਲਈ ਮਜਬੂਰ ਹੋ ਗਏ। ਮੱਧ ਪੂਰਬ ਵਿੱਚ ਚੱਲ ਰਹੀ Yemeni Civil War ਵੀ ਬੱਚਿਆਂ ਲਈ ਇੱਕ ਭਿਆਨਕ ਸੰਕਟ ਬਣੀ ਹੋਈ ਹੈ। 2015 ਤੋਂ ਬਾਅਦ ਦੇ ਅੰਕੜਿਆਂ ਮੁਤਾਬਕ ਦਸ ਹਜ਼ਾਰ ਤੋਂ ਵੱਧ ਬੱਚੇ ਮਾਰੇ ਜਾਂ ਜ਼ਖ਼ਮੀ ਹੋਏ ਹਨ। ਇਸ ਤੋਂ ਇਲਾਵਾ ਲਗਭਗ ਵੀਹ ਲੱਖ ਬੱਚੇ ਭੁੱਖਮਰੀ ਅਤੇ ਕੁਪੋਸ਼ਣ ਦੇ ਖਤਰੇ ਹੇਠ ਹਨ। ਯੁੱਧ ਕਾਰਨ ਖਾਣ-ਪੀਣ ਦੀ ਕਮੀ ਅਤੇ ਸਿਹਤ ਸਹੂਲਤਾਂ ਦੇ ਟੁੱਟ ਜਾਣ ਨਾਲ ਬੱਚਿਆਂ ਦੀ ਜ਼ਿੰਦਗੀ ਹੋਰ ਵੀ ਮੁਸ਼ਕਲ ਬਣ ਗਈ ਹੈ। ਯੂਰਪ ਵਿੱਚ 2022 ਵਿੱਚ ਸ਼ੁਰੂ ਹੋਈ ਰਹੀਆਂ ਦਾ ਯੂਕਰੇਨ ਤੇ ਹਮਲੇ ਨੇ ਵੀ ਬੱਚਿਆਂ ਦੀ ਜ਼ਿੰਦਗੀ ਉੱਤੇ ਗਹਿਰਾ ਅਸਰ ਪਾਇਆ ਹੈ। ਸੰਯੁਕਤ ਰਾਸ਼ਟਰ ਸੰਘ ਦੇ ਅਨੁਸਾਰ ਇਸ ਯੁੱਧ ਵਿੱਚ ਸੈਂਕੜੇ ਬੱਚੇ ਮਾਰੇ ਗਏ ਅਤੇ ਹਜ਼ਾਰ ਤੋਂ ਵੱਧ ਜ਼ਖ਼ਮੀ ਹੋਏ। ਲੱਖਾਂ ਬੱਚੇ ਆਪਣੇ ਘਰਾਂ ਤੋਂ ਬੇਘਰ ਹੋ ਕੇ ਦੂਜੇ ਦੇਸ਼ਾਂ ਵਿੱਚ ਸ਼ਰਨ ਲੈਣ ਲਈ ਮਜਬੂਰ ਹੋ ਗਏ। ਯੁੱਧ ਦਾ ਅਸਰ ਸਿਰਫ਼ ਮੌਤਾਂ ਤੱਕ ਹੀ ਸੀਮਿਤ ਨਹੀਂ ਰਹਿੰਦਾ। ਇਹ ਬੱਚਿਆਂ ਦੇ ਭਵਿੱਖ ਨੂੰ ਵੀ ਤਬਾਹ ਕਰ ਦਿੰਦਾ ਹੈ। ਯੁੱਧ ਦੌਰਾਨ ਸਕੂਲ ਤਬਾਹ ਹੋ ਜਾਂਦੇ ਹਨ ਅਤੇ ਸਿੱਖਿਆ ਦੀ ਪ੍ਰਕਿਰਿਆ ਰੁਕ ਜਾਂਦੀ ਹੈ। ਯੂਨੈਸਕੋ (UNESCO) ਦੇ ਅਨੁਸਾਰ ਦੁਨੀਆ ਵਿੱਚ ਲਗਭਗ ਸਾਢੇ ਸੱਤ ਕਰੋੜ ਬੱਚੇ ਯੁੱਧ ਪ੍ਰਭਾਵਿਤ ਖੇਤਰਾਂ ਵਿੱਚ ਸਿੱਖਿਆ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਤੋਂ ਇਲਾਵਾ ਬੰਬਬਾਰੀ ਅਤੇ ਹਿੰਸਾ ਦੇ ਦਰਸ਼ਨ ਕਰਨ ਵਾਲੇ ਬੱਚਿਆਂ ਵਿੱਚ ਡਰ, ਤਣਾਅ ਅਤੇ ਮਨੋਵਿਗਿਆਨਕ ਸਦਮੇ ਦੀ ਸਮੱਸਿਆ ਵੀ ਵੱਧ ਜਾਂਦੀ ਹੈ। ਕਈ ਖੇਤਰਾਂ ਵਿੱਚ ਹਥਿਆਰਬੰਦ ਗਰੁੱਪ ਬੱਚਿਆਂ ਨੂੰ ਜ਼ਬਰਦਸਤੀ ਆਪਣੇ ਨਾਲ ਸ਼ਾਮਲ ਕਰ ਲੈਂਦੇ ਹਨ। ਉਹਨਾਂ ਨੂੰ ਹਥਿਆਰ ਚੁੱਕਣ ਲਈ ਮਜਬੂਰ ਕੀਤਾ ਜਾਂਦਾ ਹੈ। ਇਸ ਤਰ੍ਹਾਂ ਬਚਪਨ ਦੀ ਮਾਸੂਮਿਯਤ ਇੱਕ ਖ਼ੂਨੀ ਟਕਰਾਅ ਦਾ ਹਿੱਸਾ ਬਣ ਜਾਂਦੀ ਹੈ। ਮਨੁੱਖੀ ਅਧਿਕਾਰ ਸੰਸਥਾਵਾਂ ਦੇ ਅਨੁਸਾਰ ਦੁਨੀਆ ਵਿੱਚ ਅਜੇ ਵੀ ਹਜ਼ਾਰਾਂ ਬੱਚੇ ਐਸੇ ਹਨ ਜੋ ਜੰਗਾਂ ਵਿੱਚ ਬਾਲ ਸੈਨਿਕਾਂ ਵਜੋਂ ਵਰਤੇ ਜਾ ਰਹੇ ਹਨ। ਬੱਚਿਆਂ ਦੀ ਸੁਰੱਖਿਆ ਲਈ ਅੰਤਰਰਾਸ਼ਟਰੀ ਪੱਧਰ ਤੇ ਕਈ ਕਾਨੂੰਨ ਵੀ ਬਣਾਏ ਗਏ ਹਨ। 1989 ਵਿੱਚ ਬਣੀ ਕਨਵੈਨਸ਼ਨ ਆਨ ਦਾ ਰਾਈਟ ਆਫ਼ ਦਾ ਚਾਈਲਡ Convention on the Rights of the Child ਬੱਚਿਆਂ ਦੇ ਅਧਿਕਾਰਾਂ ਦੀ ਸਭ ਤੋਂ ਮਹੱਤਵਪੂਰਨ ਸੰਧੀ ਹੈ। ਇਸ ਵਿੱਚ ਇਹ ਸਪਸ਼ਟ ਕੀਤਾ ਗਿਆ ਹੈ ਕਿ ਹਰ ਬੱਚੇ ਨੂੰ ਜੀਵਨ, ਸਿੱਖਿਆ ਅਤੇ ਸੁਰੱਖਿਆ ਦਾ ਅਧਿਕਾਰ ਹੈ। ਇਸ ਤੋਂ ਇਲਾਵਾ ਜਨੇਵਾ ਕਨਵੈਨਸ਼ਨ (Geneva Conventions) ਦੇ ਅਧੀਨ ਯੁੱਧ ਦੇ ਸਮੇਂ ਨਾਗਰਿਕਾਂ ਅਤੇ ਬੱਚਿਆਂ ਨੂੰ ਨਿਸ਼ਾਨਾ ਬਣਾਉਣਾ ਜੰਗੀ ਅਪਰਾਧ ਮੰਨਿਆ ਜਾਂਦਾ ਹੈ। ਪਰ ਅਫਸੋਸ ਦੀ ਗੱਲ ਇਹ ਹੈ ਕਿ ਅਸਲ ਯੁੱਧਾਂ ਵਿੱਚ ਇਹ ਕਾਨੂੰਨ ਅਕਸਰ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਜਾਂਦੇ ਹਨ। ਅਸਲ ਵਿਚ ਜਦੋਂ ਵੀ ਕਿਸੇ ਯੁੱਧ ਵਿੱਚ ਕੋਈ ਬੱਚਾ ਮਰਦਾ ਹੈ ਤਾਂ ਉਹ ਸਿਰਫ਼ ਇੱਕ ਜਾਨ ਦੀ ਮੌਤ ਨਹੀਂ ਹੁੰਦੀ। ਉਹ ਇੱਕ ਪਰਿਵਾਰ ਦੀ ਉਮੀਦ ਦਾ ਅੰਤ ਹੁੰਦਾ ਹੈ, ਇੱਕ ਸਮਾਜ ਦਾ ਭਵਿੱਖ ਖਤਮ ਹੋ ਜਾਂਦਾ ਹੈ ਅਤੇ ਮਨੁੱਖਤਾ ਦੀ ਹਾਰ ਹੁੰਦੀ ਹੈ। ਯੁੱਧ ਸਾਨੂੰ ਇਹ ਸੋਚਣ ਲਈ ਮਜਬੂਰ ਕਰਦੇ ਹਨ ਕਿ ਕੀ ਤਾਕਤ ਅਤੇ ਰਾਜਨੀਤਿਕ ਲਾਭ ਮਨੁੱਖੀ ਜ਼ਿੰਦਗੀ ਤੋਂ ਵੱਡੇ ਹਨ। ਇਸ ਲਈ ਦੁਨੀਆ ਦੇ ਦੇਸ਼ਾਂ ਅਤੇ ਨੇਤਾਵਾਂ ਨੂੰ ਇਹ ਸਮਝਣ ਦੀ ਲੋੜ ਹੈ ਕਿ ਅਸਲ ਤਰੱਕੀ ਯੁੱਧਾਂ ਵਿੱਚ ਨਹੀਂ, ਸਗੋਂ ਅਮਨ ਅਤੇ ਮਨੁੱਖੀ ਮੁੱਲਾਂ ਦੀ ਰੱਖਿਆ ਵਿੱਚ ਹੈ। ਜਦੋਂ ਤੱਕ ਸੰਸਾਰ ਯੁੱਧਾਂ ਦੀ ਬਜਾਏ ਸੰਵਾਦ ਅਤੇ ਸ਼ਾਂਤੀ ਦਾ ਰਸਤਾ ਨਹੀਂ ਚੁਣੇਗਾ, ਤਦ ਤੱਕ ਬੇਗੁਨਾਹ ਬੱਚਿਆਂ ਦੀਆਂ ਮੌਤਾਂ ਮਨੁੱਖਤਾ ਦੇ ਜ਼ਮੀਰ ਨੂੰ ਝੰਜੋੜਦੀਆਂ ਰਹਿਣਗੀਆਂ। ਅਖੀਰਕਾਰ ਸਵਾਲ ਫਿਰ ਉਹੀ ਰਹਿ ਜਾਂਦਾ ਹੈ ਯੁੱਧਾਂ ਵਿੱਚ ਮਾਰੇ ਜਾਣ ਵਾਲੇ ਬੱਚਿਆਂ ਦਾ ਆਖ਼ਰ ਕੀ ਕਸੂਰ ਹੁੰਦਾ ਹੈ? ਅਸਲ ਵਿੱਚ ਉਹਨਾਂ ਦਾ ਕੋਈ ਕਸੂਰ ਨਹੀਂ ਹੁੰਦਾ। ਉਹ ਸਿਰਫ਼ ਉਹਨਾਂ ਫੈਸਲਿਆਂ ਦੀ ਸਜ਼ਾ ਭੁਗਤਦੇ ਹਨ ਜੋ ਵੱਡੇ ਲੋਕਾਂ ਦੀ ਰਾਜਨੀਤੀ ਅਤੇ ਤਾਕਤ ਦੀ ਦੌੜ ਵਿੱਚ ਲਏ ਜਾਂਦੇ ਹਨ। ਮਨੁੱਖਤਾ ਲਈ ਇਹੀ ਸਭ ਤੋਂ ਵੱਡੀ ਤ੍ਰਾਸਦੀ ਹੈ।

**ਜਗਤਾਰ ਸਿੰਘ ਮਾਨਸਾ**

# ਕਾਹਦੇ ਸ਼ਹੀਦੇ ਆਜ਼ਮ....?

ਜ਼ਿਕਰ ਪੰਜਾਬ

23 ਮਾਰਚ ਦਾ ਦਿਨ ਭਾਰਤੀ ਇਤਿਹਾਸ ਵਿੱਚ ਇੱਕ ਅਜਿਹਾ ਦਿਨ ਹੈ ਜਿਸ ਨੂੰ ਪੂਰੇ ਦੇਸ਼ ਵਿੱਚ ਸ਼ਹਾਦਤ ਦੇ ਪ੍ਰਤੀਕ ਵਜੋਂ ਯਾਦ ਕੀਤਾ ਜਾਂਦਾ ਹੈ। ਇਸ ਦਿਨ 1931 ਵਿੱਚ ਸਰਦਾਰ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੇ ਲਾਹੌਰ ਜੇਲ੍ਹ ਵਿੱਚ ਫਾਂਸੀ ਦੇ ਰੱਸੇ ਨੂੰ ਹੱਸਦੇ ਹੱਸਦੇ ਚੁੰਮਿਆ ਸੀ। ਉਹਨਾਂ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਜਵਾਨ ਜਾਨਾਂ ਨੂੰ ਕੁਰਬਾਨ ਕਰ ਦਿੱਤਾ, ਤਾਂ ਜੋ ਭਾਰਤ ਦੀ ਧਰਤੀ ਤੇ ਅੰਗਰੇਜ਼ੀ ਗੁਲਾਮੀ ਦਾ ਅੰਤ ਹੋ ਸਕੇ। ਭਗਤ ਸਿੰਘ ਦੀ ਸੋਚ ਬਹੁਤ ਅੱਗੇ ਦੀ ਸੀ, ਉਹ ਨਾ ਸਿਰਫ਼ ਅੰਗਰੇਜ਼ਾਂ ਨੂੰ ਭਜਾਉਣਾ ਚਾਹੁੰਦੇ ਸਨ ਬਲਕਿ ਇੱਕ ਅਜਿਹੇ ਸਮਾਜ ਦੀ ਕਲਪਨਾ ਕਰਦੇ ਸਨ ਜਿੱਥੇ ਸ਼ੋਸ਼ਣ, ਬੇਰੁਜ਼ਗਾਰੀ ਅਤੇ ਅਸਮਾਨਤਾ ਨਾ ਹੋਵੇ। ਉਹਨਾਂ ਨੇ ਆਪਣੀ ਸ਼ਹਾਦਤ ਨਾਲ ਨੌਜਵਾਨਾਂ ਵਿੱਚ ਇਨਕਲਾਬ ਦੀ ਚੇਤਨਾ ਜਗਾਈ ਅਤੇ ਦੇਸ਼ ਨੂੰ ਆਜ਼ਾਦੀ ਵੱਲ ਤੇਜ਼ੀ ਨਾਲ ਧੱਕਿਆ। ਪਰ ਅੱਜ, ਆਜ਼ਾਦੀ ਨੂੰ ਲਗਭਗ 80 ਸਾਲ ਬੀਤ ਜਾਣ ਤੋਂ ਬਾਅਦ ਵੀ, ਇਹਨਾਂ ਮਹਾਨ ਸੂਰਵੀਰਾਂ ਨੂੰ ਅਸਲੀ ਸਨਮਾਨ ਮਿਲਣਾ ਅਜੇ ਅਧੂਰਾ ਹੈ।

ਦੇਸ਼ ਦੀਆਂ ਵੱਖ-ਵੱਖ ਸਰਕਾਰਾਂ ਹਰ ਸਾਲ 23 ਮਾਰਚ ਨੂੰ ਸ਼ਹੀਦੇ ਆਜ਼ਮ ਭਗਤ ਸਿੰਘ ਦੀ ਸ਼ਹਾਦਤ ਨੂੰ ਯਾਦ ਕਰਦੀਆਂ ਹਨ। ਅਖਬਾਰਾਂ ਵਿੱਚ ਵੱਡੇ-ਵੱਡੇ ਵਿਗਿਆਪਨ, ਸੋਸ਼ਲ ਮੀਡੀਆ ਤੇ ਪੋਸਟਾਂ, ਟੈਲੀਵਿਜ਼ਨ ਚੈਨਲਾਂ ਤੇ ਖਾਸ ਪ੍ਰੋਗਰਾਮ ਅਤੇ ਜਨਤਕ ਪਲੇਟਫਾਰਮਾਂ ਤੇ ਭਾਸ਼ਣ ਦਿੱਤੇ ਜਾਂਦੇ ਹਨ। ਇਹਨਾਂ ਵਿੱਚ ਸਰਕਾਰੀ ਪਾਰਟੀਆਂ ਆਪਣੇ ਆਪ ਨੂੰ ਭਗਤ ਸਿੰਘ ਦੇ ਵਿਚਾਰਾਂ ਦਾ ਸੱਚਾ ਵਾਰਸ ਦੱਸਦੀਆਂ ਹਨ ਅਤੇ ਲੋਕਾਂ ਨੂੰ ਯਾਦ ਕਰਵਾਉਂਦੀਆਂ ਹਨ ਕਿ ਉਹਨਾਂ ਨੇ ਹੀ ਭਗਤ ਸਿੰਘ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਕੰਮ ਕੀਤਾ ਹੈ। ਪਰ ਇਹ ਸਭ ਕੁਝ ਵੋਟਾਂ ਦੀ ਰਾਜਨੀਤੀ ਦਾ ਹਿੱਸਾ ਲੱਗਦਾ ਹੈ। ਲੋਕਾਂ ਨੂੰ ਭਾਵਨਾਤਮਕ ਤੌਰ ਤੇ ਆਪਣੇ ਨਾਲ ਜੋੜਨ ਲਈ ਇਹਨਾਂ ਸ਼ੂਰਵੀਰਾਂ ਦਾ ਨਾਮ ਵਰਤਿਆ ਜਾਂਦਾ ਹੈ, ਪਰ ਅਸਲ ਵਿੱਚ ਉਹਨਾਂ ਦੀ ਸ਼ਹਾਦਤ ਦਾ ਮੁੱਲ ਚੁਕਾਉਣ ਦੀ ਕੋਈ ਕੋਸ਼ਿਸ਼ ਨਹੀਂ ਕੀਤੀ ਜਾਂਦੀ। ਸਭ ਤੋਂ ਵੱਡੀ ਅਜੀਬ ਗੱਲ ਇਹ ਹੈ ਕਿ ਆਜ਼ਾਦ ਭਾਰਤ ਵਿੱਚ ਵੀ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਅਧਿਕਾਰਤ ਤੌਰ ਤੇ ਸ਼ਹੀਦ ਦਾ ਦਰਜਾ ਨਹੀਂ ਦਿੱਤਾ ਗਿਆ। ਕਈ ਵਾਰ ਆਰਟੀਆਈ ਰਾਹੀਂ ਪੁੱਛੇ ਗਏ ਸਵਾਲਾਂ ਵਿੱਚ ਗ੍ਰਹਿ ਮੰਤਰਾਲੇ ਨੇ ਕਿਹਾ ਹੈ ਕਿ ਉਹਨਾਂ ਕੋਲ ਕੋਈ ਅਜਿਹਾ ਰਿਕਾਰਡ ਨਹੀਂ ਹੈ ਜਿਸ ਵਿੱਚ ਇਹਨਾਂ ਨੂੰ ਸ਼ਹੀਦ ਘੋਸ਼ਿਤ ਕੀਤਾ ਗਿਆ ਹੋਵੇ। ਕੁਝ



ਸੰਦੀਪ ਕੁਮਾਰ

ਮਾਮਲਿਆਂ ਵਿੱਚ ਅਦਾਲਤਾਂ ਨੇ ਵੀ ਕਿਹਾ ਹੈ ਕਿ ਭਾਰਤੀ ਸੰਵਿਧਾਨ ਦੇ ਅਨੁਛੇਦ 18 ਅਨੁਸਾਰ ਰਾਜ ਵੱਲੋਂ ਕਿਸੇ ਨੂੰ ਵੀ ਟਾਈਟਲ ਜਾਂ ਖਿਤਾਬ ਨਹੀਂ ਦਿੱਤਾ ਜਾ ਸਕਦਾ, ਜਿਸ ਕਰਕੇ ਅਜਿਹਾ ਦਰਜਾ ਨਹੀਂ ਦਿੱਤਾ ਜਾ ਸਕਦਾ। ਪਰ ਇਹ ਬਹਾਨੇ ਲੱਗਦੇ ਹਨ ਕਿਉਂਕਿ ਦੂਜੇ ਤਰ੍ਹਾਂ ਦੇ ਸਨਮਾਨ ਅਤੇ ਪੁਰਸਕਾਰ ਤਾਂ ਦਿੱਤੇ ਜਾਂਦੇ ਹਨ। ਸਰਕਾਰਾਂ ਨੇ ਕਦੇ ਵੀ ਇਸ ਮੁੱਦੇ ਨੂੰ ਗੰਭੀਰਤਾ ਨਾਲ ਨਹੀਂ ਲਿਆ ਅਤੇ ਨਾ ਹੀ ਕੋਈ ਨੀਤੀ ਬਣਾਈ ਜਿਸ ਨਾਲ ਆਜ਼ਾਦੀ ਸੰਘਰਸ਼ ਵਿੱਚ ਜਾਨ ਵਾਰਨ ਵਾਲਿਆਂ ਨੂੰ ਅਧਿਕਾਰਤ ਸ਼ਹੀਦ ਮੰਨਿਆ ਜਾ ਸਕੇ।

ਇਸ ਤੋਂ ਵੀ ਵੱਡੀ ਗੱਲ ਇਹ ਹੈ ਕਿ ਕੁਝ ਸਿੱਖਿਆ ਸੰਸਥਾਵਾਂ ਵਿੱਚ ਅਜੇ ਵੀ ਭਗਤ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਲੁਟੇਰੇ, ਡਾਕੂ ਜਾਂ ਅੱਤਵਾਦੀ ਵਜੋਂ ਦਰਸਾਇਆ ਜਾਂਦਾ ਰਿਹਾ ਹੈ। ਅੰਗਰੇਜ਼ਾਂ ਵੱਲੋਂ ਲਿਖੇ ਗਏ ਇਤਿਹਾਸ ਨੂੰ ਅੱਜ ਵੀ ਕਿਤੇ-ਨਾ-ਕਿਤੇ ਅੱਗੇ ਵਧਾਇਆ ਜਾ ਰਿਹਾ ਹੈ। ਇਸ ਘਟੀਆ ਵਿਚਾਰਧਾਰਾ ਦੇ ਵਿਰੋਧ ਵਿੱਚ ਕੋਈ ਵੀ ਰਾਜਨੀਤਿਕ ਪਾਰਟੀ ਪੂਰੀ ਤਾਕਤ ਨਾਲ ਨਹੀਂ ਖੜੀ ਹੋਈ। ਜੇ ਅਸਲ ਵਿੱਚ ਭਗਤ ਸਿੰਘ ਦੇ ਵਿਚਾਰਾਂ ਨੂੰ ਸਨਮਾਨ ਦੇਣਾ ਹੁੰਦਾ ਤਾਂ ਉਹਨਾਂ ਨੂੰ ਸ਼ਹੀਦ ਦਾ ਦਰਜਾ ਦੇਣ ਲਈ ਕਾਨੂੰਨੀ ਰਾਹ ਲੱਭ ਲਏ ਜਾਂਦੇ। ਪਰ ਇਹ ਨਹੀਂ ਹੋਇਆ। ਇਸ ਨਾਲ ਲੱਗਦਾ ਹੈ ਕਿ ਸਰਕਾਰਾਂ ਅੰਗਰੇਜ਼ੀ ਪਰੰਪਰਾਵਾਂ ਨੂੰ ਅੱਜ ਵੀ ਜਾਰੀ ਰੱਖ ਰਹੀਆਂ ਹਨ ਅਤੇ ਭਗਤ ਸਿੰਘ ਅਤੇ ਉਸ ਦੇ ਸਾਥੀਆਂ ਵਰਗੇ ਕ੍ਰਾਂਤੀਕਾਰੀਆਂ ਨੂੰ ਪੂਰਾ ਸਨਮਾਨ ਨਹੀਂ ਦੇਣਾ ਚਾਹੁੰਦੀਆਂ। ਸੱਚਾਈ ਇਹ ਹੈ ਕਿ ਜਦ ਤੱਕ ਕੋਈ ਸਰਕਾਰ ਅਸਲੀ ਹੌਂਸਲੇ ਨਾਲ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਨੂੰ ਸ਼ਹੀਦ ਦਾ ਅਧਿਕਾਰਤ ਦਰਜਾ ਨਹੀਂ ਦੇਵੇਗੀ, ਉਦੋਂ ਤੱਕ 23 ਮਾਰਚ ਨੂੰ ਮਨਾਏ ਜਾਣ ਵਾਲੇ ਸਮਾਗਮ ਸਿਰਫ਼ ਰਸਮੀ ਅਤੇ ਵੋਟਾਂ ਲਈ ਰਾਜਨੀਤੀ ਵਰਗੇ ਲੱਗਦੇ ਰਹਿਣਗੇ। ਇਹ ਇਹਨਾਂ ਸੂਰਵੀਰਾਂ ਦੀ ਸ਼ਹਾਦਤ ਨਾਲ ਖਿਲਵਾੜ ਹੈ। ਉਹਨਾਂ ਨੇ ਚੜ੍ਹਦੀ ਜਵਾਨੀ ਵਿੱਚ ਆਪਣੀ ਜਾਨ ਵਾਰੀ, ਪਰ ਅੱਜ ਵੀ ਉਹਨਾਂ ਨੂੰ ਉਹ ਬਣਦਾ ਮਾਣ ਨਹੀਂ ਮਿਲ ਰਿਹਾ ਹੈ। ਸਰਕਾਰਾਂ ਇਹਨਾਂ ਸ਼ੂਰਵੀਰਾਂ ਦੇ ਨਾਮ ਤੇ ਸਮਾਗਮ ਕਰਕੇ ਸਿਰਫ ਆਪਣੀ ਮਸ਼ਹੂਰੀ ਕਰਨ ਨੂੰ ਤਰਜੀਹ ਦਿੰਦੀਆਂ ਹਨ, ਪਰ ਅਸਲ ਵਿੱਚ ਸ਼ਹੀਦੇ ਆਜ਼ਮ ਦਾ ਦਿਨ ਤਾਂ ਉਸ ਦਿਨ ਮਨਾਉਣ ਯੋਗ ਹੋਵੇਗਾ ਜਦੋਂ ਇਹਨਾਂ ਮਹਾਨ ਸੂਰਵੀਰਾਂ ਨੂੰ ਸ਼ਹੀਦ ਦਾ ਪੂਰਾ ਦਰਜਾ ਮਿਲ ਜਾਵੇਗਾ ਅਤੇ ਉਹਨਾਂ ਦੀ ਸਹਾਦਤ ਨੂੰ ਅਸਲੀ ਮੁੱਲ ਮਿਲੇਗਾ। ਸਰਕਾਰਾਂ ਵੱਲੋਂ ਲੋਕਾਚਾਰੀ ਇਹਨਾਂ ਦੇ ਦਿਨ ਮਨਾਉਣੇ ਹੋਰ ਕੁੱਝ ਨਹੀਂ ਉਹਨਾਂ ਦੀ ਸ਼ਹਾਦਤ ਦਾ ਮਜ਼ਾਕ ਉਡਾਉਣ ਵਰਗਾ ਹੈ। ਸਾਨੂੰ ਸੋਚਣਾ ਚਾਹੀਦਾ ਹੈ ਕਿ ਜੇ ਅਸੀਂ ਭਗਤ ਸਿੰਘ ਵਰਗੇ ਵੀਰਾਂ ਨੂੰ ਸੱਚੇ ਮਨ ਨਾਲ ਸਨਮਾਨ ਨਹੀਂ ਦੇ ਸਕਦੇ ਤਾਂ ਉਹਨਾਂ ਦੇ ਨਾਂ ਤੇ ਰਾਜਨੀਤੀ ਕਰਨ ਦਾ ਅਧਿਕਾਰ ਵੀ ਨਹੀਂ ਬਣਦਾ। ਭਗਤ ਸਿੰਘ ਦੇ ਸੁਪਨੇ ਨੂੰ ਪੂਰਾ ਕਰਨ ਲਈ ਸਿਰਫ਼ ਯਾਦਾਂ ਨਹੀਂ, ਅਸਲ ਕੰਮ ਅਤੇ ਸਨਮਾਨ ਚਾਹੀਦਾ ਹੈ। ਜਿਸ ਦਿਨ ਇਹਨਾਂ ਸ਼ੂਰਵੀਰਾਂ ਨੂੰ ਇਹਨਾਂ ਦਾ ਬਣਦਾ ਸਨਮਾਨ ਮਿਲੇਗਾ, ਉਸ ਦਿਨ ਹੀ ਉਹਨਾਂ ਵੱਲੋਂ ਦਿੱਤੀ ਉਹਨਾਂ ਦੀ ਸ਼ਹਾਦਤ ਅਤੇ ਉਹਨਾਂ ਵੱਲੋਂ ਦਿੱਤਾ ਨਾਅਰਾ ਸਾਰਥਕ ਹੋਵੇਗਾ। ਇੰਨਕਲਾਬ! ਜ਼ਿੰਦਾਬਾਦ।

**ਸੰਪਰਕ** : 7009807121

# ਇਰਾਨੀ ਡਰੋਨ: 21ਵੀਂ ਸਦੀ ਦੀ ਜੰਗ ਦਾ ਉਹ 'ਸਸਤਾ' ਹਥਿਆਰ, ਜਿਸ ਨੇ ਸੁਪਰਪਾਵਰ ਅਮਰੀਕਾ ਦੀ ਨੀਂਦ ਉਡਾਈ!

ਵੀਹਵੀਂ ਸਦੀ ਦੇ ਯੁੱਧਾਂ ਵਿੱਚ ਵਿਸ਼ਾਲ ਟੈਂਕ, ਤੋਪਖਾਨੇ ਅਤੇ ਲੜਾਕੂ ਜਹਾਜ਼ ਜਿੱਤ-ਹਾਰ ਦਾ ਫੈਸਲਾ ਕਰਦੇ ਸਨ, ਪਰ ਇੱਕਵੀਂ ਸਦੀ ਨੇ ਜੰਗ ਦੇ ਸਰੂਪ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਅੱਜ ਮਹਿੰਗੇ ਰਵਾਇਤੀ ਹਥਿਆਰਾਂ ਦੀ ਥਾਂ ਸਸਤੇ, ਘਾਤਕ ਅਤੇ ਮਾਨਵ-ਰਹਿਤ ਡਰੋਨਾਂ ਨੇ ਲੈ ਲਈ ਹੈ। ਇਸ ਨਵੀਂ 'ਡਰੋਨ ਤਕਨੀਕ' ਦੇ ਦੌਰ ਵਿੱਚ ਇਰਾਨ ਇੱਕ ਪ੍ਰਮੁੱਖ ਸ਼ਕਤੀ ਵਜੋਂ ਉੱਭਰਿਆ ਹੈ। ਇਰਾਨ ਦੀਆਂ ਵਧਦੀਆਂ ਡਰੋਨ ਸਮਰੱਥਾਵਾਂ ਨੇ ਨਾ ਸਿਰਫ਼ ਮੱਧ-ਪੂਰਬ ਵਿੱਚ ਸ਼ਕਤੀ ਦਾ ਸੰਤੁਲਨ ਵਿਗਾੜਿਆ ਹੈ, ਸਗੋਂ ਅਮਰੀਕਾ ਵਰਗੀ ਮਹਾਂਸ਼ਕਤੀ ਲਈ ਵੀ ਇੱਕ ਗੰਭੀਰ ਚੁਣੌਤੀ ਖੜ੍ਹੀ ਕਰ ਦਿੱਤੀ ਹੈ। ਅਮਰੀਕੀ ਰੱਖਿਆ ਮਾਹਰ ਹੁਣ ਇਰਾਨੀ ਡਰੋਨਾਂ ਨੂੰ ਆਪਣੇ ਹਿੱਤਾਂ ਅਤੇ ਸਹਿਯੋਗੀਆਂ ਲਈ ਸਭ ਤੋਂ ਵੱਡਾ ਖ਼ਤਰਾ ਮੰਨ ਰਹੇ ਹਨ। ਦਹਾਕਿਆਂ ਤੋਂ ਲੱਗੀਆਂ ਅੰਤਰਰਾਸ਼ਟਰੀ ਪਾਬੰਦੀਆਂ ਕਾਰਨ ਇਰਾਨ ਲਈ ਆਧੁਨਿਕ ਲੜਾਕੂ ਜਹਾਜ਼ ਅਤੇ ਭਾਰੀ ਹਥਿਆਰਾਂ ਦੀ ਖਰੀਦ ਲਗਭਗ ਅਸੰਭਵ ਰਹੀ ਹੈ। ਇਸੇ ਰਣਨੀਤਕ ਮਜਬੂਰੀ ਨੇ ਇਰਾਨ ਨੂੰ ਇੱਕ ਨਵਾਂ ਅਤੇ ਪ੍ਰਭਾਵਸ਼ਾਲੀ ਮਾਰਗ ਲੱਭਣ ਲਈ ਪ੍ਰੇਰਿਤ ਕੀਤਾ। ਵੱਡੇ ਅਤੇ ਮਹਿੰਗੇ ਹਥਿਆਰਾਂ ਦੀ ਬਜਾਏ, ਇਰਾਨ ਨੇ ਸਸਤੇ ਪਰ ਘਾਤਕ ਡਰੋਨ ਵਿਕਸਿਤ ਕਰਨ 'ਤੇ ਆਪਣਾ ਪੂਰਾ ਧਿਆਨ ਕੇਂਦਰਿਤ ਕਰ ਦਿੱਤਾ। ਚੀਨ ਵਰਗੇ ਦੇਸ਼ਾਂ ਤੋਂ ਮਿਲੀ ਤਕਨੀਕੀ ਸਹਾਇਤਾ ਅਤੇ ਪੱਛਮੀ ਦੇਸ਼ਾਂ ਦੇ ਡਿੱਗੇ ਹੋਏ ਡਰੋਨਾਂ ਦੀ 'ਰਿਵਰਸ ਇੰਜੀਨੀਅਰਿੰਗ' ਰਾਹੀਂ, ਇਰਾਨ ਨੇ ਇੱਕ ਵਿਸ਼ਾਲ ਅਤੇ ਸ਼ਕਤੀਸ਼ਾਲੀ ਡਰੋਨ ਉਦਯੋਗ ਸਥਾਪਿਤ ਕਰ ਲਿਆ ਹੈ। ਅੱਜ ਇਰਾਨੀ ਫੌਜ ਕੋਲ ਨਿਗਰਾਨੀ, ਸਟੀਕ ਹਮਲੇ ਅਤੇ 'ਆਤਮਘਾਤੀ' ਡਰੋਨਾਂ ਦਾ ਇੱਕ ਅਜਿਹਾ ਜਖ਼ੀਰਾ ਹੈ, ਜਿਸ ਨੇ ਜੰਗ ਦੇ ਮੈਦਾਨ ਦੀਆਂ ਪਰਿਭਾਸ਼ਾਵਾਂ ਬਦਲ ਦਿੱਤੀਆਂ ਹਨ। ਇਰਾਨੀ ਡਰੋਨਾਂ ਦੇ ਜਖ਼ੀਰੇ ਵਿੱਚੋਂ 'ਸ਼ਾਹੀਦ-136' ਸਭ ਤੋਂ ਘਾਤਕ ਅਤੇ ਚਰਚਿਤ ਨਾਮ ਹੈ। ਇਹ ਇੱਕ 'ਕਾਮੀਕਾਜ਼ੇ' ਜਾਂ ਆਤਮਘਾਤੀ ਡਰੋਨ ਹੈ, ਜੋ ਖੁਦ ਇੱਕ ਉੱਡਦੀ ਮਿਜ਼ਾਈਲ ਵਾਂਗ ਕੰਮ ਕਰਦਾ ਹੈ। ਇਸਦੀ ਸਭ ਤੋਂ ਵੱਡੀ ਰਣਨੀਤਕ ਵਿਸ਼ੇਸ਼ਤਾ ਇਸਦਾ ਬਹੁਤ ਘੱਟ ਖਰਚਾ ਅਤੇ ਲੰਬੀ ਦੂਰੀ ਤੱਕ ਮਾਰ ਕਰਨ ਦੀ ਸਮਰੱਥਾ ਹੈ। ਇਹ ਡਰੋਨ ਰਾਡਾਰਾਂ ਦੀ ਪਹੁੰਚ ਤੋਂ ਬਚਣ ਲਈ 'ਲੋ-ਅਲਟੀਟਿਊਡ' ਯਾਨੀ ਜ਼ਮੀਨ ਦੇ ਬਹੁਤ ਕਰੀਬ ਹੋ ਕੇ ਉੱਡਦਾ ਹੈ, ਜਿਸ ਕਾਰਨ ਅਮਰੀਕਾ ਦੇ ਅਤਿ-ਆਧੁਨਿਕ ਅਤੇ ਮਹਿੰਗੇ ਰੱਖਿਆ ਪ੍ਰਣਾਲੀਆਂ ਲਈ ਇਸਨੂੰ ਫੜਨਾ ਲਗਭਗ ਅਸੰਭਵ ਹੋ ਜਾਂਦਾ ਹੈ। ਆਪਣੇ ਨਿਸ਼ਾਨੇ 'ਤੇ ਪਹੁੰਚਦੇ ਹੀ ਇਹ ਇੱਕ 'ਗਾਈਡਡ ਮਿਜ਼ਾਈਲ' ਵਾਂਗ ਟਕਰਾ ਕੇ ਉਸਨੂੰ ਤਬਾਹ ਕਰ ਦਿੰਦਾ ਹੈ। ਈਰਾਨੀ ਡਰੋਨ, ਖਾਸ ਤੌਰ 'ਤੇ ਸ਼ਾਹੀਦ-136, ਰਵਾਇਤੀ ਰਾਕੇਟਾਂ ਦੇ ਮੁਕਾਬਲੇ ਬਿਲਕੁਲ ਵੱਖਰੀ ਰਣਨੀਤੀ ਨਾਲ ਕੰਮ ਕਰਦੇ ਹਨ। ਜਿੱਥੇ ਰਾਕੇਟ ਇੱਕ ਨਿਸ਼ਚਿਤ ਅਤੇ ਪੂਰਵ-ਅਨੁਮਾਨਿਤ ਰਸਤੇ 'ਤੇ ਚੱਲਦੇ ਹਨ—ਜਿਸ ਨੂੰ 'ਆਇਰਨ ਡੋਮ' ਵਰਗੇ ਸਿਸਟਮ ਆਸਾਨੀ ਨਾਲ ਟਰੈਕ ਕਰ ਲੈਂਦੇ ਹਨ—ਉੱਥੇ ਹੀ ਇਹ ਡਰੋਨ ਆਪਣਾ ਰਸਤਾ ਬਦਲਣ ਦੀ ਸਮਰੱਥਾ ਰੱਖਦੇ ਹਨ। ਇਹ ਡਰੋਨ ਬੇਹੱਦ ਘੱਟ ਉਚਾਈ 'ਤੇ ਉੱਡਦੇ ਹਨ, ਜਿਸ ਕਾਰਨ ਇਨ੍ਹਾਂ ਦਾ 'ਰਾਡਾਰ ਸਿਗਨੇਚਰ' ਇੰਨਾ ਛੋਟਾ ਹੁੰਦਾ ਹੈ ਕਿ ਰਾਡਾਰ ਸਿਸਟਮ ਅਕਸਰ ਭੁਲੇਖਾ ਖਾ ਜਾਂਦੇ ਹਨ। ਕਈ ਵਾਰ ਇਹ ਇੰਨੇ ਨੀਵੇਂ ਉੱਡਦੇ ਹਨ ਕਿ ਆਧੁਨਿਕ ਰਾਡਾਰ ਇਨ੍ਹਾਂ ਨੂੰ ਪੰਛੀ ਜਾਂ ਕੋਈ ਗੈਰ-ਫੌਜੀ ਵਸਤੂ ਸਮਝ ਕੇ ਨਜ਼ਰਅੰਦਾਜ਼ ਕਰ ਦਿੰਦੇ ਹਨ, ਜੋ ਕਿ ਦੁਸ਼ਮਣ ਦੇ ਰੱਖਿਆ ਕਵਚ ਵਿੱਚ ਇੱਕ ਵੱਡੀ ਸੰਨ੍ਹ ਹੈ। ਇਰਾਨ ਅਤੇ ਉਸ ਦੇ ਸਹਿਯੋਗੀ ਹੁਣ 'ਸਵਾਰਮ' ਹਮਲੇ ਦੀ ਘਾਤਕ ਰਣਨੀਤੀ ਅਪਣਾ ਰਹੇ ਹਨ, ਜਿਸ ਵਿੱਚ ਇੱਕੋ ਸਮੇਂ 50 ਤੋਂ 100 ਡਰੋਨ ਅਤੇ ਰਾਕੇਟਾਂ ਦੀ ਬੌਛਾਰ ਕੀਤੀ ਜਾਂਦੀ ਹੈ। ਇਸ ਰਣਨੀਤੀ ਦਾ ਮੁੱਖ ਮਕਸਦ ਦੁਸ਼ਮਣ ਦੇ ਰੱਖਿਆ ਕਵਚ ਨੂੰ 'ਓਵਰਲੋਡ' ਕਰਨਾ ਹੈ। ਕਿਉਂਕਿ 'ਆਇਰਨ ਡੋਮ' ਵਰਗੇ ਸਿਸਟਮਾਂ ਕੋਲ ਸੀਮਤ ਗਿਣਤੀ ਵਿੱਚ ਇੰਟਰਸੈਪਟਰ ਮਿਜ਼ਾਈਲਾਂ ਹੁੰਦੀਆਂ ਹਨ, ਇਸ ਲਈ ਹਮਲਾਵਰ ਪਹਿਲਾਂ ਵੱਡੀ ਗਿਣਤੀ ਵਿੱਚ ਸਸਤੇ ਡਰੋਨ ਭੇਜ ਕੇ ਉਨ੍ਹਾਂ ਮਿਜ਼ਾਈਲਾਂ ਨੂੰ ਖ਼ਤਮ ਕਰਵਾ ਦਿੰਦੇ ਹਨ। ਇੱਕ ਵਾਰ ਜਦੋਂ ਰੱਖਿਆ ਪ੍ਰਣਾਲੀ ਖਾਲੀ ਹੋ ਜਾਂਦੀ ਹੈ, ਤਾਂ ਅਸਲ ਖ਼ਤਰਨਾਕ ਅਤੇ ਸਟੀਕ ਮਿਜ਼ਾਈਲਾਂ ਲਈ ਰਸਤਾ ਸਾਫ਼ ਹੋ



ਜਾਂਦਾ ਹੈ, ਜਿਸ ਨਾਲ ਵੱਡੀ ਤਬਾਹੀ ਦਾ ਖ਼ਤਰਾ ਵਧ ਜਾਂਦਾ ਹੈ। ਜੰਗ ਦੇ ਮੈਦਾਨ ਵਿੱਚ ਹੁਣ ਸਿਰਫ਼ ਹਥਿਆਰ ਹੀ ਨਹੀਂ, ਸਗੋਂ 'ਆਰਥਿਕਤਾ' ਵੀ ਇੱਕ ਵੱਡਾ ਹਥਿਆਰ ਬਣ ਚੁੱਕੀ ਹੈ। 'ਆਇਰਨ ਡੋਮ' ਦੀ ਇੱਕ ਇੰਟਰਸੈਪਟਰ ਮਿਜ਼ਾਈਲ ਦੀ ਕੀਮਤ ਲਗਭਗ 35-40 ਲੱਖ ਰੁਪਏ ਹੈ, ਜਦਕਿ ਇਸਦੇ ਮੁਕਾਬਲੇ ਇੱਕ ਇਰਾਨੀ ਆਤਮਘਾਤੀ ਡਰੋਨ ਸਿਰਫ਼ 16-17 ਲੱਖ ਰੁਪਏ ਵਿੱਚ ਤਿਆਰ ਹੋ ਜਾਂਦਾ ਹੈ। ਇਜ਼ਰਾਈਲ ਲਈ ਇਹ ਇੱਕ ਵੱਡਾ ਆਰਥਿਕ ਬੋਝ ਹੈ ਕਿ ਇੱਕ ਸਸਤੇ ਡਰੋਨ ਨੂੰ ਡੇਗਣ ਲਈ ਉਸ ਤੋਂ ਦੁੱਗਣੀ ਕੀਮਤ ਦੀ ਮਿਜ਼ਾਈਲ ਖ਼ਰਚ ਕਰਨੀ ਪੈਂਦੀ ਹੈ। ਇਸੇ 'ਆਰਥਿਕ ਅਸੰਤੁਲਨ' ਨੂੰ ਖ਼ਤਮ ਕਰਨ ਲਈ ਇਜ਼ਰਾਈਲ ਹੁਣ 'ਆਇਰਨ ਬੀਮ' ਨਾਮਕ ਲੇਜ਼ਰ ਰੱਖਿਆ ਪ੍ਰਣਾਲੀ 'ਤੇ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਇਸ ਅਤਿ-ਆਧੁਨਿਕ ਤਕਨੀਕ ਵਿੱਚ ਇੱਕ ਡਰੋਨ ਜਾਂ ਰਾਕੇਟ ਨੂੰ ਡੇਗਣ ਦਾ ਖ਼ਰਚਾ ਮਹਿਜ਼ ਕੁਝ ਡਾਲਰ ਹੋਵੇਗਾ, ਜੋ ਜੰਗ ਦੀ ਰਣਨੀਤੀ ਨੂੰ ਪੂਰੀ ਤਰ੍ਹਾਂ ਬਦਲ ਕੇ ਰੱਖ ਦੇਵੇਗਾ। ਇਰਾਨੀ ਡਰੋਨਾਂ ਨੇ ਆਪਣੀ ਘਾਤਕ ਸਮਰੱਥਾ ਦਾ ਲੋਹਾ ਹੁਣ ਦੁਨੀਆ ਭਰ ਵਿੱਚ ਮਨਵਾ ਲਿਆ ਹੈ।

ਰੂਸ-ਯੂਕਰੇਨ ਜੰਗ ਇਸ ਦਾ ਸਭ ਤੋਂ ਵੱਡਾ ਉਦਾਹਰਨ ਹੈ, ਜਿੱਥੇ ਰੂਸ ਨੇ ਵੱਡੀ ਗਿਣਤੀ ਵਿੱਚ ਸ਼ਾਹੀਦ-136 ਡਰੋਨਾਂ ਦੀ ਵਰਤੋਂ ਕਰਕੇ ਯੂਕਰੇਨ ਦੇ ਊਰਜਾ ਢਾਂਚੇ, ਫੌਜੀ ਟਿਕਾਣਿਆਂ ਅਤੇ ਅਹਿਮ ਸ਼ਹਿਰਾਂ ਵਿੱਚ ਭਾਰੀ ਤਬਾਹੀ ਮਚਾਈ ਹੈ। ਅਮਰੀਕਾ ਲਈ ਇਹ ਸਭ ਤੋਂ ਵੱਡੀ ਚਿੰਤਾ ਦਾ ਵਿਸ਼ਾ ਹੈ ਕਿਉਂਕਿ ਉਸ ਦੇ ਅਤਿ-ਆਧੁਨਿਕ ਅਤੇ ਮਹਿੰਗੇ 'ਪੇਟਰੀਅਟ ਮਿਜ਼ਾਈਲ ਡਿਫੈਂਸ ਸਿਸਟਮ' ਵੀ ਇਨ੍ਹਾਂ ਸਸਤੇ ਇਰਾਨੀ ਡਰੋਨਾਂ ਦੇ 'ਸਵਾਰਮ ਹਮਲਿਆਂ' ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਸਫਲ ਨਹੀਂ ਹੋ ਰਹੇ। ਇਸ ਤੋਂ ਇਲਾਵਾ, ਇਰਾਨ ਨੇ ਆਪਣੇ 'ਪ੍ਰੌਕਸੀ ਗਰੁੱਪਾਂ'—ਜਿਵੇਂ ਯਮਨ ਵਿੱਚ ਹੂਤੀ, ਲੇਬਨਾਨ ਵਿੱਚ ਹਿਜ਼ਬੁੱਲਾ ਅਤੇ ਇਰਾਕੀ ਮਿਲੀਸ਼ੀਆ ਨੂੰ ਇਹ ਤਕਨੀਕ ਸਪਲਾਈ ਕਰਕੇ ਮੱਧ-ਪੂਰਬ ਦੀ ਸੁਰੱਖਿਆ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਹੂਤੀ ਵਿਦਰੋਹੀਆਂ ਵੱਲੋਂ ਸਾਊਦੀ ਅਰਬ ਦੇ 'ਆਰਾਮਕੋ' ਤੇਲ ਖੇਤਰਾਂ ਅਤੇ ਹਵਾਈ ਅੱਡਿਆਂ 'ਤੇ ਕੀਤੇ ਗਏ ਸਟੀਕ ਹਮਲਿਆਂ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਹੁਣ ਅਮਰੀਕੀ ਸਹਿਯੋਗੀ ਦੇਸ਼ਾਂ ਦੇ ਅਰਬਾਂ ਡਾਲਰ ਦੇ ਰਣਨੀਤਕ ਟਿਕਾਣੇ ਇਨ੍ਹਾਂ ਸਸਤੇ ਡਰੋਨਾਂ ਦੀ ਮਾਰ ਹੇਠ ਹਨ।

ਇਰਾਨੀ ਡਰੋਨਾਂ ਨੇ ਅਮਰੀਕਾ ਦੇ ਸਾਹਮਣੇ ਇੱਕ ਅਜਿਹੀ ਰੱਖਿਆਤਮਕ ਅਤੇ ਆਰਥਿਕ ਚੁਣੌਤੀ ਖੜ੍ਹੀ ਕਰ ਦਿੱਤੀ ਹੈ, ਜਿਸ ਦਾ ਹੱਲ ਰਵਾਇਤੀ ਫੌਜੀ ਰਣਨੀਤੀਆਂ ਕੋਲ ਨਹੀਂ ਹੈ। ਅਮਰੀਕਾ ਦੇ ਮਿਜ਼ਾਈਲ ਡਿਫੈਂਸ ਸਿਸਟਮ ਦੁਨੀਆ ਵਿੱਚ ਸਭ ਤੋਂ ਉੱਨਤ ਹਨ, ਪਰ ਉਹ ਬੇਹੱਦ ਮਹਿੰਗੇ ਵੀ ਹਨ। ਇੱਕ ਪੇਟਰੀਅਟ ਮਿਜ਼ਾਈਲ ਦੀ ਲਾਗਤ ਲੱਖਾਂ ਡਾਲਰਾਂ ਵਿੱਚ ਹੈ, ਜਦਕਿ ਇੱਕ ਇਰਾਨੀ ਸ਼ਾਹੀਦ ਡਰੋਨ ਮਹਿਜ਼ ਕੁਝ ਹਜ਼ਾਰ ਡਾਲਰਾਂ ਵਿੱਚ ਤਿਆਰ ਹੋ ਜਾਂਦਾ ਹੈ। ਜੇਕਰ ਅਮਰੀਕਾ ਇੱਕ £20,000 ਦੇ ਮਾਮੂਲੀ ਡਰੋਨ ਨੂੰ ਡੇਗਣ ਲਈ 2 ਮਿਲੀਅਨ ਡਾਲਰ ਦੀ ਮਿਜ਼ਾਈਲ ਦਾ ਇਸਤੇਮਾਲ ਕਰਦਾ ਹੈ, ਤਾਂ ਇਹ ਇੱਕ 'ਆਤਮਘਾਤੀ ਆਰਥਿਕ ਸੌਦਾ' ਸਾਬਿਤ ਹੁੰਦਾ ਹੈ। ਇਸ ਰਣਨੀਤਕ ਅਸੰਤੁਲਨ ਦਾ ਸਭ ਤੋਂ ਖ਼ਤਰਨਾਕ ਪਹਿਲੂ ਇਹ ਹੈ ਕਿ ਜੇਕਰ ਇਰਾਨ ਸੈਂਕੜੇ ਡਰੋਨਾਂ ਨਾਲ 'ਸਵਾਰਮ ਹਮਲਾ' ਕਰਦਾ ਹੈ, ਤਾਂ ਦੁਨੀਆ ਦਾ ਕੋਈ ਵੀ ਆਧੁਨਿਕ ਰੱਖਿਆ ਸਿਸਟਮ ਉਨ੍ਹਾਂ ਸਾਰਿਆਂ ਨੂੰ ਇੱਕੋ ਸਮੇਂ ਰੋਕਣ ਵਿੱਚ ਅਸਮਰੱਥ ਹੋ ਸਕਦਾ ਹੈ। ਇਹ ਸਥਿਤੀ ਨਾ ਸਿਰਫ਼ ਫੌਜੀ ਨਾਕਾਮੀ, ਸਗੋਂ ਵੱਡੇ ਆਰਥਿਕ ਨੁਕਸਾਨ ਦਾ ਕਾਰਨ ਵੀ ਬਣਦੀ ਹੈ। ਇਰਾਨੀ ਡਰੋਨਾਂ ਦੇ ਖਤਰੇ ਨੂੰ ਦੇਖਦੇ ਹੋਏ, ਅਮਰੀਕਾ ਨੇ ਕਈ ਕਦਮ ਚੁੱਕੇ ਹਨ:



ਡਾ. ਕ੍ਰਿਸ਼ਨ ਲਾਲ

ਅਮਰੀਕਾ ਨੇ ਇਰਾਨੀ ਡਰੋਨ ਉਦਯੋਗ ਨਾਲ ਜੁੜੀਆਂ ਕੰਪਨੀਆਂ ਅਤੇ ਵਿਅਕਤੀਆਂ 'ਤੇ ਸਖ਼ਤ ਆਰਥਿਕ ਪਾਬੰਦੀਆਂ ਲਗਾਈਆਂ ਹਨ। ਅਮਰੀਕਾ ਕੋਸ਼ਿਸ਼ ਕਰ ਰਿਹਾ ਹੈ ਕਿ ਇਰਾਨ ਨੂੰ ਡਰੋਨ ਬਣਾਉਣ ਲਈ ਲੋੜੀਂਦੇ ਪੁਰਜ਼ੇ (ਜਿਵੇਂ ਇੰਜਨ ਅਤੇ ਚਿਪਸ) ਨਾ ਮਿਲ ਸਕਣ। ਅਮਰੀਕਾ ਹੁਣ ਤੇਜ਼ੀ ਨਾਲ ਨਵੀਂ ਤਕਨਾਲੋਜੀ ਵਿਕਸਿਤ ਕਰ ਰਿਹਾ ਹੈ ਜੋ ਇਨ੍ਹਾਂ ਡਰੋਨਾਂ ਨੂੰ ਸਸਤੇ ਰੂਪ ਵਿੱਚ ਰੋਕ ਸਕੇ। ਇਸ ਵਿੱਚ ਲੇਜ਼ਰ ਹਥਿਆਰ ਅਤੇ ਇਲੈਕਟ?ਰਾਨਿਕ ਵਾਰਫੇਅਰ ਸਿਸਟਮ ਸ਼ਾਮਲ ਹਨ, ਜੋ ਡਰੋਨਾਂ ਦੇ ਸਿਗਨਲ ਜਾਮ ਕਰਕੇ ਉਨ੍ਹਾਂ ਨੂੰ ਡੇਗ ਸਕਦੇ ਹਨ। ਅਮਰੀਕਾ ਲਈ ਇਰਾਨੀ ਡਰੋਨਾਂ ਦਾ ਖ਼ਤਰਾ ਹੁਣ ਯੂਕਰੇਨ ਜਾਂ ਸਾਊਦੀ ਅਰਬ ਦੀਆਂ ਸਰਹੱਦਾਂ ਤੱਕ ਸੀਮਤ ਨਹੀਂ ਰਿਹਾ, ਸਗੋਂ ਇਹ ਸਿੱਧਾ ਅਮਰੀਕੀ ਫੌਜੀ ਜਵਾਨਾਂ ਦੀ ਸੁਰੱਖਿਆ ਨਾਲ ਜੁੜ ਗਿਆ ਹੈ। ਇਰਾਕ ਅਤੇ ਸੀਰੀਆ ਵਿੱਚ ਸਥਿਤ ਅਮਰੀਕੀ ਫੌਜੀ ਅੱਡਿਆਂ 'ਤੇ ਇਰਾਨ-ਸਮਰਥਿਤ ਗਰੁੱਪਾਂ ਵੱਲੋਂ ਕੀਤੇ ਗਏ ਲਗਾਤਾਰ ਡਰੋਨ ਹਮਲਿਆਂ ਵਿੱਚ ਅਮਰੀਕੀ ਸੈਨਿਕਾਂ ਦਾ ਜਾਨੀ ਨੁਕਸਾਨ ਹੋਇਆ ਹੈ, ਜੋ ਕਿ ਵਾਸ਼ਿੰਗਟਨ ਲਈ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਹੈ। ਇਸ ਤੋਂ ਇਲਾਵਾ, ਲਾਲ ਸਾਗਰ ਵਿੱਚ ਹੂਤੀ ਵਿਦਰੋਹੀਆਂ ਵੱਲੋਂ ਵਪਾਰਕ ਅਤੇ ਅਮਰੀਕੀ ਜਲ ਸੈਨਾ ਦੇ ਜਹਾਜ਼ਾਂ 'ਤੇ ਕੀਤੇ ਜਾ ਰਹੇ ਡਰੋਨ ਹਮਲਿਆਂ ਨੇ ਵਿਸ਼ਵ ਵਪਾਰਕ ਮਾਰਗਾਂ ਨੂੰ ਅਸਥਿਰ ਕਰ ਦਿੱਤਾ ਹੈ। ਇਨ੍ਹਾਂ ਹਮਲਿਆਂ ਨੂੰ ਰੋਕਣ ਲਈ ਅਮਰੀਕਾ ਨੂੰ ਹਿੰਦ ਮਹਾਸਾਗਰ ਅਤੇ ਲਾਲ ਸਾਗਰ ਵਿੱਚ ਆਪਣੀ ਫੌਜੀ ਤਾਇਨਾਤੀ ਅਤੇ ਨਿਗਰਾਨੀ ਕਈ ਗੁਣਾ ਵਧਾਉਣੀ ਪਈ ਹੈ। ਇਹ ਸਥਿਤੀ ਅਮਰੀਕਾ ਲਈ ਇੱਕ ਵੱਡਾ 'ਆਰਥਿਕ ਅਤੇ ਰਣਨੀਤਕ ਬੋਝ' ਬਣ ਚੁੱਕੀ ਹੈ, ਕਿਉਂਕਿ ਇੱਕ ਪਾਸੇ ਹਮਲੇ ਸਸਤੇ ਹਨ ਅਤੇ ਦੂਜੇ ਪਾਸੇ ਉਨ੍ਹਾਂ ਤੋਂ ਬਚਾਅ ਕਰਨਾ ਬੇਹੱਦ ਮਹਿੰਗਾ ਸਾਬਿਤ ਹੋ ਰਿਹਾ ਹੈ।

**ਸੰਪਰਕ** : 62831-16797

# ਪ੍ਰੀਖਿਆਵਾਂ ਬੱਚਿਆਂ ਲਈ ਹਨ ਜਾ ਬੱਚੇ ਪ੍ਰੀਖਿਆਵਾਂ ਲਈ?

ਅੱਜ ਦੇ ਸਮੇਂ ਵਿੱਚ ਸਿੱਖਿਆ ਪ੍ਰਣਾਲੀ ਬਾਰੇ ਸਭ ਤੋਂ ਵੱਡੀ ਚਰਚਾ ਦਾ ਵਿਸ਼ਾ ਪ੍ਰੀਖਿਆਵਾਂ ਦਾ ਵਧਦਾ ਬੋਝ ਹੈ। ਸਿੱਖਿਆ ਦਾ ਅਸਲ ਮਕਸਦ ਮਨੁੱਖ ਨੂੰ ਗਿਆਨਵਾਨ, ਸੰਵੇਦਨਸ਼ੀਲ ਅਤੇ ਸਮਾਜਿਕ ਬਣਾਉਣਾ ਹੁੰਦਾ ਹੈ, ਪਰ ਮੌਜੂਦਾ ਦੌਰ ਵਿੱਚ ਇਹ ਮਕਸਦ ਹੌਲੀ-ਹੌਲੀ ਨੰਬਰਾਂ ਦੀ ਦੌੜ ਵਿੱਚ ਗਵਾਚਦਾ ਦਿਖਾਈ ਦੇ ਰਿਹਾ ਹੈ। ਅੱਜ ਸਿੱਖਿਆ ਦਾ ਕੇਂਦਰ ਗਿਆਨ ਨਹੀਂ, ਸਗੋਂ ਪ੍ਰੀਖਿਆਵਾਂ ਅਤੇ ਅੰਕ ਬਣਦੇ ਜਾ ਰਹੇ ਹਨ। ਇਹ ਹਾਲਤ ਇਸ ਕਦਰ ਬਣ ਚੁੱਕੀ ਹੈ ਕਿ ਕਈ ਵਾਰ ਲੱਗਦਾ ਹੈ ਕਿ ਪ੍ਰੀਖਿਆਵਾਂ ਬੱਚਿਆਂ ਲਈ ਨਹੀਂ ਬਣੀਆਂ, ਸਗੋਂ ਬੱਚੇ ਹੀ ਪ੍ਰੀਖਿਆਵਾਂ ਲਈ ਬਣ ਗਏ ਹਨ।

ਪੁਰਾਣੇ ਸਮੇਂ ਵਿੱਚ ਸਿੱਖਿਆ ਪ੍ਰਣਾਲੀ ਦਾ ਰੂਪ ਵੱਖਰਾ ਸੀ। ਵਿਦਿਆਰਥੀਆਂ ਲਈ ਪਾਸ ਹੋਣਾ ਹੀ ਇੱਕ ਵੱਡੀ ਕਾਮਯਾਬੀ ਮੰਨੀ ਜਾਂਦੀ ਸੀ। ਸਕੂਲਾਂ ਵਿੱਚ ਅਧਿਆਪਕ ਸਿਰਫ਼ ਪਾਠ ਨਹੀਂ ਪੜ੍ਹਾਉਂਦੇ ਸਨ, ਸਗੋਂ ਜੀਵਨ ਦੇ ਸੰਸਕਾਰਾਂ ਦੀ, ਆਦਰਸ਼ਾ ਅਤੇ ਸਮਾਜਿਕ ਜ਼ਿੰਮੇਵਾਰੀਆਂ ਦੀ ਵੀ ਸਿੱਖਿਆ ਦਿੰਦੇ ਸਨ। ਅੱਜ ਦੇ ਸਮੇਂ ਵਿੱਚ ਇਹ ਰਿਸ਼ਤਾ ਕਿਤੇ ਨਾ ਕਿਤੇ ਨੰਬਰਾਂ ਦੀ ਦੌੜ ਵਿੱਚ ਕਮਜ਼ੋਰ ਪੈਂਦਾ ਦਿਖਾਈ ਦੇ ਰਿਹਾ ਹੈ। ਬੱਚੇ ਸਕੂਲ ਵਿੱਚ ਵੀ ਅਤੇ ਘਰ ਵਿੱਚ ਵੀ ਇੱਕੋ ਗੱਲ ਸੁਣਦੇ ਹਨ—ਨੰਬਰ ਕਿੰਨੇ ਆਉਣਗੇ? ਅੱਜ ਇੱਕ ਆਮ ਵਿਦਿਆਰਥੀ ਦੀ ਜ਼ਿੰਦਗੀ ਬਹੁਤ ਉਲਝ ਗਈ ਹੈ। ਸਵੇਰੇ ਸਕੂਲ, ਫਿਰ ਕੋਚਿੰਗ ਜਾਂ ਟਿਊਸ਼ਨ ਅਤੇ ਰਾਤ ਨੂੰ ਘਰੇਲੂ ਕੰਮ—ਇਹ ਇੱਕ ਆਮ ਦਿਨ ਦੀਆ ਗਤੀਵਿਧੀਆ ਦੀ ਲੜੀ ਬਣ ਗਈ ਹੈ। ਬੱਚਿਆਂ ਕੋਲ ਖੇਡਣ, ਆਰਾਮ ਕਰਨ ਜਾਂ ਰਚਨਾਤਮਕ ਗਤੀਵਿਧੀਆਂ ਕਰਨ ਲਈ ਬਹੁਤ ਘੱਟ ਸਮਾਂ ਬਚਦਾ ਹੈ,ਜਾ ਬਚਦਾ ਹੀ ਨਹੀਂ। ਇਸ ਤਰ੍ਹਾਂ ਬਚਪਨ ਦੀ ਖੁਸ਼ੀ ਹੌਲੀ-ਹੌਲੀ ਖਤਮ ਹੋ ਰਹੀ ਹੈ। ਪ੍ਰੀਖਿਆਵਾਂ ਦੇ ਵਧਦੇ ਦਬਾਅ ਦਾ ਸਭ ਤੋਂ ਦੁਖਦਾਈ ਪੱਖ ਉਹ ਅੰਕੜੇ ਹਨ ਜੋ ਦੱਸਦੇ ਹਨ ਕਿ ਇਹ ਦਬਾਅ ਕਈ ਵਾਰ ਬੱਚਿਆਂ ਦੀ ਜ਼ਿੰਦਗੀ 'ਤੇ ਵੀ ਭਾਰੀ ਪੈ ਜਾਂਦਾ ਹੈ। ਦੇਸ਼ ਦੇ ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ ਸਾਲ 2022 ਵਿੱਚ ਭਾਰਤ ਵਿੱਚ 13,044 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ। ਸਾਲ 2023 ਵਿੱਚ ਇਹ ਗਿਣਤੀ ਵੱਧ ਕੇ ਲਗਭਗ 13,800 ਤੋਂ ਵੀ ਉੱਪਰ ਪਹੁੰਚ ਗਈ। ਇਹ ਪਿਛਲੇ ਦਹਾਕੇ ਦੇ ਸਭ ਤੋਂ ਵੱਧ ਅੰਕੜੇ ਹਨ। ਜੇ ਅਸੀਂ ਪਿਛਲੇ ਦਸ ਸਾਲਾਂ ਦੇ ਅੰਕੜਿਆਂ 'ਤੇ ਨਜ਼ਰ ਮਾਰੀਆਂ ਤਾਂ ਹਾਲਤ ਹੋਰ ਵੀ ਚਿੰਤਾਜਨਕ ਦਿਖਾਈ ਦਿੰਦੀ ਹੈ। ਸਾਲ 2013 ਵਿੱਚ 8,423 ਵਿਦਿਆਰਥੀਆਂ ਨੇ ਖੁਦਕੁਸ਼ੀ ਕੀਤੀ ਸੀ, ਪਰ ਇੱਕ ਦਹਾਕੇ ਵਿੱਚ ਇਹ ਗਿਣਤੀ ਲਗਭਗ 60 ਤੋਂ 65 ਫ਼ੀਸਦੀ ਤੱਕ ਵੱਧ ਗਈ ਹੈ। ਇਸ ਦਾ ਮਤਲਬ ਇਹ ਹੈ ਕਿ ਸਿੱਖਿਆ ਨਾਲ ਜੁੜਿਆ ਤਣਾਅ ਅਤੇ ਦਬਾਅ ਲਗਾਤਾਰ ਵੱਧ ਰਿਹਾ ਹੈ।

ਇਹਨਾਂ ਅੰਕੜਿਆਂ ਵਿੱਚ ਇੱਕ ਹੋਰ ਦੁਖਦਾਈ ਤੱਥ ਇਹ ਹੈ ਕਿ ਹਰ ਸਾਲ ਹਜ਼ਾਰਾਂ ਵਿਦਿਆਰਥੀ ਪ੍ਰੀਖਿਆ ਵਿੱਚ ਅਸਫਲ ਹੋਣ ਕਾਰਨ ਖੁਦਕੁਸ਼ੀ ਕਰ ਲੈਂਦੇ ਹਨ। ਕੁਝ ਰਿਪੋਰਟਾਂ ਅਨੁਸਾਰ ਇੱਕ ਸਾਲ ਵਿੱਚ 2000 ਤੋਂ ਵੱਧ ਮਾਮਲੇ ਸਿਰਫ਼ ਪ੍ਰੀਖਿਆ ਵਿੱਚ ਅਸਫਲਤਾ ਨਾਲ ਜੁੜੇ ਹੋਏ ਮਿਲਦੇ ਹਨ। ਇਹ ਅੰਕੜੇ ਸਾਨੂੰ ਸੋਚਣ ਲਈ ਮਜਬੂਰ ਕਰਦੇ ਹਨ ਕਿ ਸਾਡੀ ਸਿੱਖਿਆ ਪ੍ਰਣਾਲੀ ਕਿਤੇ ਨਾ ਕਿਤੇ ਬੱਚਿਆਂ ਲਈ ਬੋਝ ਬਣਦੀ ਜਾ ਰਹੀ ਹੈ। ਕੋਚਿੰਗ ਸੈਂਟਰਾਂ ਦਾ ਵਧਦਾ ਰੁਝਾਨ ਵੀ ਇਸ ਸਮੱਸਿਆ ਨੂੰ ਹੋਰ ਗੰਭੀਰ ਬਣਾਉਂਦਾ ਹੈ। ਦੇਸ਼ ਦੇ ਕਈ ਸ਼ਹਿਰ—ਖਾਸ ਕਰਕੇ ਕੋਟਾ, ਦਿੱਲੀ, ਹੈਦਰਾਬਾਦ ਅਤੇ ਪੁਨੇ ਕੋਚਿੰਗ ਉਦਯੋਗ ਦੇ ਵੱਡੇ ਕੇਂਦਰ ਬਣ ਚੁੱਕੇ ਹਨ। ਅੰਦਾਜ਼ਾ ਹੈ ਕਿ ਭਾਰਤ ਵਿੱਚ ਕੋਚਿੰਗ ਉਦਯੋਗ ਦੀ ਕ?ਮਿਤ ਲਗਭਗ 60 ਹਜ਼ਾਰ ਕਰੋੜ ਰੁਪਏ ਤੋਂ



ਵੱਧ ਹੋ ਚੁੱਕੀ ਹੈ ਅਤੇ ਇਹ ਹਰ ਸਾਲ ਤੇਜ਼ੀ ਨਾਲ ਵਧ ਰਿਹਾ ਹੈ।

ਕੋਟਾ ਵਰਗੇ ਸ਼ਹਿਰ ਵਿੱਚ ਹੀ ਹਰ ਸਾਲ 2 ਤੋਂ 2.5 ਲੱਖ ਵਿਦਿਆਰਥੀ ਇੰਜੀਨੀਅਰਿੰਗ ਅਤੇ ਮੈਡੀਕਲ ਪ੍ਰੀਖਿਆਵਾਂ ਦੀ ਤਿਆਰੀ ਲਈ ਜਾਂਦੇ ਹਨ। ਇਨ੍ਹਾਂ ਵਿੱਚੋਂ ਕਈ ਵਿਦਿਆਰਥੀ ਬਹੁਤ ਵੱਡੇ ਦਬਾਅ ਹੇਠ ਰਹਿੰਦੇ ਹਨ। ਮੀਡੀਆ ਰਿਪੋਰਟਾਂ ਦੇ ਅਨੁਸਾਰ ਸਿਰਫ਼ ਕੋਟਾ ਵਿੱਚ ਹੀ ਕਈ ਵਾਰ ਇੱਕ ਸਾਲ ਵਿੱਚ 20 ਤੋਂ ਵੱਧ ਵਿਦਿਆਰਥੀ ਖੁਦਕੁਸ਼ੀ ਦੇ ਮਾਮਲੇ ਸਾਹਮਣੇ ਆਏ ਹਨ।

ਇਸ ਦੌਰਾਨ ਕੋਚਿੰਗ ਸੈਂਟਰਾਂ ਦੀ ਫ਼ੀਸ ਵੀ ਕਾਫ਼ੀ ਉੱਚੀ ਹੁੰਦੀ ਹੈ। ਕਈ ਕੋਚਿੰਗ ਸੰਸਥਾਵਾਂ ਇੱਕ ਸਾਲ ਦੀ ਤਿਆਰੀ ਲਈ 1 ਲੱਖ ਤੋਂ 10 ਲੱਖ ਰੁਪਏ ਤੱਕ ਫ਼ੀਸ ਲੈਂਦੀਆਂ ਹਨ। ਗਰੀਬ ਅਤੇ ਮੱਧਵਰਗੀ ਪਰਿਵਾਰ ਆਪਣੇ ਬੱਚਿਆਂ ਦੇ ਭਵਿੱਖ ਲਈ ਕਰਜ਼ੇ ਤੱਕ ਲੈ ਲੈਂਦੇ ਹਨ। ਇਸ ਨਾਲ ਬੱਚਿਆਂ 'ਤੇ ਇਹ ਦਬਾਅ ਹੋਰ ਵੱਧ ਜਾਂਦਾ ਹੈ ਕਿ ਉਹ ਕਿਸੇ ਵੀ ਹਾਲਤ ਵਿੱਚ ਸਫਲ ਹੋਣ।

ਪ੍ਰੀਖਿਆਵਾਂ ਦਾ ਦਬਾਅ ਸਿਰਫ਼ ਸਕੂਲਾਂ ਤੱਕ ਹੀ ਸੀਮਿਤ ਨਹੀਂ ਹੈ। ਮੁਕਾਬਲੇ ਵਾਲੀਆਂ ਪ੍ਰੀਖਿਆਵਾਂ ਵਿੱਚ ਵੀ ਮੁਕਾਬਲਾ ਬਹੁਤ ਵੱਧ ਗਿਆ ਹੈ। ਉਦਾਹਰਨ ਵਜੋਂ ਹਰ ਸਾਲ ©55" ਪ੍ਰੀਖਿਆ ਲਈ 20 ਲੱਖ ਤੋਂ ਵੱਧ ਵਿਦਿਆਰਥੀ ਅਰਜ਼ੀ ਦਿੰਦੇ ਹਨ, ਜਦਕਿ ਮੈਡੀਕਲ ਕਾਲਜਾਂ ਵਿੱਚ ਸੀਟਾਂ ਲਗਭਗ 1 ਲੱਖ ਦੇ ਕਰੀਬ ਹੀ ਹੁੰਦੀਆਂ ਹਨ। ਇਸ ਦਾ ਮਤਲਬ ਹੈ ਕਿ ਲਗਭਗ 90 ਫ਼ੀਸਦੀ ਤੋਂ ਵੱਧ ਵਿਦਿਆਰਥੀ ਆਪਣਾ ਮਕਸਦ ਹਾਸਲ ਨਹੀਂ ਕਰ ਸਕਦੇ। ਇਸੇ ਤਰ੍ਹਾਂ ਜੇਈਈ ਮੇਨ ਲਈ ਹਰ ਸਾਲ ਲਗਭਗ 10 ਤੋਂ 12 ਲੱਖ ਵਿਦਿਆਰਥੀ ਪ੍ਰੀਖਿਆ ਦਿੰਦੇ ਹਨ, ਪਰ ਉੱਚੇ ਇੰਜੀਨੀਅਰਿੰਗ ਸੰਸਥਾਨਾਂ ਵਿੱਚ ਸੀਟਾਂ ਕਾਫ਼ੀ ਘੱਟ ਹੁੰਦੀਆਂ ਹਨ। ਇਹ ਭਿਆਨਕ ਮੁਕਾਬਲਾ ਵੀ ਵਿਦਿਆਰਥੀਆਂ ਵਿੱਚ ਤਣਾਅ ਵਧਾਉਂਦਾ ਹੈ। ਮਨੋਵਿਗਿਆਨਕ ਮਾਹਿਰਾਂ ਦੇ ਅਨੁਸਾਰ ਲਗਾਤਾਰ ਮੁਕਾਬਲੇ ਅਤੇ ਅਸਫਲਤਾ ਦੇ ਡਰ ਕਾਰਨ ਵਿਦਿਆਰਥੀਆਂ ਵਿੱਚ ਤਣਾਅ, ਡਿਪ੍ਰੈਸ਼ਨ ਅਤੇ ਚਿੰਤਾ ਵਧ ਰਹੀ ਹੈ। ਕਈ ਸਰਵੇਖਣਾਂ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਲਗਭਗ 60 ਫ਼ੀਸਦੀ ਵਿਦਿਆਰਥੀ ਪ੍ਰੀਖਿਆ ਦੇ ਦੌਰਾਨ ਗੰਭੀਰ ਤਣਾਅ ਮਹਿਸੂਸ ਕਰਦੇ ਹਨ। ਇਸ ਹਾਲਤ ਦਾ ਇੱਕ ਵੱਡਾ ਕਾਰਨ ਮਾਪਿਆਂ ਦੀਆਂ ਵਧਦੀਆਂ ਉਮੀਦਾਂ ਵੀ ਹਨ। ਹਰ ਮਾਪੇ ਚਾਹੁੰਦੇ ਹਨ ਕਿ ਉਹਨਾਂ ਦਾ ਬੱਚਾ ਡਾਕਟਰ, ਇੰਜੀਨੀਅਰ ਜਾਂ ਵੱਡਾ ਅਧਿਕਾਰੀ ਬਣੇ। ਪਰ ਹਰ ਬੱਚੇ ਦੀ ਆਪਣੀ ਰੁਚੀ ਅਤੇ ਯੋਗਤਾ ਹੁੰਦੀ ਹੈ। ਜੇ ਬੱਚਿਆਂ ਨੂੰ ਆਪਣੀ ਰੁਚੀ ਦੇ ਖੇਤਰ ਵਿੱਚ ਅੱਗੇ ਵੱਧਣ ਦੀ ਆਜ਼ਾਦੀ ਨਾ ਮਿਲੇ ਤਾਂ ਉਹ ਆਪਣੀ ਅਸਲੀ ਯੋਗਤਾ ਨੂੰ ਵਿਕਸਿਤ ਨਹੀਂ ਕਰ ਸਕਦੇ।

ਸਿੱਖਿਆ ਮਾਹਿਰਾਂ ਦਾ ਮੰਨਣਾ ਹੈ ਕਿ ਪ੍ਰੀਖਿਆਵਾਂ ਸਿੱਖਣ ਦੀ ਪ੍ਰਕਿਰਿਆ ਦਾ ਸਿਰਫ਼ ਇੱਕ ਹਿੱਸਾ ਹੋਣੀਆਂ ਚਾਹੀਦੀਆਂ ਹਨ, ਨਾ ਕਿ ਪੂਰਾ ਮਕਸਦ। ਬੱਚਿਆਂ ਦੀ ਯੋਗਤਾ ਦਾ ਮੁਲਾਂਕਣ ਸਿਰਫ਼ ਲਿਖਤੀ ਪ੍ਰੀਖਿਆਵਾਂ ਨਾਲ ਨਹੀਂ ਕੀਤਾ ਜਾ ਸਕਦਾ। ਇਸ ਲਈ ਪ੍ਰੋਜੈਕਟ, ਪ੍ਰਜ਼ੈਂਟੇਸ਼ਨ, ਖੇਡਾਂ ਅਤੇ ਰਚਨਾਤਮਕ ਗਤੀਵਿਧੀਆਂ ਨੂੰ ਵੀ ਮਹੱਤਵ ਦੇਣਾ ਚਾਹੀਦਾ ਹੈ। ਸਕੂਲਾਂ ਵਿੱਚ ਮਨੋਵਿਗਿਆਨਕ ਕੌਂਸਲਿੰਗ ਦੀ ਵੀ ਬਹੁਤ ਲੋੜ ਹੈ। ਜੇ ਬੱਚਿਆਂ ਨੂੰ ਆਪਣੇ ਤਣਾਅ ਅਤੇ ਡਰ ਬਾਰੇ ਗੱਲ ਕਰਨ ਦਾ ਮੌਕਾ ਮਿਲੇ ਤਾਂ ਕਈ ਸਮੱਸਿਆਵਾਂ ਨੂੰ ਸਮੇਂ 'ਤੇ ਹੱਲ ਕੀਤਾ ਜਾ ਸਕਦਾ ਹੈ।

ਇਸ ਦੇ ਨਾਲ ਹੀ ਸਰਕਾਰ ਨੂੰ ਕੋਚਿੰਗ ਸੈਂਟਰਾਂ 'ਤੇ ਵੀ ਨਿਗਰਾਨੀ ਵਧਾਉਣੀ ਚਾਹੀਦੀ ਹੈ ਤਾਂ ਜੋ ਸਿੱਖਿਆ ਨੂੰ ਸਿਰਫ਼ ਵਪਾਰ ਬਣਨ ਤੋਂ ਰੋਕਿਆ ਜਾ ਸਕੇ।

ਅਖੀਰ ਵਿੱਚ ਇਹ ਕਹਿਣਾ ਗਲਤ ਨਹੀਂ ਹੋਵੇਗਾ ਕਿ ਮੌਜੂਦਾ ਸਮੇਂ ਵਿੱਚ ਪ੍ਰੀਖਿਆਵਾਂ ਦਾ ਬੋਝ ਬੱਚਿਆਂ ਲਈ ਇੱਕ ਵੱਡੀ ਚੁਣੌਤੀ ਬਣ ਚੁੱਕਾ ਹੈ। ਸਿੱਖਿਆ ਦਾ ਅਸਲ ਮਕਸਦ ਬੱਚਿਆਂ ਨੂੰ ਜੀਵਨ ਲਈ ਤਿਆਰ ਕਰਨਾ ਹੁੰਦਾ ਹੈ, ਪਰ ਜਦੋਂ ਸਾਰਾ ਧਿਆਨ ਸਿਰਫ਼ ਨੰਬਰਾਂ ਅਤੇ ਪ੍ਰੀਖਿਆਵਾਂ 'ਤੇ ਹੋਵੇ ਤਾਂ ਇਹ ਮਕਸਦ ਪੂਰਾ ਨਹੀਂ ਹੋ ਸਕਦਾ। ਸਮਾਜ ਨੂੰ ਇਹ ਸੋਚਣਾ ਪਵੇਗਾ ਕਿ ਕੀ ਸੱਚਮੁੱਚ ਬੱਚੇ ਪ੍ਰੀਖਿਆਵਾਂ ਲਈ ਬਣੇ ਹਨ ਜਾਂ ਪ੍ਰੀਖਿਆਵਾਂ ਬੱਚਿਆਂ ਦੀ ਮਦਦ ਲਈ ਬਣੀਆਂ ਹੋਣੀਆਂ ਚਾਹੀਦੀਆਂ ਹਨ। ਜੇ ਸਿੱਖਿਆ ਨੂੰ ਮਨੁੱਖੀ ਬਣਾਉਣਾ ਹੈ ਤਾਂ ਬੱਚਿਆਂ ਦੀ ਖੁਸ਼ੀ, ਰੁਚੀ ਅਤੇ ਸਿਰਜਣਾਤਮਕਤਾ ਨੂੰ ਕੇਂਦਰ ਵਿੱਚ ਲਿਆਉਣਾ ਪਵੇਗਾ। ਕਿਉਂਕਿ ਕਿਸੇ ਵੀ ਦੇਸ਼ ਦੀ ਅਸਲੀ ਤਰੱਕੀ ਨੰਬਰਾਂ ਨਾਲ ਨਹੀਂ, ਸਗੋਂ ਉਸਦੇ ਬੱਚਿਆਂ ਦੇ ਸੁਖੀ ਅਤੇ ਸਿਹਤਮੰਦ ਭਵਿੱਖ ਨਾਲ ਮਾਪੀ ਜਾਂਦੀ ਹੈ।



ਜਗਤਾਰ ਲਾਡੀ ਮਾਨਸਾ

**ਸੰਪਰਕ** : 94636-03091

# ਆਤਮ ਹੱਤਿਆ ਕਰਨਾ ਕਿਸੇ ਵੀ ਬਿਮਾਰੀ ਦਾ ਇਲਾਜ਼ ਨਹੀਂ, ਸਮਾਜ ਨੂੰ ਇਸ ਪ੍ਰਤੀ ਸੁਚੇਤ ਹੋਣ ਦੀ ਹੈ ਲੋੜ

ਸ਼ਾਇਦ ਕੋਈ ਹੀ ਇਹੋ ਜਿਹਾ ਦਿਨ ਲੰਘਦਾ ਹੋਵੇ, ਜਿਸ ਦਿਨ ਕੋਈ ਆਤਮ ਹੱਤਿਆ ਦੀ ਖ਼ਬਰ ਪੜ੍ਹਨ ਸੁਣਨ ਨਾ ਮਿਲੇ। ਹੁਣ ਲੋਕਾਂ ਨੇ ਆਤਮ ਹੱਤਿਆ ਕਰਨ ਦਾ ਇੱਕ ਰਿਵਾਜ਼ ਹੀ ਬਣਾ ਲਿਆ ਹੈ ।ਗਰੀਬ ਵੀ ਆਤਮ ਹੱਤਿਆ ਕਰ ਰਿਹਾ ਹੈ ,ਅਮੀਰ ਵੀ ਆਤਮ ਹੱਤਿਆ ਕਰ ਰਿਹਾ ਹੈ, ਮੁਲਜ਼ਮ ਵੀ ਤੇ ਮੁਲਾਜ਼ਮ ਵੀ। ਇਹ ਗੱਲ ਸਮਝ ਤੋਂ ਬਾਹਰ ਹੁੰਦੀ ਜਾ ਰਹੀ ਹੈ। ਕਿਸੇ ਨੂੰ ਘਰ ਦੀ ਪਰੇਸ਼ਾਨੀ , ਤੇ ਕਿਸੇ ਨੂੰ ਸਰਕਾਰੀ ਮਹਿਕਮੇ ਤੋਂ ਪ੍ਰੇਸ਼ਾਨੀ ਕਿਸੇ ਨੂੰ ਨਸ਼ੇ ਰੋਕਣ ਤੇ ਪ੍ਰੇਸ਼ਾਨੀ ਤੇ ਕਿਸੇ ਨੂੰ ਪੈਸੇ ਤੋਂ ਪ੍ਰੇਸ਼ਾਨੀ। ਇਹਨਾਂ ਸਾਰਿਆਂ ਤੋਂ ਮੁਕਤ ਹੋਣ ਲਈ ਆਤਮ ਹੱਤਿਆ ਦੇ ਰਾਹ ਤੁਰ ਪੈਣਾ ,ਕਿਹੜੀ ਬਹਾਦਰੀ ਦਾ ਕੰਮ ਹੈ। ਲੋਕਾਂ ਨੇ ਇਹ ਸੌਖਾ ਹੀ ਤਰੀਕਾ ਲੱਭ ਲਿਆ ਹੈ। ਆਪਣੀ ਆਤਮ ਹੱਤਿਆ ਕਰ ਲੈਣੀ ।ਆਤਮ ਹੱਤਿਆ ਕਰਨਾ ਕੋਈ ਚੰਗੀ ਗੱਲ ਨਹੀਂ। ਜਿਹੜਾ ਇਨਸਾਨ ਆਤਮ ਹੱਤਿਆ ਕਰ ਲੈਂਦਾ ਹੈ ਉਸ ਨੂੰ ਪੁੱਛਣ ਵਾਲਾ ਕੋਈ ਹੋਵੇ ਕਿ ਤੇਰੇ ਹੁੰਦਿਆਂ ਪਰਿਵਾਰ ਨੂੰ ਕਿੰਨੀਆਂ ਮੁਸ਼ਕਲਾਂ ਵਿੱਚੋ ਲੰਘਣਾ ਪੈਂਦਾ ਸੀ,ਫਿਰ ਤੇਰੇ ਜਾਣ ਤੋਂ ਬਾਅਦ ਤੇਰੇ ਪਰਿਵਾਰ ਦਾ ਕੀ ਬਣੇਗਾ । ਇੱਕ ਵਾਰ ਆਪਣੀ ਜੀਵਨ ਲੀਲ੍ਹਾ ਖਤਮ ਕਰਨ ਤੋਂ ਪਹਿਲਾਂ ਇਹ ਵੀ ਸੋਚਣਾ ਬਣਦਾ ਹੈ ਆਤਮ ਹੱਤਿਆ ਕਰਨਾ ਬੁਝਦਿਲ ਇਨਸਾਨ ਦਾ ਕੰਮ ਹੈ। ਆਤਮ ਹੱਤਿਆ ਕਰਨ ਨਾਲ ਕੋਈ ਮਸਲਾ ਹੱਲ ਨਹੀਂ ਹੁੰਦਾ। ਸਗੋਂ ਪਰੇਸ਼ਾਨੀਆਂ ਹੋਰ ਜ਼ਿਆਦਾ ਵੱਧ ਜਾਂਦੀਆਂ ਹਨ ਅੱਜ ਕੱਲ ਤਾਂ ਬਹੁਤ ਜਿਆਦਾ ਕਾਨੂੰਨ ਬਣੇ ਹੋਏ ਹਨ ਜੇ ਕੋਈ ਕਿਸੇ ਦੇ ਨਾਲ ਵਧੀਕੀ ਕਰਦਾ ਹੈ ਤਾਂ ਉਹ ਕਾਨੂੰਨ ਦਾ ਸਹਾਰਾ ਲੈ ਕੇ ਆਪਣਾ ਮਸਲਾ ਹੱਲ ਕਰ ਸਕਦਾ ਹੈ ਪਰ ਜੋ ਇੱਕ ਸਾਡੇ ਸਾਹਮਣੇ ਤਸਵੀਰ ਨਜ਼ਰ ਆ ਰਹੀ ਹੈ ਕਿ ਫਲਾਣੇ ਨੇ ਫਲਾਣੇ ਦਾ ਕੰਮ ਨਹੀਂ ਕੀਤਾ। ਫਲਾਣੇ ਨੇ ਮੇਰੀ ਬੇਇੱਜਤੀ ਕੀਤੀ ਹੈ ਉਸ ਦੇ ਬਦਲੇ ਮੈਂ ਆਪਣੀ ਆਤਮਹਤਿਆ ਕਰ ਰਿਹਾ ਹਾਂ। ਇਹਨੇ ਇੰਜ ਨਹੀਂ ਕੀਤਾ ਮੈਂ ਇਸ ਕਰਕੇ ,ਉਸਨੇ ਇੰਜ ਨਹੀਂ ਕੀਤਾ ਇਸ ਕਰਕੇ ਮੈ ਆਤਮ



ਹੱਤਿਆ ਕਰ ਰਿਹਾ ਹਾਂ। ਇਹ ਸਭ ਫਜ਼ੂਲ ਦੀਆਂ ਗੱਲਾਂ ਹਨ । ਇਨਸਾਨ ਕੋਈ ਵੀ ਕਮਲਾ ਨਹੀਂ ਹੁੰਦਾ, ਅੱਗ ਤੇ ਮੌਤ ਤੋਂ ਸਭ ਨੂੰ ਡਰ ਲਗਦਾ ਹੈ। ਕੁੱਝ ਕੁ ਗੱਲਾਂ ਤਾਂ ਅਜਿਹੀਆਂ ਹੁੰਦੀਆਂ ਨੇ ਜਿਸ ਕਰਕੇ ਅੱਡੀਆਂ ਚੁੱਕ ਕੇ ਫਾਹ ਲੈਂਦੇ ਹਨ। ਆਪਣੇ ਵਜੂਦ ਤੋਂ ਜਿਆਦਾ ਖਰਚ ਕਰ ਲੈਂਦੇ ਨੇ। ਜਦੋਂ ਖਰਚਾ ਪੂਰਾ ਨਹੀਂ ਹੁੰਦਾਉਹ ਫਿਰ ਆਤਮ ਹੱਤਿਆ ਦਾ ਰਾਹ ਫੜ ਲੈਂਦੇ ਨੇ। ਆਤਮ ਹੱਤਿਆ ਕਰਕੇ ਅੱਜ ਤੱਕ ਤਾਂ ਕਿਸੇ ਦਾ ਕੋਈ ਮਸਲਾ ਹੱਲ ਨਹੀਂ ਹੋਇਆ। ਆਤਮ ਹੱਤਿਆ ਕਰਨ ਵਾਲੇ ਪਰਿਵਾਰ ਨੂੰ ਕੋਈ ਚੰਗਾ ਨਹੀਂ ਸਮਝਦਾ। ਉਸਦੇ ਅੱਗੇ ਬੱਚਿਆਂ ਦੇ ਨਾਲ ਕੋਈ ਰਿਸ਼ਤੇਦਾਰੀ ਪਾਉਣ ਦੀ ਹਿੰਮਤ ਵੀ ਨਹੀਂ ਰੱਖਦਾ ਅੱਜ ਅਸੀਂ ਉਸ ਸਮੇਂ ਵਿੱਚੋਂ ਲੰਘ ਰਹੇ ਜਿਹੜਾ ਕਿ ਸਮਾਂ ਬਹੁਤ ਹੀ ਜਾਗਰੂਕ ਹੈ। ਲੋਕਾਂ ਨੇ ਚੰਦ ਤੇ ਆਪਣੇ ਘਰ ਪਾ ਲਏ ਨੇ ਸਾਰੇ ਬ੍ਰਹਿਮੰਡ ਨੂੰ ਆਪਣੀ ਮੁੱਠੀ ਵਿੱਚ ਬੰਦ ਕਰ ਲਿਆ ਹੈ। ਫਿਰ ਵੀ ਸਾਡੀ ਸੋਚ ਬਿਨਾਂ ਕਿਸੇ ਮਤਲਬ ਤੋਂ ਮੌਤ ਨੂੰ ਕਿਉਂ ਗਲੇ ਲਗਾ ਰਹੀ ਹੈ। ਮੰਨ ਵੀ ਲਉ ਕਿ ਕਿਸੇ ਸਮੇ ਪ੍ਰੇਸ਼ਾਨੀ ਆਉਂਦੀ ਵੀ ਹੈ। ਉਹ ਕਿਸੇ ਪਰਿਵਾਰ ਦੇ ਮੈਂਬਰ ਨਾਲ ਸਲਾਹ ਮਸ਼ਵਰਾ ਕਰ ਲਉ,ਕਿਸੇ ਰਿਸ਼ਤੇਦਾਰ ਸਾਕ ਸਬੰਧੀ ਨੂੰ ਜ਼ਰੂਰ ਦਸੋ। ਤੁਹਾਡੀ ਮੁਸ਼ਕਲ ਦਾ ਜ਼ਰੂਰ ਕੋਈ ਹੱਲ ਲੱਭ ਜਾਵੇਂਗਾ। ਕੋਈ ਵੀ ਪਰੇਸ਼ਾਨੀ ਹੁੰਦੀ ਹੈ ਉਹ ਮਸਲਾ ਗੱਲਾਂ ਬਾਤਾਂ ਰਾਹੀਂ ਹੱਲ ਹੋ ਹੀ ਜਾਂਦਾ ਹੈ ਜਾਂ ਫਿਰ ਇੱਕ ਦੂਜੇ ਨੂੰ ਦੱਸ ਕੇ ਹੱਲ ਕੀਤਾ ਜਾ ਸਕਦਾ ਹੈ। ਮਨੁੱਖਾਂ ਜੀਵਨ ਕਈ ਲੱਖਾਂ ਸਾਲ ਬਾਅਦ ਮਿਲਦਾ ਹੈ। ਇਸ ਜੀਵਨ ਦਾ ਭਰਪੂਰ ਅਨੰਦ ਲੈਣਾ ਚਾਹੀਦਾ ਹੈ। ਆਤਮ ਹੱਤਿਆ ਕਰਨਾ ਇੱਕ ਬਹੁਤ ਹੀ ਕਰੂਰ ਹੈ। ਆਤਮਹੱਤਿਆ ਜੋ ਵੀ ਇਨਸਾਨ ਕਰਦਾ ਹੈ। ਉਹ ਖੁਦ ਤਾਂ ਮਰਦਾ ਹੀ ਹੈ ਪਰ ਉਹ ਬਾਕੀ ਪਰਿਵਾਰ ਨੂੰ ਵੀ ਮਾਰ ਦਿੰਦਾ ਹੈ,ਪਿੱਛੇ ਪਰਿਵਾਰ ਵਾਲੇ ਧੱਕੇ ਹੀ ਖਾਣ ਜੋਗੇ ਰਹਿ ਜਾਂਦੇ ਨੇ। ਆਓ ਆਪਾਂ ਵੀ ਸਿਆਣੇ ਬਣੀਏ ਆਤਮ ਹੱਤਿਆ ਬਾਰੇ ਮਨ ਵਿੱਚੋ ਵਿਚਾਰ ਖ਼ਤਮ ਕਰੀਏ। ਮੁਸੀਬਤਾਂ ਨਾਲ ਲੜਨ ਲਈ ਤਿਆਰ ਹੋਈਏ, ਜੇ ਕਿਸੇ ਦਾ ਕੋਈ ਮਸਲਾ ਹੈ ਉਸ ਨੂੰ ਬੈਠ ਕੇ ਨਿਪਟਾਇਆ ਜਾਵੇ ਆਤਮ ਹੱਤਿਆ ਕਰਕੇ ਨਹੀਂ। ਆਤਮ ਹੱਤਿਆ ਵੀ ਕਿਸੇ ਵੀ ਬਿਮਾਰੀ ਦਾ ਇਲਾਜ ਨਹੀਂ ਹੈ।

**ਸੂਬੇਦਾਰ ਜਸਵਿੰਦਰ ਸਿੰਘ ਭੁਲੇਰੀਆ**
**ਸੰਪਰਕ** : 75891-55501

# ਔਰਤਾਂ ਦੀ ਸੁਰੱਖਿਆ ਸੰਸਥਾਵਾਂ ਦਾ ਪਤਨ

ਮਹਾਰਾਸ਼ਟਰ ਮਹਿਲਾ ਕਮਿਸ਼ਨ ਦੀ ਉਸ ਸਮੇਂ ਦੀ ਚੇਅਰਪਰਸਨ ਰੁਪਾਲੀ ਚਾਕਾਂਕਰ ਵੱਲੋਂ ਬਲਾਤਕਾਰ ਦੇ ਦੋਸ਼ੀ ਜੋਤਸ਼ੀ ਅਸ਼ੋਕ ਖਰਾਤ ਉਰਫ਼ ਕੈਪਟਨ ਦੇ ਪੈਰ ਧੋਣ ਦੀ ਫੁਟੇਜ ਸੋਸ਼ਲ ਮੀਡੀਆ 'ਤੇ ਫੈਲ ਗਈ, ਜਿਸ ਨਾਲ ਦੇਸ਼ ਵਿਆਪੀ ਹੰਗਾਮਾ ਹੋਇਆ। ਇਹ ਘਟਨਾ ਸਿਰਫ਼ ਇੱਕ ਵਿਅਕਤੀਗਤ ਭੁੱਲ ਨਹੀਂ ਹੈ, ਸਗੋਂ ਮਹਿਲਾ ਸਸ਼ਕਤੀਕਰਨ ਦੇ ਨਾਮ 'ਤੇ ਬਣੀਆਂ ਸੰਸਥਾਵਾਂ ਦੀ ਅੰਦਰੂਨੀ ਕਮਜ਼ੋਰੀ ਦਾ ਪ੍ਰਤੀਕ ਹੈ। 58 ਔਰਤਾਂ ਦਾ ਜਿਨਸੀ ਸ਼ੋਸ਼ਣ ਕਰਨ, ਲੁਕਵੇਂ ਕੈਮਰੇ ਲਗਾਉਣ ਅਤੇ ਨਸ਼ਿਆਂ ਰਾਹੀਂ ਅੰਧਵਿਸ਼ਵਾਸ ਦਾ ਸ਼ੋਸ਼ਣ ਕਰਨ ਦੇ ਦੋਸ਼ੀ ਵਿਅਕਤੀ ਅੱਗੇ ਝੁਕਣਾ ਨਾਰੀਵਾਦ ਦੇ ਸਿਧਾਂਤਾਂ 'ਤੇ ਇੱਕ ਡੂੰਘਾ ਝਟਕਾ ਹੈ। ਚਾਕਾਂਕਰ ਨੇ 20 ਮਾਰਚ, 2026 ਨੂੰ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਨਿਰਦੇਸ਼ 'ਤੇ ਅਸਤੀਫਾ ਦੇ ਦਿੱਤਾ, ਪਰ ਸਵਾਲ ਇਹ ਬਣਿਆ ਹੋਇਆ ਹੈ ਕਿ ਕੀ ਇਹ ਰਾਜਨੀਤਿਕ ਨਿਯੁਕਤੀ ਪ੍ਰਣਾਲੀ ਦਾ ਨਤੀਜਾ ਹੈ? ਭਾਰਤੀ ਸੰਦਰਭ ਵਿੱਚ, ਮਹਿਲਾ ਕਮਿਸ਼ਨ ਰਾਜ ਪੱਧਰੀ ਸੰਸਥਾਵਾਂ ਹਨ ਜੋ ਸੰਵਿਧਾਨ ਦੇ ਅਨੁਛੇਦ 15 ਅਤੇ 39 ਦੇ ਤਹਿਤ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਸਥਾਪਿਤ ਕੀਤੀਆਂ ਗਈਆਂ ਹਨ। ਪਰ ਜਦੋਂ ਇਨ੍ਹਾਂ ਸੰਸਥਾਵਾਂ ਦੇ ਮੁਖੀ ਖੁਦ ਕਿਸੇ ਦੋਸ਼ੀ ਪ੍ਰਤੀ ਸਤਿਕਾਰ ਦਿਖਾਉਂਦੇ ਹਨ, ਤਾਂ ਪੀੜਤ ਔਰਤਾਂ ਕਿਵੇਂ ਵਿਸ਼ਵਾਸ ਪ੍ਰਾਪਤ ਕਰ ਸਕਦੀਆਂ ਹਨ? ਨਾਸਿਕ ਪੁਲਿਸ ਨੇ ਖਰਾਟ ਦੇ ਫਾਰਮ ਹਾਊਸ ਤੋਂ 58 ਇਤਰਾਜ਼ਯੋਗ ਵੀਡੀਓ ਬਰਾਮਦ ਕੀਤੇ ਹਨ, ਜੋ ਸਾਬਤ ਕਰਦੇ ਹਨ ਕਿ ਅੰਧਵਿਸ਼ਵਾਸ ਕਿੰਨਾ ਖਤਰਨਾਕ ਹੋ ਸਕਦਾ ਹੈ। ਇਹ ਘਟਨਾ ਸਮਾਜਿਕ, ਰਾਜਨੀਤਿਕ ਅਤੇ ਕਾਨੂੰਨੀ ਪੱਧਰ 'ਤੇ ਗੰਭੀਰ ਚਿੰਤਨ ਲਈ ਮਜਬੂਰ ਕਰਦੀ ਹੈ। ਅਸ਼ੋਕ ਖਰਾਤ ਕੋਈ ਆਮ ਜੋਤਸ਼ੀ ਨਹੀਂ ਸੀ। 'ਕੈਪਟਨ' ਵਜੋਂ ਜਾਣਿਆ ਜਾਂਦਾ, ਉਸਨੇ ਸਿਆਸਤਦਾਨਾਂ ਤੋਂ ਲੈ ਕੇ ਆਮ ਔਰਤਾਂ ਤੱਕ ਸਾਰਿਆਂ ਨੂੰ ਰਸਮਾਂ ਕਰਨ ਅਤੇ ਹੱਥ-ਲਿਖਤ ਪੜ੍ਹਨ ਦੀ ਆੜ ਵਿੱਚ ਲੁਭਾਇਆ। ਪੁਲਿਸ ਜਾਂਚ ਤੋਂ ਪਤਾ ਲੱਗਾ ਹੈ ਕਿ ਉਸਨੇ ਆਪਣੇ ਫਾਰਮ ਹਾਊਸ 'ਤੇ ਲੁਕਵੇਂ ਕੈਮਰੇ ਲਗਾਏ ਸਨ, ਔਰਤਾਂ ਨੂੰ ਨਸ਼ੀਲਾ ਪਦਾਰਥ ਪਿਲਾਇਆ ਸੀ ਅਤੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਸੀ। ਇੱਕ ਪੈੱਨ ਡਰਾਈਵ 'ਤੇ 58 ਵੀਡੀਓ ਮਿਲੇ ਸਨ, ਜੋ ਉਸਦੇ ਅਪਰਾਧਾਂ ਦੇ ਠੋਸ ਸਬੂਤ ਪ੍ਰਦਾਨ ਕਰਦੇ ਹਨ। ਨਾਸਿਕ ਦੇ ਪੁਲਿਸ ਸੁਪਰਡੈਂਟ ਨੇ ਦੱਸਿਆ ਕਿ ਖਰਾਤ ਦੀ ਸ਼ੋਸ਼ਣ ਰਾਹੀਂ ਇਕੱਠੀ ਕੀਤੀ ਗਈ ਦੌਲਤ ਲਗਭਗ 200 ਕਰੋੜ ਦੀ ਹੋਣ ਦਾ ਅਨੁਮਾਨ ਹੈ। ਭਾਰਤ ਵਿੱਚ ਅੰਧਵਿਸ਼ਵਾਸ ਦਾ ਇਹ ਬਾਜ਼ਾਰ ਨਵਾਂ ਨਹੀਂ ਹੈ। ਜਾਦੂ-ਟੂਣੇ, ਜੋਤਿਸ਼ ਅਤੇ ਅਖੌਤੀ ਬਾਬਿਆਂ ਦਾ ਪ੍ਰਭਾਵ ਪੇਂਡੂ ਤੋਂ ਸ਼ਹਿਰੀ ਖੇਤਰਾਂ ਤੱਕ ਫੈਲਿਆ ਹੋਇਆ ਹੈ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ, 2024 ਵਿੱਚ ਅੰਧਵਿਸ਼ਵਾਸ ਨਾਲ ਸਬੰਧਤ ਅਪਰਾਧਾਂ ਵਿੱਚ 15 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ। ਖਰਾਟ ਨੇ ਰੁਪਾਲੀ ਚਾਕਾਂਕਰ ਸਮੇਤ ਕਈ ਸਿਆਸਤਦਾਨਾਂ ਦੇ ਹੱਥਾਂ ਦੀ ਜਾਂਚ ਕੀਤੀ। ਇੱਕ ਵੀਡੀਓ ਵਿੱਚ, ਉਹ ਇਹ ਕਹਿੰਦੇ ਹੋਏ ਦਿਖਾਈ ਦੇ ਰਹੀ ਹੈ, ÷ਤੁਹਾਡੇ ਵਰਗੇ ਮਹਾਨ ਆਦਮੀ ਬਹੁਤ ਘੱਟ ਹੁੰਦੇ ਹਨ।' ਇਹ ਵਿਸ਼ਵਾਸ ਅਪਰਾਧੀਆਂ ਦੀ ਰੱਖਿਆ ਕਿਵੇਂ ਕਰਦਾ ਹੈ ਇਹ



ਗੰਭੀਰ ਚਿੰਤਾ ਦਾ ਵਿਸ਼ਾ ਹੈ। ਦੋਸ਼ੀ ਨੂੰ ਰਾਜਨੀਤਿਕ ਪ੍ਰਭਾਵ ਕਾਰਨ ਬਰੀ ਕਰ ਦਿੱਤਾ ਗਿਆ ਸੀ, ਜੋ ਸਿਸਟਮ ਵਿੱਚ ਕਮੀਆਂ ਨੂੰ ਉਜਾਗਰ ਕਰਦਾ ਹੈ। ਰੁਪਾਲੀ ਚੱਕਣਕਰ ਇੱਕ ਸੀਨੀਅਰ ਭਾਰਤੀ ਜਨਤਾ ਪਾਰਟੀ ਨੇਤਾ ਹੈ ਜਿਸਨੂੰ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਨਿਯੁਕਤ ਕੀਤਾ ਗਿਆ ਸੀ। ਵੀਡੀਓ ਸਾਹਮਣੇ ਆਉਣ ਤੋਂ ਬਾਅਦ, ਵਿਰੋਧੀ ਧਿਰ ਨੇ ਉਨ੍ਹਾਂ ਤੋਂ ਅਸਤੀਫ਼ੇ ਦੀ ਮੰਗ ਕੀਤੀ। ਉਨ੍ਹਾਂ ਨੇ 'ਨਿੱਜੀ ਕਾਰਨਾਂ' ਦਾ ਹਵਾਲਾ ਦਿੰਦੇ ਹੋਏ ਅਸਤੀਫ਼ਾ ਦੇ ਦਿੱਤਾ, ਪਰ ਵਿਸ਼ੇਸ਼ ਜਾਂਚ ਟੀਮ ਦੀ ਜਾਂਚ ਜਾਰੀ ਹੈ। ਕੀ ਉਹ ਦੋਸ਼ੀ ਦੀ ਸਾਥੀ ਸੀ? ਵਿਰੋਧੀ ਧਿਰ ਨੇ ਮੰਗ ਕੀਤੀ ਹੈ ਕਿ ਉਨ੍ਹਾਂ ਨੂੰ ਸਹਿ-ਦੋਸ਼ੀ ਬਣਾਇਆ ਜਾਵੇ। ਮੁੱਖ ਮੰਤਰੀ ਨੇ ਉਨ੍ਹਾਂ ਨੂੰ ਤੁਰੰਤ ਅਸਤੀਫ਼ਾ ਦੇਣ ਦਾ ਹੁਕਮ ਦਿੱਤਾ, ਜੋ ਕਿ ਇੱਕ ਸ਼ਲਾਘਾਯੋਗ ਕਦਮ ਹੈ। ਇਹ ਘਟਨਾ ਰਾਜਨੀਤਿਕ ਨਿਯੁਕਤੀ ਪ੍ਰਣਾਲੀ ਨਾਲ ਸਮੱਸਿਆਵਾਂ ਨੂੰ ਉਜਾਗਰ ਕਰਦੀ ਹੈ, ਜਿੱਥੇ ਯੋਗਤਾ ਨਾਲੋਂ ਵਫ਼ਾਦਾਰੀ ਨੂੰ ਤਰਜੀਹ ਦਿੱਤੀ ਜਾਂਦੀ ਹੈ। ਮਹਿਲਾ ਕਮਿਸ਼ਨ ਦਾ ਉਦੇਸ਼ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ ਹੈ, ਪਰ ਹਕੀਕਤ ਵੱਖਰੀ ਹੈ। ਰਾਸ਼ਟਰੀ ਪਰਿਵਾਰ ਸਿਹਤ ਸਰਵੇਖਣ ਦੇ ਅਨੁਸਾਰ, ਲਗਭਗ 30 ਪ੍ਰਤੀਸ਼ਤ ਔਰਤਾਂ ਘਰੇਲੂ ਹਿੰਸਾ ਦਾ ਸਾਹਮਣਾ ਕਰਦੀਆਂ ਹਨ ਪਰ ਸ਼ਿਕਾਇਤਾਂ 5 ਪ੍ਰਤੀਸ਼ਤ ਤੋਂ ਵੀ ਘੱਟ ਕਮਿਸ਼ਨਾਂ ਤੱਕ ਪਹੁੰਚਦੀਆਂ ਹਨ। ਇਹ ਜਾਗਰੂਕਤਾ ਦੀ ਘਾਟ, ਡਰ ਅਤੇ ਰਾਜਨੀਤਿਕ ਦਬਾਅ ਕਾਰਨ ਹੈ। ਹਰਿਆਣਾ ਵਰਗੇ ਰਾਜਾਂ ਵਿੱਚ ਵੀ ਸਥਿਤੀ ਅਜਿਹੀ ਹੀ ਹੈ, ਜਿੱਥੇ ਅੰਧਵਿਸ਼ਵਾਸ ਅਤੇ ਦੇਵਤਿਆਂ ਦਾ ਪ੍ਰਭਾਵ ਪ੍ਰਚਲਿਤ ਹੈ, ਅਤੇ ਰਾਜਨੀਤਿਕ ਨੇਤਾ ਵੋਟ ਬੈਂਕ ਦੇ ਸਮਰਥਨ ਲਈ ਇਨ੍ਹਾਂ ਅਭਿਆਸਾਂ ਨੂੰ ਉਤਸ਼ਾਹਿਤ ਕਰਦੇ ਹਨ। ਅੰਧਵਿਸ਼ਵਾਸ ਔਰਤਾਂ ਦੇ ਸ਼ੋਸ਼ਣ ਦਾ ਇੱਕ ਵੱਡਾ ਸਾਧਨ ਬਣ ਗਿਆ ਹੈ। ਬਹੁਤ ਸਾਰੇ ਅਖੌਤੀ ਗੁਰੂ 'ਕਾਲਾ ਜਾਦੂ ਹਟਾਉਣ' ਦੇ ਨਾਮ 'ਤੇ ਔਰਤਾਂ ਦਾ ਸ਼ੋਸ਼ਣ ਕਰਦੇ ਹਨ। ਸਿੱਖਿਆ ਦੇ ਬਾਵਜੂਦ, ਅੰਧਵਿਸ਼ਵਾਸ ਦਾ ਵਾਧਾ ਚਿੰਤਾਜਨਕ ਹੈ। ਸੰਯੁਕਤ ਰਾਸ਼ਟਰ ਦੀ ਇੱਕ ਰਿਪੋਰਟ ਦੇ ਅਨੁਸਾਰ, ਭਾਰਤ ਵਿੱਚ ਲਗਭਗ 40 ਪ੍ਰਤੀਸ਼ਤ ਲੋਕ ਅੰਧਵਿਸ਼ਵਾਸ ਵਿੱਚ ਵਿਸ਼ਵਾਸ ਰੱਖਦੇ ਹਨ। ਇਹ ਔਰਤਾਂ ਦੇ ਸਸ਼ਕਤੀਕਰਨ ਦੇ ਦਾਅਵਿਆਂ ਦੇ ਵਿਚਕਾਰ ਇੱਕ ਵਿਡੰਬਨਾ ਹੈ। ਕਾਨੂੰਨ ਦੇ ਅਨੁਸਾਰ, ਭਾਰਤੀ ਦੰਡ ਸੰਹਿਤਾ ਦੀ ਧਾਰਾ 376, ਪੋਕਸੋ ਐਕਟ, ਅਤੇ ਸੂਚਨਾ ਤਕਨਾਲੋਜੀ ਐਕਟ ਅਜਿਹੇ ਅਪਰਾਧਾਂ ਨੂੰ ਨਿਯੰਤ੍ਰਿਤ ਕਰਦੇ ਹਨ। ਫਿਰ ਵੀ, ਸਜ਼ਾ ਦੀ ਦਰ 30 ਪ੍ਰਤੀਸ਼ਤ ਤੋਂ ਘੱਟ ਰਹਿੰਦੀ ਹੈ। ਤੇਜ਼ ਮੁਕੱਦਮਿਆਂ ਦੀ ਘਾਟ ਅਪਰਾਧੀਆਂ ਨੂੰ ਖੁੱਲ੍ਹ ਕੇ ਘੁੰਮਣ ਦੀ ਆਗਿਆ ਦਿੰਦੀ ਹੈ। ਹੁਸੈਨਾਰਾ ਖਾਤੂਨ ਮਾਮਲੇ ਵਿੱਚ, ਸੁਪਰੀਮ ਕੋਰਟ ਨੇ ਸੰਵਿਧਾਨ ਦੇ ਅਨੁਛੇਦ 21 ਦੇ ਹਿੱਸੇ ਵਜੋਂ ਤੇਜ਼ ਮੁਕੱਦਮਿਆਂ ਨੂੰ ਮਾਨਤਾ ਦਿੱਤੀ। ਮਹਾਰਾਸ਼ਟਰ ਵਿੱਚ ਵਿਸ਼ੇਸ਼ ਜਾਂਚ ਟੀਮ ਦਾ ਗਠਨ ਇੱਕ ਸਕਾਰਾਤਮਕ ਕਦਮ ਹੈ, ਪਰ ਪਾਰਦਰਸ਼ਤਾ ਜ਼ਰੂਰੀ ਹੈ। ਸੁਝਾਵਾਂ ਵਿੱਚ ਮਹਿਲਾ ਕਮਿਸ਼ਨਾਂ ਨੂੰ ਖੁਦਮੁਖਤਿਆਰ ਬਣਾਉਣਾ, ਰਾਜਨੀਤਿਕ ਨਿਯੁਕਤੀਆਂ ਨੂੰ ਰੋਕਣਾ, ਅੰਧਵਿਸ਼ਵਾਸ ਵਿਰੋਧੀ ਕਾਨੂੰਨਾਂ ਨੂੰ ਮਜ਼ਬੂਤ ਕਰਨਾ (ਝਾਰਖੰਡ ਮਾਡਲ ਵਾਂਗ), ਅਤੇ ਡਿਜੀਟਲ ਮੀਡੀਆ ਰਾਹੀਂ ਜਾਗਰੂਕਤਾ ਮੁਹਿੰਮਾਂ ਚਲਾਉਣਾ ਸ਼ਾਮਲ ਹੈ। ਪੁਲਿਸ ਸਿਖਲਾਈ ਵਿੱਚ ਲਿੰਗ ਸੰਵੇਦਨਸ਼ੀਲਤਾ ਨੂੰ ਵੀ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਵਿਸ਼ਵ ਪੱਧਰ 'ਤੇ, ਵਿਸ਼ਵ ਆਰਥਿਕ ਫੋਰਮ ਦੀ ਲਿੰਗ ਅੰਤਰ ਰਿਪੋਰਟ ਵਿੱਚ ਭਾਰਤ 127ਵੇਂ ਸਥਾਨ 'ਤੇ ਹੈ। ਅਜਿਹੀਆਂ ਘਟਨਾਵਾਂ ਇੱਕ ਨਕਾਰਾਤਮਕ ਅੰਤਰਰਾਸ਼ਟਰੀ ਅਕਸ ਬਣਾਉਂਦੀਆਂ ਹਨ। #MeToo ਲਹਿਰ ਦੂਜੇ ਦੇਸ਼ਾਂ ਵਿੱਚ ਮਜ਼ਬੂਤ ਸੰਸਥਾਵਾਂ ਦੇ ਕਾਰਨ ਸਫਲ ਹੋਈ। ਭਾਰਤ ਨੂੰ ਇਸ ਤੋਂ ਸਿੱਖਣਾ ਚਾਹੀਦਾ ਹੈ। ਰੂਪਾਲੀ ਚਾਕਣਕਰ ਕੇਸ ਇੱਕ ਸ਼ੀਸ਼ਾ ਹੈ ਜੋ ਦਰਸਾਉਂਦਾ ਹੈ ਕਿ ਜਿੰਨਾ ਚਿਰ ਸੰਸਥਾਵਾਂ ਰਾਜਨੀਤੀ ਦੀ ਬਲੀ ਚੜ੍ਹਦੀਆਂ ਰਹਿਣਗੀਆਂ, ਔਰਤਾਂ ਦੀ ਸੁਰੱਖਿਆ ਸਿਰਫ਼ ਇੱਕ ਦਾਅਵਾ ਹੀ ਰਹੇਗੀ। ਅੰਧਵਿਸ਼ਵਾਸ ਨੂੰ ਖਤਮ ਕਰਨਾ ਸਿਰਫ ਸਿੱਖਿਆ ਦੁਆਰਾ ਪ੍ਰਾਪਤ ਕੀਤਾ ਜਾ ਸਕਦਾ ਹੈ, ਅਤੇ ਰਾਜਨੀਤਿਕ ਦੁਰਵਿਵਹਾਰ ਨੂੰ ਸੁਧਾਰ ਦੁਆਰਾ ਖਤਮ ਕੀਤਾ ਜਾ ਸਕਦਾ ਹੈ। ਸਮਾਜ, ਸਰਕਾਰ ਅਤੇ ਨਾਗਰਿਕਾਂ ਨੂੰ ਮਿਲ ਕੇ ਕੰਮ ਕਰਨਾ ਚਾਹੀਦਾ ਹੈ, ਨਹੀਂ ਤਾਂ ਪੀੜਤਾਂ ਦੀ ਗਿਣਤੀ ਵਧਦੀ ਰਹੇਗੀ।

**- ਡਾ. ਸਤਿਆਵਾਨ ਸੌਰਭ,**
**ਮੋਬਾਈਲ** : 9466526148



# ਖਾਲਸਾ ਯੂਨੀਵਰਸਿਟੀ ਵੱਲੋਂ ਭਗਤ ਸਿੰਘ ਦੀ ਸ਼ਹਾਦਤ 'ਤੇ ਸੈਮੀਨਾਰ

ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ

ਖਾਲਸਾ ਯੂਨੀਵਰਸਿਟੀ ਦੇ ਸਕੂਲ ਆਫ਼ ਲਾਅ ਵੱਲੋਂ ਕਾਲਜ ਦੇ ਐੱਨ. ਐੱਸ. ਐੱਸ. ਯੂਨਿਟ ਦੇ ਸਹਿਯੋਗ ਨਾਲ ਸ਼ਹੀਦ ਭਗਤ ਸਿੰਘ ਦੀ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਸਕੂਲ ਆਫ ਲਾਅ ਦੇ ਡੀਨ ਪ੍ਰੋ (ਡਾ.) ਜਸਪਾਲ ਸਿੰਘ ਨੇ ਸ਼ਹੀਦ ਭਗਤ ਸਿੰਘ ਦੀ ਤਸਵੀਰ 'ਤੇ ਸਟਾਫ਼ ਮੈਂਬਰਾਂ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਸ਼ਰਧਾ ਦੇ ਫੁੱਲ ਅਰਪਨ ਕੀਤੇ। ਇਸ ਮੌਕੇ ਡਾ. ਜਸਪਾਲ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਦੀ ਅਜ਼ਾਦੀ 'ਚ ਪੰਜਾਬੀਆਂ ਅਤੇ ਖਾਸ ਕਰਕੇ ਸਿੱਖਾਂ ਦਾ ਬਹੁਤ ਵਡਮੁੱਲਾ ਯੋਗਦਾਨ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜ਼ਾਦੀ ਦੇ ਸੰਘਰਸ਼ ਲਈ ਦੇਸ਼ ਭਰ 'ਚ ਜਿਨ੍ਹਾਂ 121 ਦੇਸ਼ ਭਗਤਾਂ ਨੂੰ ਫ਼ਾਂਸੀ 'ਤੇ ਚੜ੍ਹਾਇਆ ਗਿਆ, ਉਨ੍ਹਾਂ 'ਚੋਂ 93 ਸਿੱਖ ਸਨ। ਉਨ੍ਹਾਂ ਕਿਹਾ ਕਿ ਭਾਵੇ ਸਿੱਖ ਭਾਰਤ ਦੀ ਕੁਲ ਆਬਾਦੀ ਦਾ 1.5% ਹਨ, ਪਰ ਆਜ਼ਾਦੀ ਦੇ ਸੰਘਰਸ਼ 'ਚ ਸਿੱਖਾਂ ਦਾ ਯੋਗਦਾਨ 90% ਰਿਹਾ ਹੈ। ਇਸ ਮੌਕੇ ਡਾ. ਜਸਪਾਲ ਸਿੰਘ ਨੇ ਦੇਸ਼-ਭਗਤਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾਂ ਯਾਦ ਰੱਖਣ ਅਤੇ ਉਨ੍ਹਾਂ ਵੱਲੋਂ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਉਕਤ ਪ੍ਰੋਗਰਾਮ ਦਾ ਆਯੋਜਨ ਕਾਲਜ ਪ੍ਰੋਫੈਸਰ ਡਾ. ਸੁਖਮਨਪ੍ਰੀਤ ਕੌਰ ਵੱਲੋਂ ਕਰਵਾਇਆ ਗਿਆ ਇਸ ਦੌਰਾਨ ਬੀ. ਏ. ਐੱਲ. ਐੱਲ. ਬੀ ਸਮੈਸਟਰ 8ਵਾਂ ਕਾਲਜ ਵਿਦਿਆਰਥਣਾਂ ਰਾਗਿਨੀ, ਆਸਥਾ ਅਤੇ ਸੁਮਨ ਵੱਲੋਂ ਸ਼ਰਧਾਂਜਲੀ ਦੇ ਤੌਰ 'ਤੇ ਕਵਿਤਾਵਾਂ ਗਾਇਨ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਉਪਰੰਤ ਵਿਦਿਆਰਥੀਆਂ ਵੱਲੋਂ 'ਨਸ਼ਿਆ ਦੀ ਦਲਦਲ' 'ਚੋਂ ਨਿਕਲਣ ਲਈ ਨਾਟਕ ਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਉਨ੍ਹਾਂ ਕਾਲਜ ਦੇ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਅਤੇ ਅਧਿਆਪਕਾਂ ਦੀ ਸ਼ਲਾਘਾ ਕੀਤੀ। ਪ੍ਰੋਗਰਾਮ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਪ੍ਰੀਤ ਇੰਦਰ ਕੌਰ (ਐਨ. ਐਸ. ਐਸ ਪ੍ਰੋਗਰਾਮ ਅਫ਼ਸਰ) ਡਾ. ਰਾਸ਼ਿਮਾ ਚੰਗੋਤਰਾ, ਡਾ ਮੋਹਿਤ ਸੈਣੀ, ਡਾ. ਰੇਨੂੰ ਸੈਣੀ, ਡਾ. ਪੂਰਨਿਮਾ ਖੰਨਾ, ਡਾ. ਪਵਨਦੀਪ ਕੌਰ, ਡਾ. ਅਨੀਤਾ, ਡਾ. ਹਰਜੋਤ ਕੌਰ, ਪ੍ਰੋ. ਉਤਕਰਸ਼ ਸੇਠ, ਡਾ. ਗੁਰਸ਼ਿੰਦਰ ਕੌਰ, ਪ੍ਰੋ. ਸੁਗਮ, ਪ੍ਰੋ. ਹੇਮਾ ਸਿੰਘ, ਪ੍ਰੋ. ਸਿਮਰਨਪ੍ਰੀਤ ਕੌਰ, ਪ੍ਰੋ. ਪ੍ਰਤਿਭਾ ਗਿੱਲ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਪਲਵਿੰਦਰ ਪ੍ਰੋ. ਜਸਪਿੰਦਰ ਕੌਰ, ਤਰਨਜੀਤ ਕੌਰ ਅਤੇ ਸ਼ੈਲੀ ਸ਼ਰਮਾ ਹਾਜ਼ਰ ਸਨ।

# ਜੱਚਾ-ਬੱਚਾ ਸਿਹਤ ਸੰਭਾਲ 'ਚ ਕ੍ਰਾਂਤੀ ਲਿਆਉਣ ਲਈ ਐਨ ਐਚ ਐਮ ਪੰਜਾਬ ਨੇ ਜੇ ਐਚ ਪੀ ਆਈ ਜੀ ਓ ਨਾਲ ਕੀਤੀ ਭਾਈਵਾਲੀ

➤ ਸੂਬੇ ਭਰ ਵਿੱਚ ਆਰ ਐਮ ਐਨ ਸੀ ਐਚ ਏ+ਐਨ ਸੇਵਾਵਾਂ ਨੂੰ ਮਜ਼ਬੂਤ ਕਰਨ ਲਈ ਜੇਐਚਪੀਆਈਜੀਓ ਨਾਲ ਸਮਝੌਤਾ ਸਹੀਬੱਧ

ਜ਼ਿਕਰ ਪੰਜਾਬ
ਚੰਡੀਗੜ੍ਹ/ਬਿਊਰੋ




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਸੂਬੇ ਵਿੱਚ ਜੱਚਾ-ਬੱਚਾ ਦੇਖਭਾਲ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਦੀ ਦਿਸ਼ਾ ਵੱਲ ਅਹਿਮ ਕਦਮ ਚੁੱਕਦਿਆਂ, ਰਾਸ਼ਟਰੀ ਸਿਹਤ ਮਿਸ਼ਨ (ਐਨਐਚਐਮ) ਪੰਜਾਬ ਨੇ ਅੰਤਰਰਾਸ਼ਟਰੀ ਗੈਰ-ਸਰਕਾਰੀ ਸੰਸਥਾ ਜੇਐਚਪੀਆਈਜੀਓ ਨਾਲ ਲੰਬੇ ਸਮੇਂ ਲਈ ਸਮਝੌਤਾ ਸਹੀਬੱਧ ਕੀਤਾ ਹੈ। ਇਸ ਸਮਝੌਤੇ 'ਤੇ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਕੱਤਰ ਸਿਹਤ ਅਤੇ ਪਰਿਵਾਰ ਭਲਾਈ ਕੁਮਾਰ ਰਾਹੁਲ ਅਤੇ ਜੇਐਚਪੀਆਈਜੀਓ ਦੇ ਕੰਟਰੀ ਡਾਇਰੈਕਟਰ ਡਾ. ਅਮਿਤ ਅਰੁਣ ਸ਼ਾਹ ਨੇ ਹਸਤਾਖਰ ਕੀਤੇ। ਇਸ ਸਮਝੌਤੇ ਬਾਰੇ ਜਾਣਕਾਰੀ ਦਿੰਦਿਆਂ, ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਭਾਈਵਾਲੀ ਪ੍ਰਜਨਨ, ਜਣੇਪਾ, ਨਵਜੰਮੇ, ਬੱਚੇ, ਕਿਸ਼ੋਰ ਸਿਹਤ ਅਤੇ ਪੋਸ਼ਣ (ਆਰ ਐਮ ਐਨ ਸੀ ਐਚ ਏ +ਐਨ) ਸੇਵਾਵਾਂ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲਕਦਮੀ ਨਵੀਨਤਾ-ਅਧਾਰਤ ਜਨਤਕ ਸਿਹਤ ਸੁਧਾਰਾਂ ਅਤੇ ਪੰਜਾਬ ਨੂੰ ਡਿਜੀਟਲ ਸਿਹਤ ਵਿੱਚ ਮੋਹਰੀ ਸੂਬਾ ਬਣਾਉਣ ਪ੍ਰਤੀ ਸੂਬਾ ਦੀ ਵਚਨਬੱਧਤਾ ਨਾਲ ਮੇਲ ਖਾਂਦੀ ਹੈ। ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਜੱਚਾ-ਬੱਚਾ ਸਿਹਤ ਸੰਭਾਲ ਨੂੰ ਬਿਹਤਰ ਬਣਾਉਣ ਲਈ ਤਕਨੀਕੀ ਸਹਾਇਤਾ ਵਿੱਚ ਵਾਧਾ ਕਰਨਾ ਹੈ। ਉਨ੍ਹਾਂ ਅੱਗੇ ਕਿਹਾ, "ਸਾਡਾ ਧਿਆਨ ਡਿਜੀਟਲ ਅਤੇ ਡੇਟਾ-ਅਧਾਰਤ ਪਹੁੰਚਾਂ ਦੀ ਵਰਤੋਂ ਕਰਦਿਆਂ ਉੱਚ-ਜੋਖਮ ਵਾਲੀਆਂ ਗਰਭ-ਅਵਸਥਾਵਾਂ ਦੀ ਪਛਾਣ ਅਤੇ ਪ੍ਰਬੰਧਨ ਰਾਹੀਂ ਜਨਮ ਤੋਂ ਪਹਿਲਾਂ, ਜਨਮ ਦੌਰਾਨ ਅਤੇ ਜਨਮ ਤੋਂ ਬਾਅਦ ਦੀ ਦੇਖਭਾਲ ਨੂੰ ਮਜ਼ਬੂਤ ਕਰਨ 'ਤੇ ਕੇਂਦਰਿਤ ਹੋਵੇਗਾ।" ਇਸ ਸਮਝੌਤੇ ਦੇ ਤਕਨੀਕੀ ਪਹਿਲੂ ਨੂੰ ਉਜਾਗਰ ਕਰਦਿਆਂ, ਸਿਹਤ ਮੰਤਰੀ ਨੇ ਕਿਹਾ ਕਿ ਸੂਬੇ ਵੱਲੋਂ ਲਾਭਪਾਤਰੀ ਟਰੈਕਿੰਗ ਪ੍ਰਣਾਲੀਆਂ, ਆਈਓਟੀ ਸਮਰੱਥ ਡਿਵਾਈਸਾਂ ਅਤੇ ਲੇਬਰ ਰੂਮ ਨਿਗਰਾਨ ਉਪਾਵਾਂ ਸਮੇਤ ਮੁੱਖ ਡਿਜੀਟਲ ਸਿਹਤ ਪਲੇਟਫਾਰਮਾਂ ਦੇ ਏਕੀਕਰਨ ਨੂੰ ਮਜ਼ਬੂਤ ਕਰੇਗਾ। ਇਸ ਨਾਲ ਗਰਭਵਤੀ ਔਰਤਾਂ ਅਤੇ ਨਵਜੰਮੇ ਬੱਚਿਆਂ ਦੀ ਅਸਲ-ਸਮੇਂ ਦੀ ਟਰੈਕਿੰਗ, ਉੱਚ-ਜੋਖਮ ਵਾਲੇ ਮਾਮਲਿਆਂ ਦੀ ਸ਼ੁਰੂਆਤੀ ਪੜਾਅ੍ ਤੇ ਪਛਾਣ ਅਤੇ ਸਮੇਂ ਸਿਰ ਕਲੀਨਿਕਲ ਦਖਲ ਨੂੰ ਯਕੀਨੀ ਬਣਾਇਆ ਜਾ ਸਕੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਸਹਿਯੋਗ ਵਿੱਚ ਸਿਹਤ ਸੰਭਾਲ ਕਰਮਚਾਰੀਆਂ ਦੀ ਸਮਰੱਥਾ ਵਿੱਚ ਵਾਧਾ ਕਰਨਾ, ਤੀਬਰ ਨਿਗਰਾਨੀ, ਸਹਾਇਕ ਨਿਗਰਾਨੀ ਅਤੇ ਨੀਤੀ-ਪੱਧਰੀ ਤਕਨੀਕੀ ਸਹਾਇਤਾ ਵੀ ਸ਼ਾਮਲ ਹੋਵੇਗੀ। ਇਨ੍ਹਾਂ ਯਤਨਾਂ ਨਾਲ ਜੱਚਾ-ਬੱਚਾ ਮੌਤ ਦਰ ਵਿੱਚ ਕਾਫ਼ੀ ਕਮੀ ਆਉਣ ਦੀ ਸੰਭਾਵਨਾ ਹੈ ਜੋ ਸਥਾਈ ਵਿਕਾਸ ਟੀਚਿਆਂ ਦੀ ਪ੍ਰਾਪਤੀ ਵਿੱਚ ਅਹਿਮ ਯੋਗਦਾਨ ਪਾਵੇਗਾ। ਇਸ ਦੌਰਾਨ ਸਿਹਤ ਵਿਭਾਗ, ਐਨਐਚਐਮ ਪੰਜਾਬ ਦੇ ਸੀਨੀਅਰ ਅਧਿਕਾਰੀ ਅਤੇ ਵੱਖ-ਵੱਖ ਸੂਬਾ ਪੱਧਰੀ ਭਾਈਵਾਲ ਸ਼ਾਮਲ ਹੋਏ।

# ਪੀਆਈਬੀ ਮੀਡੀਆ ਟੂਰ ਟੀਮ (ਪੰਜਾਬ ਅਤੇ ਹਿਮਾਚਲ ਪ੍ਰਦੇਸ਼) ਨੇ ਮਿਜ਼ੋਰਮ ਦੇ ਰਾਜਪਾਲ ਨਾਲ ਲੋਕ ਭਵਨ ਵਿਖੇ ਮੁਲਾਕਾਤ ਕੀਤੀ

ਜ਼ਿਕਰ ਪੰਜਾਬ
ਜਲੰਧਰ/ਬਲਵਿੰਦਰ ਕੁਮਾਰ



ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਦੇ ਪੱਤਰ ਸੂਚਨਾ ਦਫ਼ਤਰ, ਜਲੰਧਰ ਵੱਲੋਂ ਆਯੋਜਿਤ ਮੀਡੀਆ ਟੂਰ ਵਿੱਚ ਭਾਗ ਲੈ ਰਹੇ ਪੰਜਾਬ ਅਤੇ ਹਿਮਾਚਲ ਪ੍ਰਦੇਸ਼ ਦੇ ਪੱਤਰਕਾਰਾਂ ਅਤੇ ਪੀਆਈਬੀ ਦੇ ਅਧਿਕਾਰੀਆਂ ਵੱਲੋਂ ਆਈਜ਼ੌਲ ਸਥਿਤ ਲੋਕ ਭਵਨ ਵਿੱਚ ਮਿਜ਼ੋਰਮ ਦੇ ਰਾਜਪਾਲ ਜਨਰਲ (ਡਾ.) ਵਿਜੈ ਕੁਮਾਰ ਸਿੰਘ, ਪੀਵੀਐੱਸਐੱਮ, ਏਵੀਐੱਸਐੱਮ, ਵਾਈਐੱਸਐੱਮ (ਸੇਵਾਮੁਕਤ) ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਰਾਜਪਾਲ ਜਨਰਲ (ਡਾ.) ਵਿਜੈ ਕੁਮਾਰ ਸਿੰਘ ਨੇ ਘੱਟ ਆਬਾਦੀ ਅਤੇ ਸੀਮਿਤ ਭੂਗੋਲਿਕ ਖੇਤਰ ਹੋਣ ਦੇ ਬਾਵਜੂਦ ਮਿਜ਼ੋਰਮ ਦੇ ਮਹੱਤਵਪੂਰਨ ਰਣਨੀਤਿਕ ਮਹੱਤਵ ਨੂੰ ਉਜਾਗਰ ਕੀਤਾ। ਉਨ੍ਹਾਂ ਨੇ ਦੱਸਿਆ ਕਿ ਇਹ ਰਾਜ ਭਾਰਤ, ਮਿਆਂਮਾਰ ਅਤੇ ਬੰਗਲਾਦੇਸ਼ ਦੇ ਤਿਕੋਣ 'ਤੇ ਸਥਿਤ ਹੈ, ਜਿਸ ਕਰਕੇ ਇਹ ਭਾਰਤ ਦੀ ਐਕਟ ਈਸਟ ਨੀਤੀ ਵਿੱਚ ਇੱਕ ਅਹਿਮ ਭੂਮਿਕਾ ਨਿਭਾਉਂਦਾ ਹੈ। ਰਾਜਪਾਲ ਨੇ ਇਹ ਵੀ ਕਿਹਾ ਕਿ ਮਿਜ਼ੋਰਮ ਆਪਣੇ ਗੁਆਂਢੀ ਦੇਸ਼ਾਂ ਨਾਲ ਦੋਸਤਾਨਾ ਸਬੰਧ ਬਣਾਈ ਰੱਖਦਾ ਹੈ, ਜਿਸ ਨਾਲ ਸਰਹੱਦੀ ਖੇਤਰਾਂ ਵਿੱਚ ਆਮ ਤੌਰ 'ਤੇ ਸ਼ਾਂਤੀਪੂਰਨ ਮਾਹੌਲ ਬਣਿਆ ਰਹਿੰਦਾ ਹੈ ਅਤੇ ਵੱਡੀਆਂ ਘਟਨਾਵਾਂ ਬਹੁਤ ਘੱਟ ਹੁੰਦੀਆਂ ਹਨ। ਰਾਜ ਦੇ ਇਤਿਹਾਸ ਨੂੰ ਯਾਦ ਕਰਦੇ ਹੋਏ ਉਨ੍ਹਾਂ ਨੇ ਕਿਹਾ ਕਿ ਭਾਵੇਂ ਮਿਜ਼ੋਰਮ ਨੇ ਪਿਛੋਕੜ ਵਿੱਚ ਅਸ਼ਾਂਤੀ ਦੇ ਦੌਰ ਦੇਖੇ ਸਨ, ਪਰ 1986 ਦਾ ਇਤਿਹਾਸਕ ਮਿਜ਼ੋਰਮ ਸ਼ਾਂਤੀ ਸਮਝੌਤਾ ਲੰਬੇ ਸਮੇਂ ਦੀ ਸ਼ਾਂਤੀ ਅਤੇ ਸਥਿਰਤਾ ਦੀ ਸ਼ੁਰੂਆਤ ਬਣਿਆ ਹੈ। ਉਨ੍ਹਾਂ ਨੇ ਮਿਜ਼ੋਰਮ ਨੂੰ ਭਾਰਤ ਦੇ ਸਭ ਤੋਂ ਵੱਧ ਸਿੱਖਿਅਤ ਰਾਜਾਂ ਵਿੱਚੋਂ ਇੱਕ ਦੱਸਦੇ ਹੋਏ ਕਿਹਾ ਕਿ ਇਸਨੂੰ ਦੇਸ਼ ਦੇ ਪਹਿਲੇ ਪੂਰੀ ਤਰ੍ਹਾਂ ਸਿੱਖਿਅਤ ਰਾਜ ਵਜੋਂ ਅਧਿਕਾਰਕ ਮਾਨਤਾ ਪ੍ਰਾਪਤ ਹੈ ਅਤੇ ਇਸਨੂੰ ਭਾਰਤ ਦੀ ਅਦਰਕ ਰਾਜਧਾਨੀ ਵਜੋਂ ਵੀ ਜਾਣਿਆ ਜਾਂਦਾ ਹੈ ਰਾਜਪਾਲ ਨੇ ਰਾਜ ਵਿੱਚ ਵੱਖ-ਵੱਖ ਖੇਤਰਾਂ ਵਿੱਚ ਹੋ ਰਹੇ ਤੇਜ਼ੀ ਨਾਲ ਵਿਕਾਸ ਅਤੇ ਤਰੱਕੀ ਬਾਰੇ ਵੀ ਗੱਲ ਕੀਤੀ। ਬੁਨਿਆਦੀ ਢਾਂਚੇ 'ਤੇ ਧਿਆਨ ਕੇਂਦਰਿਤ ਕਰਦੇ ਹੋਏ ਉਨ੍ਹਾਂ ਨੇ 51.38 ਕਿਲੋਮੀਟਰ ਲੰਬੀ ਬਈਰਬੀ-ਸਾਏਰੰਗ ਨਵੀਂ ਰੇਲਵੇ ਲਾਈਨ ਜਿਸਦਾ ਉਦਘਾਟਨ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ 13 ਸਤੰਬਰ, 2025 ਨੂੰ ਕੀਤਾ ਸੀ—ਨੂੰ ਮਿਜ਼ੋਰਮ ਲਈ ਇੱਕ ਗੇਮ ਚੇਂਜਰ ਕਰਾਰ ਦਿੱਤਾ। ਉਨ੍ਹਾਂ ਨੇ ਜਾਣਕਾਰੀ ਦਿੱਤੀ ਕਿ ਇਸ ਪ੍ਰੋਜੈਕਟ ਨੂੰ ਦੱਖਣ ਵੱਲ 200 ਕਿਲੋਮੀਟਰ ਤੋਂ ਵੱਧ ਜ਼ੋਰਿਨਪੁਈ ਤੱਕ ਵਧਾਇਆ ਜਾਵੇਗਾ। ਇਹ ਵਿਸਥਾਰ ਕਾਲਾਦਾਨ ਮਲਟੀ-ਮੋਡਲ ਟ੍ਰਾਂਜ਼ਿਟ ਟ੍ਰਾਂਸਪੋਰਟ ਪ੍ਰੋਜੈਕਟ (ਕੇਐੱਮਐੱਮਟੀਟੀਪੀ) ਨਾਲ ਜੁੜੇਗਾ ਅਤੇ ਅੰਤ ਵਿੱਚ ਮਿਆਂਮਾਰ ਦੇ ਪਲੇਤਵਾ ਅਤੇ ਸਿੱਤਵੇ ਪੋਰਟ ਨਾਲ ਕਨੈਕਟਿਵਿਟੀ ਸਥਾਪਤ ਕਰੇਗਾ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੀ ਬਿਹਤਰ ਕਨੈਕਟਿਵਿਟੀ ਨਾਲ ਨਾ ਸਿਰਫ਼ ਮਿਜ਼ੋਰਮ ਬਲਕਿ ਪੂਰੇ ਉੱਤਰ-ਪੂਰਬੀ ਖੇਤਰ ਅਤੇ ਦੇਸ਼ ਲਈ ਵੱਡੇ ਪੱਧਰ 'ਤੇ ਸਮਾਜਿਕ-ਆਰਥਿਕ ਬਦਲਾਅ ਸੰਭਵ ਹੋਣਗੇ। ਸਰਹੱਦੀ ਸੁਰੱਖਿਆ ਦੇ ਮਸਲੇ 'ਤੇ ਰਾਜਪਾਲ ਨੇ ਸਵੀਕਾਰਿਆ ਕਿ ਅੰਤਰਰਾਸ਼ਟਰੀ ਸਰਹੱਦਾਂ ਦੇ ਨੇੜੇ ਹੋਣ ਕਰਕੇ ਮਿਜ਼ੋਰਮ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਯਤਨ ਹੋ ਸਕਦੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਸਰਕਾਰ ਪੂਰੀ ਚੌਕਸੀ ਨਾਲ ਗੈਰ-ਕਾਨੂੰਨੀ ਸਰਹੱਦੀ ਗਤੀਵਿਧੀਆਂ, ਖ਼ਾਸ ਕਰਕੇ ਨਸ਼ਾ ਤਸਕਰੀ ਅਤੇ ਹੋਰ ਗੈਰ-ਕਾਨੂੰਨੀ ਲੈਣ-ਦੇਣ ਨੂੰ ਰੋਕਣ ਲਈ ਵਚਨਬੱਧ ਹੈ। ਉਨ੍ਹਾਂ ਨੇ ਇਹ ਵੀ ਕਿਹਾ ਕਿ ਮੁੱਖ ਤੌਰ 'ਤੇ ਆਦਿਵਾਸੀ ਅਤੇ ਇਸਾਈ ਬਹੁਲ ਰਾਜ ਹੋਣ ਕਰਕੇ ਮਿਜ਼ੋਰਮ ਨੂੰ ਚਰਚ, ਯੰਗ ਮਿਜ਼ੋ ਐਸੋਸੀਏਸ਼ਨ (ਵਾਈਐੱਮਏ) ਅਤੇ ਹੋਰ ਗੈਰ-ਸਰਕਾਰੀ ਸੰਸਥਾਵਾਂ ਦੀ ਸਕਾਰਾਤਮਕ ਭੂਮਿਕਾ ਨਾਲ ਸਮਾਜਿਕ ਅਨੁਸ਼ਾਸਨ ਅਤੇ ਸਦਭਾਵਨਾ ਬਣਾਈ ਰੱਖਣ ਵਿੱਚ ਵੱਡਾ ਲਾਭ ਮਿਲਦਾ ਹੈ। ਪੀਆਈਬੀ ਮੀਡੀਆ ਟੂਰ ਟੀਮ ਦੇ ਮੈਂਬਰਾਂ ਨੇ ਮਿਜ਼ੋਰਮ ਦੇ ਆਪਣੇ ਦੌਰੇ ਬਾਰੇ ਸਕਾਰਾਤਮਕ ਤਜਰਬੇ ਸਾਂਝੇ ਕੀਤੇ। ਉਨ੍ਹਾਂ ਨੇ ਰਾਜ ਦੀ ਕੁਦਰਤੀ ਸੁੰਦਰਤਾ ਦੀ ਪ੍ਰਸ਼ੰਸਾ ਕੀਤੀ ਅਤੇ ਸਥਾਨਕ ਲੋਕਾਂ ਦੇ ਸ਼ਾਨਦਾਰ ਨਾਗਰਿਕ ਵਿਵਹਾਰ ਦੀ ਖ਼ਾਸ ਤੌਰ 'ਤੇ ਸ਼ਲਾਘਾ ਕੀਤੀ, ਜਿਸ ਵਿੱਚ ਟ੍ਰੈਫਿਕ ਨਿਯਮਾਂ ਦੀ ਕਰੜੀ ਪਾਲਣਾ, ਵਾਹਨਾਂ ਦੇ ਹਾਰਨ ਦਾ ਘੱਟ ਤੋਂ ਘੱਟ ਇਸਤੇਮਾਲ ਜਿਸ ਨਾਲ ਸ਼ੋਰ ਪ੍ਰਦੂਸ਼ਣ ਘਟਦਾ ਹੈ, ਅਤੇ ਕਾਨੂੰਨ ਦੀ ਪਾਲਣਾ ਕਰਨ ਵਾਲਾ ਅਤੇ ਨਿਮਰ ਵਿਵਹਾਰ ਸ਼ਾਮਲ ਹੈ ਜਿਸਨੂੰ ਉਨ੍ਹਾਂ ਨੇ ਮਿਸਾਲੀ ਕਰਾਰ ਦਿੱਤਾ। ਇਹ ਟੀਮ 22 ਮਾਰਚ ਨੂੰ ਮਿਜ਼ੋਰਮ ਪਹੁੰਚੀ ਸੀ ਅਤੇ ਇਸ ਦੌਰਾਨ ਉਨ੍ਹਾਂ ਨੇ ਕਈ ਮਹੱਤਵਪੂਰਨ ਥਾਵਾਂ ਦਾ ਦੌਰਾ ਕੀਤਾ, ਜਿਨ੍ਹਾਂ ਵਿੱਚ ਸਾਏਰੰਗ ਰੇਲਵੇ ਸਟੇਸ਼ਨ, ਥੈਂਜ਼ਾਵਲ ਸੋਲਰ ਪਲਾਂਟ, ਆਕਾਸ਼ਵਾਣੀ ਆਈਜ਼ੌਲ, ਪੀਆਈਬੀ ਦਫ਼ਤਰ, ਡੀਡੀਕੇ ਆਈਜ਼ੌਲ ਅਤੇ ਪ੍ਰਸਿੱਧ ਸੈਰ-ਸਪਾਟਾ ਸਥਾਨ ਰੀਏਕ ਸ਼ਾਮਲ ਹਨ।

ਉਨ੍ਹਾਂ ਨੇ ਸੂਚਨਾ ਅਤੇ ਜਨ ਸੰਪਰਕ ਵਿਭਾਗ (ਆਈਐਂਡਪੀਆਰ) ਦੇ ਸੀਨੀਅਰ ਅਧਿਕਾਰੀਆਂ ਅਤੇ ਮਿਜ਼ੋਰਮ ਜਰਨਲਿਸਟਸ ਐਸੋਸੀਏਸ਼ਨ (ਐੱਮਜੇਏ) ਦੇ ਮੈਂਬਰਾਂ ਨਾਲ ਵੀ ਗੱਲਬਾਤ ਕੀਤੀ। ਮੀਡੀਆ ਟੂਰ ਟੀਮ ਦੀ ਅਗਵਾਈ ਡਾ. ਵਿਕਰਮ ਸਿੰਘ, ਮੀਡੀਆ ਅਤੇ ਸੰਚਾਰ ਅਧਿਕਾਰੀ, ਪੀਆਈਬੀ ਜਲੰਧਰ ਕਰ ਰਹੇ ਹਨ ਅਤੇ ਇਸਦੀ ਮੇਜ਼ਬਾਨੀ ਡਾ. ਰਾਜੀਵ ਲੌਂਗੇਮਬਮ, ਮੁਖੀ ਦਫ਼ਤਰ, ਪੀਆਈਬੀ ਆਈਜ਼ੌਲ ਵੱਲੋਂ ਕੀਤੀ ਜਾ ਰਹੀ ਹੈ।

# ਖ਼ਾਲਸਾ ਕਾਲਜ ਵਿਖੇ ਰਾਸ਼ਟਰੀ ਸੈਮੀਨਾਰ ਕਰਵਇਆ

ਜ਼ਿਕਰ ਪੰਜਾਬ
ਅੰਮ੍ਰਿਤਸਰ/ਬਿਊਰੋ




ਖ਼ਾਲਸਾ ਕਾਲਜ ਦੇ ਰਾਜਨੀਤੀ ਵਿਗਿਆਨ ਅਤੇ ਲੋਕ ਪ੍ਰਸ਼ਾਸਨ ਵਿਭਾਗ ਵੱਲੋਂ ਆਈ. ਸੀ. ਐੱਸ. ਐੱਸ. ਆਰ. ਦੇ ਸਹਿਯੋਗ ਨਾਲ ਕਰਵਾਏ ਗਏ ਰਾਸ਼ਟਰੀ ਸੈਮੀਨਾਰ ਦੌਰਾਨ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਵਾਨਾਂ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਲੋਕਲੁਭਾਵਨ ਰਾਜਨੀਤੀ ਲੋਕਤੰਤਰ ਲਈ ਵੱਡਾ ਖ਼ਤਰਾ ਹੈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੀ ਰਹਿਨੁਮਾਈ ਹੇਠ ਕਰਵਾਏ ਗਏ ਉਕਤ ਪ੍ਰੋਗਰਾਮ ਦੀ ਪ੍ਰਧਾਨਗੀ ਖ਼ਾਲਸਾ ਯੂਨੀਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਦੁਆਰਾ ਕੀਤੀ ਗਈ, ਜਦਕਿ ਮੁੱਖ ਬੁਲਾਰੇ ਵਜੋਂ ਡਾ. ਜਗਰੂਪ ਸਿੰਘ ਸੇਖੋਂ ਨੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਸੇਖੋਂ ਨੇ ਕਿਹਾ ਕਿ ਅਜੋਕੇ ਸਮੇਂ 'ਚ ਸ਼ਾਸਕੀ ਸੰਸਥਾਵਾਂ ਅਤੇ ਰਾਜਨੀਤਿਕ ਅਗਵਾਈ ਪ੍ਰਤੀ ਲੋਕਾਂ 'ਚ ਭਰੋਸੇ ਦੀ ਘਾਟ ਪਾਈ ਜਾਂਦੀ ਹੈ। ਜਦ ਕਿ ਡਾ. ਮਹਿਲ ਸਿੰਘ ਨੇ ਕਿਹਾ ਕਿ ਰਾਜ 'ਚ ਲੀਡਰਸ਼ਿਪ ਦਾ ਖਲਾਅ ਹੈ। ਉਨ੍ਹਾਂ ਕਿਹਾ ਕਿ ਰਾਜਨੀਤਿਕ ਨੇਤਾਵਾਂ ਦੇ ਸਾਰੇ ਲੋਕਲੁਭਾਵਨ ਬਿਆਨਾਂ ਨੂੰ ਕਾਨੂੰਨੀ ਤੌਰ 'ਤੇ ਦਸਤਾਵੇਜ਼ੀ ਰੂਪ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਬਾਅਦ 'ਚ ਉਨ੍ਹਾਂ ਨੂੰ ਜਵਾਬਦੇਹ ਬਣਾਇਆ ਜਾ ਸਕੇ ਕਿਉਂਕਿ ਅਜਿਹੇ ਢਿੱਲੇ ਬਿਆਨ ਲੋਕਾਂ ਨੂੰ ਗੁੰਮਰਾਹ ਕਰਦੇ ਹਨ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਵਿਦਵਾਨਾਂ ਦਾ ਸਵਾਗਤ ਕਰਦਿਆਂ ਉਕਤ ਵਿਭਾਗ ਨੂੰ ਵਧਾਈ ਦਿੱਤੀ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਕਾਲਜ ਵਿਦਿਆਰਥੀਆਂ ਨੂੰ ਅਕਾਦਮਿਕ ਅਤੇ ਵਿਹਾਰਕ ਗਿਆਨ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਹ ਸੈਮੀਨਾਰ ਉਸ ਵਚਨਬੱਧਤਾ ਦਾ ਨਤੀਜਾ ਹੈ। ਇਸ ਤੋਂ ਪਹਿਲਾਂ ਕਾਲਜ ਰਜਿਸਟਰਾਰ ਡਾ. ਦਵਿੰਦਰ ਸਿੰਘ ਨੇ ਸੈਮੀਨਾਰ ਦੇ ਵਿਸ਼ੇ ਸਬੰਧੀ ਜਾਣਕਾਰੀ ਸਾਂਝੀ ਕੀਤੀ

ਸੈਮੀਨਾਰ ਦੇ ਕਨਵੀਨਰ ਡਾ. ਦਵਿੰਦਰ ਕੌਰ ਨੇ ਕਿਹਾ ਕਿ ਇਸ ਦੌਰਾਨ 27 ਖੋਜ ਪੱਤਰ ਪੇਸ਼ ਕੀਤੇ ਗਏ ਅਤੇ ਡਾ. ਵਿਸ਼ਵਜੀਤ ਮੋਹੰਤੀ, ਡਾ. ਸੁਖਦੇਵ ਸਿੰਘ ਸੋਹਲ, ਡਾ. ਅਮਰਜੀਤ ਸਿੰਘ ਸਿੱਧੂ, ਪ੍ਰਿੰਸੀਪਲ ਡਾ. ਨੀਰੂ ਸ਼ਰਮਾ, ਡਾ. ਮਲਕੀਅਤ ਸਿੰਘ, ਡਾ. ਨਿਰਮਲ ਸਿੰਘ, ਡਾ. ਮਨਜੀਤ ਕੌਰ ਵਰਗੇ ਸਮਾਜਿਕ ਵਿਗਿਆਨੀਆਂ ਨੇ ਸਰੋਤ ਵਿਅਕਤੀਆਂ ਵਜੋਂ ਸ਼ਿਰਕਤ ਕਰਦਿਆਂ ਵਿਦਿਆਰਥੀਆਂ ਨੂੰ ਆਪਣੀ ਖੋਜ ਅਤੇ ਵਿਚਾਰਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਦੋਵੇਂ ਤਕਨੀਕੀ ਸੈਸ਼ਨਾਂ 'ਚ ਵਿਦਵਾਨਾਂ ਨਾਲ ਗੱਲਬਾਤ 'ਚ ਹਿੱਸਾ ਲਿਆ। ਇਸ ਮੌਕੇ ਸੈਮੀਨਾਰ ਦੇ ਰਿਪੋਰਟਰ ਡਾ. ਸੁਖਜੀਤ ਸਿੰਘ ਨੇ ਸਮੂਹ ਸੈਸ਼ਨਾਂ ਦੀ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਵਿਦਿਆਰਥੀ ਭਲਾਈ ਦੇ ਡੀਨ ਅਤੇ ਰਾਜਨੀਤੀ ਸ਼ਾਸਤਰ ਵਿਭਾਗ ਦੇ ਮੁਖੀ ਡਾ. ਸਤਨਾਮ ਸਿੰਘ ਨੇ ਸਮਾਪਤੀ ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਪੰਜਾਬ ਦੀ ਰਾਜਨੀਤੀ ਮੌਜੂਦਾ ਸਥਿਤੀ ਗੰਭੀਰ ਹੈ ਪਰ ਪੰਜਾਬ ਆਪਣੀ ਮਜ਼ਬੂਤੀ ਅਤੇ ਜੁਝਾਰੂ ਸੁਭਾਵ ਕਰਕੇ ਜਾਣਿਆ ਜਾਂਦਾ ਹੈ ਅਤੇ ਇਹ ਸਿਰਫ਼ ਨੌਜਵਾਨਾਂ ਦੀ ਗਿਆਨਵਾਨ ਭਾਗੀਦਾਰੀ ਹੈ ਜੋ ਪੰਜਾਬ ਦੀ ਰਾਜਨੀਤੀ ਨੂੰ ਦੁਬਾਰਾ ਸਹੀ ਰਸਤੇ 'ਤੇ ਲਿਆ ਸਕਦੀ ਹੈ। ਇਸ ਮੌਕੇ ਹਿਊਮੈਨਟੀਜ਼ ਡੀਨ ਪ੍ਰੋ. ਜਸਪ੍ਰੀਤ ਕੌਰ ਨੇ ਧੰਨਵਾਦ ਮਤਾ ਪੇਸ਼ ਕੀਤਾ। ਇਸ ਮੌਕੇ ਡਾ. ਗੁਰਵੇਲ ਸਿੰਘ ਮੱਲ੍ਹੀ, ਡਾ. ਹਰਬਿਲਾਸ ਸਿੰਘ ਰੰਧਾਵਾ, ਡਾ. ਬਲਜੀਤ ਸਿੰਘ, ਡਾ. ਗੀਤੂ ਸ਼ਰਮਾ, ਪ੍ਰੋ. ਮਨਪ੍ਰੀਤ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਪਲਕਦੀਪ ਕੌਰ, ਪ੍ਰੋ. ਪ੍ਰਵੀਨ ਕੌਰ ਸਮੇਤ ਹੋਰ ਸਟਾਫ ਮੈਂਬਰ ਤੇ ਵਿਦਿਆਰਥੀ ਮੌਜੂਦ ਸਨ।

# ਜਿਲ੍ਹੇ ਵਿੱਚ ਪੈਟਰੋਲ/ਡੀਜ਼ਲ ਦੀ ਕੋਈ ਕਮੀ ਨਹੀਂ, ਅਫਵਾਹਾਂ ਤੋਂ ਬਚਣ ਦੀ ਅਪੀਲ: ਡਿਪਟੀ ਕਮਿਸ਼ਨਰ

ਜ਼ਿਕਰ ਪੰਜਾਬ
ਕੋਟਕਪੂਰਾ/ਬਿਊਰੋ



ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਵੱਲੋਂ ਪੈਟਰੋਲ ਅਤੇ ਡੀਜ਼ਲ ਦੇ ਮੌਜੂਦਾ ਹਾਲਾਤਾਂ ਸਬੰਧੀ ਜਿਲ੍ਹਾ ਖੁਰਾਕ 'ਤੇ ਸਪਲਾਈ ਕੰਟਰੋਲਰ ਅਤੇ ਤੇਲ ਕੰਪਨੀਆਂ ਦੇ ਏਰੀਆ ਸੇਲਜ਼ ਅਫਸਰਾਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਡੀ.ਐਫ.ਐਸ.ਸੀ ਸ. ਗੁਰਜੀਤ ਸਿੰਘ ਦਿਉਲ, ਇੰਡੀਅਨ ਆਇਲ ਤੋਂ ਸ੍ਰੀ ਤੇਜਿੰਦਰ ਸਿੰਘ, ਭਾਰਤ ਪੈਟਰੋਲੀਅਮ ਤੋਂ ਸ੍ਰੀ ਸ਼ਮਸ਼ੇਰ ਸਿੰਘ, ਹਿੰਦੋਸਤਾਨ ਪੈਟਰੋਲੀਅਮ ਤੋਂ ਸ੍ਰੀ ਕ੍ਰਿਸ਼ਨ ਮੁਰਾਰੀ ਅਤੇ ਰਿਲਾਇੰਸ ਕੰਪਨੀ ਵੱਲੋਂ ਸ੍ਰੀ ਸੁਮਿਤ ਹਾਜ਼ਰ ਸਨ। ਇਸ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਪੈਟਰੋਲ ਪੰਪਾਂ ਉੱਤੇ ਪੈਟਰੋਲ/ਡੀਜ਼ਲ ਦੀ ਆ ਰਹੀ ਘਾਟ ਬਾਰੇ ਜਾਣਕਾਰੀ ਲਈ। ਇਸ ਸਬੰਧੀ ਤੇਲ ਕੰਪਨੀਆਂ ਦੇ ਨੁਮਾਇੰਦਿਆਂ ਨੇ ਦੱਸਿਆ ਕਿ ਪੈਟਰੋਲ/ਡੀਜ਼ਲ ਦੀ ਕੋਈ ਘਾਟ ਨਹੀਂ ਹੈ ਅਤੇ ਕੰਪਨੀਆਂ ਕੋਲ ਲੋੜੀਂਦੀ ਮਾਤਰਾ ਵਿੱਚ ਸਟਾਕ ਉਪਲਬਧ ਹੈ। ਉਨ੍ਹਾਂ ਕਿਹਾ ਕਿ ਅਫਵਾਹਾਂ ਦੇ ਕਾਰਨ ਲੋਕਾਂ ਵੱਲੋਂ ਅਚਾਨਕ ਵੱਧ ਮਾਤਰਾ ਵਿੱਚ ਤੇਲ ਖਰੀਦਣ ਕਾਰਨ ਕੁਝ ਪੰਪਾਂ 'ਤੇ ਅਸਥਾਈ ਤੌਰ 'ਤੇ ਘਾਟ ਦੇ ਹਾਲਾਤ ਬਣੇ ਸਨ। ਇੰਡੀਅਨ ਆਇਲ ਦੇ ਸ੍ਰੀ ਤੇਜਿੰਦਰ ਸਿੰਘ ਨੇ ਦੱਸਿਆ ਕਿ ਜਿਵੇਂ ਹੀ ਕੁਝ ਪੰਪਾਂ 'ਤੇ ਤੇਲ ਘੱਟ ਹੋਇਆ, ਕੰਪਨੀ ਵੱਲੋਂ ਤੁਰੰਤ ਟੈਂਕਰ ਭੇਜ ਕੇ ਸਪਲਾਈ ਮੁੜ ਨਾਰਮਲ ਕਰ ਦਿੱਤੀ ਗਈ ਹੈ। ਭਾਰਤ ਪੈਟਰੋਲੀਅਮ ਅਤੇ ਹਿੰਦੋਸਤਾਨ ਪੈਟਰੋਲੀਅਮ ਦੇ ਅਧਿਕਾਰੀਆਂ ਨੇ ਵੀ ਦੱਸਿਆ ਕਿ ਸਪਲਾਈ ਪਹਿਲਾਂ ਵਾਂਗ ਲਗਾਤਾਰ ਜਾਰੀ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸੇ ਵੀ ਪੈਟਰੋਲ ਪੰਪ ਨੂੰ ਡਰਾਈ ਨਾ ਹੋਣ ਦਿੱਤਾ ਜਾਵੇ ਅਤੇ ਸਪਲਾਈ ਨਿਰੰਤਰ ਬਣਾਈ ਰੱਖੀ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਅਫਵਾਹਾਂ ਤੋਂ ਦੂਰ ਰਹਿਣ ਅਤੇ ਲੋੜ ਮੁਤਾਬਕ ਹੀ ਪੈਟਰੋਲ/ਡੀਜ਼ਲ ਦੀ ਖਰੀਦ ਕਰਨ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਪੰਪ ਮਾਲਕ ਜਮ੍ਹਾਂਖੋਰੀ ਜਾਂ ਕਾਲਾਬਾਜ਼ਾਰੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੰਦੀਪ ਮਲਹੋਤਰਾ ਨੇ ਦੱਸਿਆ ਕਿ ਜਿਲ੍ਹੇ ਵਿੱਚ ਪੈਟਰੋਲ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਜਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਘਬਰਾਉਣ ਨਾ ਅਤੇ ਘਬਰਾਹਟ ਵਿੱਚ ਆ ਕੇ ਬੇਲੋੜੀ ਸਿਲੰਡਰ ਅਤੇ ਪੈਟਰੋਲ ਦੀ ਖਰੀਦਦਾਰੀ ਤੋਂ ਬਚਣ। ਉਨ੍ਹਾਂ ਕਿਹਾ ਕਿ ਅਫਵਾਹਾਂ ਕਾਰਨ ਲੋਕਾਂ ਵਿੱਚ ਘਬਰਾਹਟ ਪੈਦਾ ਹੋਣ ਕਾਰਨ ਪੈਟਰੋਲ ਪੰਪਾਂ ਵਿੱਚ ਲੋੜ ਤੋਂ ਵੱਧ ਖਰੀਦ ਕਰਨ ਕਾਰਨ ਪੈਟਰੋਲ ਪੰਪਾਂ ਤੇ ਤੇਲ ਦੀ ਥੋੜ੍ਹੀ ਕਮੀ ਆ ਗਈ ਪਰ ਹੁਣ ਕੰਪਨੀਆਂ ਵੱਲੋਂ ਤੇਲ ਮੁੜ ਤੋਂ ਪੈਟਰੋਲ ਪੰਪਾਂ ਵਿੱਚ ਭਰ ਦਿੱਤਾ ਗਿਆ ਹੈ। ਉਨ੍ਹਾਂ ਅਪੀਲ ਕੀਤੀ ਕਿ ਅਫਵਾਹਾਂ ਤੋਂ ਸੁਚੇਤ ਰਹੋ ਅਤੇ ਜੇਕਰ ਕੋਈ ਪੈਟਰੋਲ/ਡੀਜਲ ਜਾਂ ਐਲ.ਪੀ.ਜੀ ਗੈਸ ਦੀ ਕਾਲਾ ਬਾਜ਼ਾਰੀ ਕਰਦਾ ਹੈ ਤਾਂ ਉਸ ਦੀ ਸ਼ਿਕਾਇਤ ਕੀਤੀ ਜਾਵੇ।

ਵਿਦਿਆਰਥੀ ਵਰਗ ਨੂੰ ਸਮੇਂ ਦਾ ਹਾਣੀ ਬਣਾਉਣ ਦੇ ਲਈ

# ਮਾਨ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ ਲਗਾਤਾਰ ਠੋਸ ਉਪਰਾਲੇ : ਕੁਲਵੰਤ ਸਿੰਘ



ਜ਼ਿਕਰ ਪੰਜਾਬ
ਮੋਹਾਲੀ/ਬਿਊਰੋ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਦੋਂ ਦੀ ਸੂਬੇ ਦੀ ਜ਼ਿੰਮੇਵਾਰੀ ਸੰਭਾਲੀ ਹੈ, ਉਦੋਂ ਤੋਂ ਹੀ ਲੋਕਾਂ ਦੀ ਭਲਾਈ ਦੇ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ ਅਤੇ ਜਿੰਨੇ ਵੀ ਵਾਅਦੇ ਤੇ ਗਰੰਟੀਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਵੱਲੋਂ ਲੋਕਾਂ ਨੂੰ ਦਿੱਤੀਆਂ ਗਈਆਂ ਸਨ। ਇਹ ਗੱਲ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਵੰਤ ਸਿੰਘ ਹੋਰਾਂ ਨੇ ਕਹੀ। ਵਿਧਾਇਕ ਕੁਲਵੰਤ ਸਿੰਘ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਦੇ ਕੁੱਲ 22 ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ ਵਿੱਚ 50 ਇੰਟਰ ਐਕਟਿਵ ਫਲੈਟ ਪੈਨਲ ਐਲ.ਈ.ਡੀ.ਲਗਾਏ ਜਾਣ ਦੀ ਮੁਹਿੰਮ ਦੇ ਤਹਿਤ ਸਮਾਗਮ ਵਿੱਚ ਸ਼ਿਰਕਤ ਕੀਤੇ ਜਾਣ ਦੇ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਬੀਤੇ ਕੱਲ 5 ਸਕੂਲਾਂ ਨੂੰ 12 ਪੈਨਲ ਬੱਚਿਆਂ ਨੂੰ ਸਪੁਰਦ ਕੀਤੇ ਜਾ ਚੁੱਕੇ ਹਨ ਅਤੇ ਅੱਜ 5 ਸਕੂਲਾਂ ਦੇ ਵਿੱਚ 12 ਪੈਨਲ ਵਿਦਿਆਰਥੀਆਂ ਨੂੰ ਸਮਰਪਿਤ ਕਰ ਦਿੱਤੇ ਗਏ। ਵਿਧਾਇਕ ਕੁਲਵੰਤ ਸਿੰਘ ਨੇ ਗੱਲਬਾਤ ਦੌਰਾਨ ਦੱਸਿਆ ਕਿ ਇਹਨਾਂ ਵਿੱਚ ਸਰਕਾਰੀ ਹਾਈ ਸਕੂਲ ਫੇਸ -5 ਨੂੰ 2 ਐਲ.ਈ.ਡੀ, ਐਸ.ਓ.ਈ. ਫੇਜ- 11 ਨੂੰ 4 ਐਲਈਡੀ ਹਾਈ ਸਕੂਲ ਸਨੇਟਾ ਨੂੰ ਦੋ ਐਲਈਡੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ ਨੂੰ 2 ਐਲ.ਈ.ਡੀ. ਇਸੇ ਤਰ੍ਹਾਂ ਸੀਨੀਅਰ ਸੈਕੰਡਰੀ ਸਕੂਲ ਪਿੰਡ ਮਨੌਲੀ ਨੂੰ 2 ਐਲ.ਈ.ਡੀ. ਦਿੱਤੀਆਂ ਗਈਆਂ।

# ਸਪੀਕਰ ਸੰਧਵਾਂ ਵੱਲੋਂ 143 ਲੱਖ ਰੁਪਏ ਦੀ ਲਾਗਤ ਨਾਲ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਦਾ ਨੀਂਹ ਪੱਥਰ

ਜ਼ਿਕਰ ਪੰਜਾਬ
ਫਰੀਦਕੋਟ/ਬਿਊਰੋ



ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਪਿੰਡ ਟਹਿਣਾ ਵਿਖੇ 143 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਅਰਬਨ ਪ੍ਰਾਇਮਰੀ ਹੈਲਥ ਸੈਂਟਰ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਅਤੇ ਆਸਾਨ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਉਨ੍ਹਾਂ ਕਿਹਾ ਕਿ ਇਸ ਹੈਲਥ ਸੈਂਟਰ ਦੇ ਬਣਨ ਨਾਲ ਇਲਾਕੇ ਦੇ ਲੋਕਾਂ ਨੂੰ ਪ੍ਰਾਇਮਰੀ ਸਿਹਤ ਸੇਵਾਵਾਂ ਆਪਣੇ ਨੇੜੇ ਹੀ ਮਿਲਣਗੀਆਂ, ਜਿਸ ਨਾਲ ਸਮੇਂ ਅਤੇ ਖਰਚ ਦੋਵਾਂ ਦੀ ਬਚਤ ਹੋਵੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਲਗਾਤਾਰ ਵੱਡੇ ਪੱਧਰ 'ਤੇ ਨਿਵੇਸ਼ ਕੀਤਾ ਜਾ ਰਿਹਾ ਹੈ ਤਾਂ ਜੋ ਹਰ ਨਾਗਰਿਕ ਨੂੰ ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਮਿਲ ਸਕਣ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਇਹ ਪ੍ਰੋਜੈਕਟ ਨਿਰਧਾਰਿਤ ਸਮੇਂ ਅੰਦਰ ਪੂਰਾ ਕੀਤਾ ਜਾਵੇਗਾ ਅਤੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰੇਗਾ। ਉਨ੍ਹਾਂ ਨੇ ਸੰਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਕੰਮ ਦੀ ਗੁਣਵੱਤਾ ਅਤੇ ਸਮੇਂ ਦੀ ਪਾਬੰਦੀ ਯਕੀਨੀ ਬਣਾਉਣ ਦੇ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਸਪੀਕਰ ਸ. ਸੰਧਵਾਂ ਨੇ ਪਿੰਡ ਟਹਿਣਾ ਵਿਖੇ ਹੁਣ ਤੱਕ ਕੀਤੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਵਿੱਚ ਪਾਣੀ ਦੀ ਸਮੱਸਿਆ ਨੂੰ ਦੂਰ ਕਰਨ ਲਈ ਵਾਟਰ ਵਰਕਸ 'ਤੇ ਮੋਟਰ ਲਗਾਈ ਗਈ ਹੈ। ਕਈ ਸਾਲਾਂ ਬਾਅਦ ਗਲੀਆਂ ਵਿੱਚ ਇੰਟਰਲਾਕ ਟਾਇਲਾਂ ਲਗੀਆਂ ਹਨ, ਜਿਸ ਨਾਲ ਲੋਕਾਂ ਨੂੰ ਆਉਣ-ਜਾਣ ਵਿੱਚ ਸੌਖਾ ਹੋਇਆ ਹੈ। ਉਨ੍ਹਾਂ ਕਿਹਾ ਕਿ ਹਾਈਵੇ ਨਾਲ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਪਾਈ ਗਈ ਹੈ ਅਤੇ ਐਸ.ਸੀ. ਵਸਤੀ ਨੂੰ ਵੀ ਪੀਣ ਵਾਲੇ ਪਾਣੀ ਦੀ ਸੁਵਿਧਾ ਮਿਲੀ ਹੈ। ਇਸ ਤੋਂ ਇਲਾਵਾ ਪਿੰਡ ਦੇ ਲੋਕਾਂ ਲਈ 75 ਰਾਸ਼ਨ ਕਾਰਡ ਬਣਾਏ ਗਏ ਹਨ ਅਤੇ ਕਈ ਘਰਾਂ ਲਈ ਆਵਾਸ ਯੋਜਨਾ ਦੇ ਫਾਰਮ ਭਰੇ ਗਏ ਹਨ। ਬਜ਼ੁਰਗਾਂ ਅਤੇ ਅੰਗਹੀਣਾਂ ਦੀਆਂ ਪੈਨਸ਼ਨਾਂ ਵੀ ਲਗਵਾਈਆਂ ਗਈਆਂ ਹਨ। ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਟੇਲਾਂ ਤੱਕ ਪਾਣੀ ਪਹੁੰਚਾਇਆ ਗਿਆ ਹੈ, ਤਿੰਨ ਨਵੇਂ ਟਰਾਂਸਫਾਰਮਰ ਲਗੇ ਹਨ ਅਤੇ ਸਕੂਲ ਲਈ ਵੱਡੀ ਗ੍ਰਾਂਟ ਵੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਗੇਟ ਬਣਾਇਆ ਗਿਆ ਹੈ ਅਤੇ ਖਾਲਿਆਂ ਵਿੱਚ ਪਾਈਪ ਲਾਈਨ ਪਾਈ ਗਈ ਹੈ। ਉਨ੍ਹਾਂ ਕਿਹਾ ਕਿ ਹਾਈਵੇ 'ਤੇ ਪੁਲ ਬਣਾਉਣ ਦਾ ਕੰਮ ਵੀ ਮਨਜ਼ੂਰ ਹੋ ਗਿਆ ਹੈ ਅਤੇ ਜਲਦੀ ਹੀ ਇਸ 'ਤੇ ਕੰਮ ਸ਼ੁਰੂ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਪਿੰਡ ਦੇ ਹੋਰ ਵਿਕਾਸ ਲਈ ਵੀ ਕੰਮ ਜਾਰੀ ਰਹਿਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਆਗੂ ਮਾ. ਜਗਦੇਵ ਸਿੰਘ, ਹਰਜਿੰਦਰ ਸਿੰਘ ਰਿੰਕੂ, ਸੁਖਦੇਵ ਸਿੰਘ ਸੁੱਖਾ, ਜਸਪ੍ਰੀਤ ਸਿੰਘ ਜੱਸਾ, ਬਲਜਿੰਦਰ ਕੌਰ ਸਰਪੰਚ, ਸੋਹਣ ਸਿੰਘ ਸਰਪੰਚ, ਰਣਜੀਤ ਸਿੰਘ, ਬਹਾਲ ਸਿੰਘ, ਗੁਰਬਖਸ਼ ਸਿੰਘ, ਹਰਭਗਤ ਸਿੰਘ, ਪਾਲੀ, ਸਤਵਿੰਦਰ ਸਿੰਘ, ਹਰਬਕਸ਼ ਸਿੰਘ, ਸੁੱਖੀ, ਸੁਖਮੰਦਰ ਸਿੰਘ, ਅਵਤਾਰ ਸਿੰਘ ਸਮੇਤ ਹੋਰ ਪਿੰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।

# ਸ਼੍ਰੀ ਕ੍ਰਿਸ਼ਨ ਵੈਲਫੇਅਰ ਸੋਸਾਇਟੀ, ਫਗਵਾੜਾ ਅਤੇ ਸਰਵ ਸ਼ਕਤੀ ਸੈਨਾ ਵੱਲੋਂ ਸ਼੍ਰੀ ਹਨੂੰਮਾਨ ਜਨਮ ਉਤਸਵ ਪ੍ਰੋਗਰਾਮ ਦਾ ਆਯੋਜਨ 2 ਨੂੰ



ਜ਼ਿਕਰ ਪੰਜਾਬ
ਫਗਵਾੜਾ/ਬਿਊਰੋ

ਸ਼੍ਰੀ ਕ੍ਰਿਸ਼ਨ ਵੈਲਫੇਅਰ ਸੋਸਾਇਟੀ, ਫਗਵਾੜਾ ਅਤੇ ਸਰਵ ਸ਼ਕਤੀ ਸੈਨਾ ਵਲੋਂ ਵਰਮਾਨੀ ਪਰਿਵਾਰ ਦੇ ਸਹਿਯੋਗ ਨਾਲ ਸ਼੍ਰੀ ਹਨੂੰਮਾਨ ਜਨਮ ਉਤਸਵ 2 ਅਪ੍ਰੈਲ, 2026 ਵੀਰਵਾਰ ਨੂੰ ਜੀਟੀ ਰੋਡ, ਫਗਵਾੜਾ ਦੇ ਸ਼੍ਰੀ ਹਨੂੰਮਾਨਗੜ੍ਹੀ ਮੰਦਿਰ ਵਿਖੇ ਬਹੁਤ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਰਮਨ ਸ਼ਰਮਾ ਨੇ ਦੱਸਿਆ ਕਿ ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 10:00 ਵਜੇ ਹਵਨ ਨਾਲ ਹੋਵੇਗੀ। ਇਸ ਤੋਂ ਬਾਅਦ ਸ਼ਾਮ 5:30 ਤੋਂ 7:00 ਵਜੇ ਤੱਕ ਸੁੰਦਰਕਾਂਡ ਦਾ ਪਾਠ ਹੋਵੇਗਾ, ਜਿਸ ਤੋਂ ਬਾਅਦ ਭਜਨ ਸੰਕੀਰਤਨ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਪੰਜਾਬ ਦੇ ਪ੍ਰਸਿੱਧ ਭਜਨ ਗਾਇਕ ਜਸਵੀਰ ਮਾਹੀ ਭਗਵਾਨ ਹਨੂੰਮਾਨ ਅਤੇ ਭਗਵਾਨ ਸ਼੍ਰੀ ਰਾਮ ਦੀ ਉਸਤਤ ਗਾਇਨ ਕਰਨਗੇ। ਉਨ੍ਹਾਂ ਇਹ ਵੀ ਦੱਸਿਆ ਕਿ ਇਸ ਮੌਕੇ 'ਤੇ ਸਵੇਰੇ 11:00 ਵਜੇ ਤੋਂ ਭੰਡਾਰਾ ਵੀ ਲਗਾਇਆ ਜਾਵੇਗਾ। ਇਸ ਮੌਕੇ 'ਤੇ ਹਨੂੰਮਾਨ ਗੜ੍ਹੀ ਮੰਦਰ ਦੇ ਚੇਅਰਮੈਨ ਬਲਦੇਵ ਰਾਜ ਸ਼ਰਮਾ, ਐਡਵੋਕੇਟ ਰਵਿੰਦਰ ਸ਼ਰਮਾ, ਰਮਨ ਸ਼ਰਮਾ, ਅਵਤਾਰ ਪੰਮਾ, ਰਾਜੇਸ਼ ਸ਼ਰਮਾ, ਰਾਜ ਕੁਮਾਰ, ਨਿਸ਼ਾਂਤ ਸ਼ਰਮਾ, ਰਜਤ ਭਾਰਦਵਾਜ, ਪਾਰਸ ਭਾਰਦਵਾਜ ਆਦਿ ਵੀ ਮੌਜੂਦ ਸਨ।

# ਸਰਵਿਸਿਜ਼ ਕਲੱਬ 'ਚ 30 ਲੱਖ ਦੀ ਲਾਗਤ ਨਾਲ ਨਵੀਨੀਕਰਿਤ ਜਿਮ ਦਾ ਉਦਘਾਟਨ

ਜ਼ਿਕਰ ਪੰਜਾਬ
ਹੁਸ਼ਿਆਰਪੁਰ/ਬਿਊਰੋ



ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਸਰਵਿਸਿਜ਼ ਕਲੱਬ, ਹੁਸ਼ਿਆਰਪੁਰ ਵਿੱਚ ਜ਼ਿਲ੍ਹਾ ਓਲੰਪਿਕ ਐਸੋਸੀਏਸ਼ਨ ਵੱਲੋਂ ਚਲਾਏ ਜਾ ਰਹੇ ਲਗਭਗ 30 ਲੱਖ ਰੁਪਏ ਦੀ ਲਾਗਤ ਨਾਲ ਨਵੀਨੀਕਰਿਤ ਕੀਤੇ ਜਿਮ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਪਹਿਲ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਫਿਟਨੈੱਸ ਅਤੇ ਖੇਡ ਗਤੀਵਿਧੀਆਂ ਵੱਲ ਪ੍ਰੇਰਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਜਿਮ ਦੇ ਨਵੀਨੀਕਰਨ ਕੰਮ ਵਿੱਚ ਸੈਂਚਰੀ ਪਲਾਈਵੁੱਡ ਵੱਲੋਂ ਖ਼ਾਸ ਸਹਿਯੋਗ ਦਿੱਤਾ ਗਿਆ ਹੈ। ਉਨ੍ਹਾਂ ਕੰਪਨੀ ਦੇ ਚੇਅਰਮੈਨ ਪਦਮ ਸ਼੍ਰੀ ਸੱਜਣ ਭਜਨਕਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਨਿੱਜੀ ਖੇਤਰ ਦੇ ਸਹਿਯੋਗ ਨਾਲ ਇਸ ਤਰ੍ਹਾਂ ਦੇ ਪ੍ਰੋਜੈਕਟ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਸਹਾਇਕ ਹੁੰਦੇ ਹਨ। ਉਨ੍ਹਾਂ ਕਿਹਾ ਕਿ ਅੱਜ ਇਸ ਜਿਮ ਦੀ ਨਵੀਂ ਤਰ੍ਹਾਂ ਸ਼ੁਰੂਆਤ ਕੀਤੀ ਗਈ ਹੈ, ਜਿਸ ਵਿੱਚ ਆਧੁਨਿਕ ਮਸ਼ੀਨਾਂ ਅਤੇ ਵਿਸ਼ਵ-ਪੱਧਰੀ ਸੁਵਿਧਾਵਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾਂ ਹੁਸ਼ਿਆਰਪੁਰ ਵਾਸੀਆਂ, ਖ਼ਾਸ ਕਰਕੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਜਿਮ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ। ਉਨ੍ਹਾਂ ਦੱਸਿਆ ਕਿ ਇੱਥੇ ਬਹੁਤ ਹੀ ਵਾਜਿਬ ਫੀਸ 'ਤੇ ਉੱਚ ਪੱਧਰੀ ਫਿਟਨੈੱਸ ਸੁਵਿਧਾਵਾਂ ਉਪਲਬਧ ਕਰਵਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਇਹ ਵੀ ਜਾਣਕਾਰੀ ਦਿੱਤੀ ਕਿ ਮਹਿਲਾਵਾਂ ਲਈ ਖ਼ਾਸ ਤੌਰ 'ਤੇ ਮੁਫ਼ਤ ਫਿਟਨੈੱਸ ਸੈਸ਼ਨਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ, ਜਿਸ ਨਾਲ ਵੱਧ ਤੋਂ ਵੱਧ ਮਹਿਲਾਵਾਂ ਫਿਟਨੈੱਸ ਗਤੀਵਿਧੀਆਂ ਨਾਲ ਜੁੜ ਸਕਣ। ਉਨ੍ਹਾਂ ਕਿਹਾ ਕਿ ਇਹ ਕਦਮ ਮਹਿਲਾਵਾਂ ਦੀ ਸਿਹਤ ਅਤੇ ਸਸ਼ਕਤੀਕਰਨ ਵੱਲ ਇੱਕ ਮਹੱਤਵਪੂਰਨ ਯੋਗਦਾਨ ਸਾਬਤ ਹੋਵੇਗਾ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਦੇ ਵਿਰੁੱਧ' ਅਭਿਆਨ ਦਾ ਜ਼ਿਕਰ ਕਰਦੇ ਹੋਏ ਕਿਹਾ ਕਿ ਇਸ ਪਹਲ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਫਿਟਨੈੱਸ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਜਿਮ ਕੇਂਦਰ ਇਸ ਅਭਿਆਨ ਨੂੰ ਮਜ਼ਬੂਤੀ ਦੇਣ ਵਿੱਚ ਮਦਦਗਾਰ ਹਨ। ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ 1 ਅਪ੍ਰੈਲ ਤੋਂ ਸਰਵਿਸਿਜ਼ ਕਲੱਬ ਵਿੱਚ ਸਥਿਤ ਸਵਿਮਿੰਗ ਪੂਲ ਦੀ ਵੀ ਸ਼ੁਰੂਆਤ ਕੀਤੀ ਜਾਵੇਗੀ, ਜਿਸ ਵਿੱਚ ਵੀ ਆਧੁਨਿਕ ਸੁਵਿਧਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ, ਤਾਂ ਜੋ ਲੋਕ ਬਿਹਤਰ ਖੇਡ ਅਤੇ ਫਿਟਨੈੱਸ ਸੁਵਿਧਾਵਾਂ ਦਾ ਲਾਭ ਲੈ ਸਕਣ। ਇਸ ਮੌਕੇ ਸਹਾਇਕ ਕਮਿਸ਼ਨਰ ਓਏਸ਼ੀ ਮੰਡਲ, ਜ਼ਿਲ੍ਹਾ ਖੇਡ ਅਧਿਕਾਰੀ ਗੁਰਪ੍ਰੀਤ ਸਿੰਘ, ਸਕੱਤਰ ਰੈੱਡ ਕ੍ਰਾਸ ਸੋਸਾਇਟੀ ਮੰਗੇਸ਼ ਸੂਦ, ਸੰਯੁਕਤ ਸਕੱਤਰ ਆਦਿਤਿਆ ਰਾਣਾ, ਮੈਨੇਜਰ ਸਰਵਿਸਿਜ਼ ਕਲੱਬ ਰਮਿੰਦਰ ਸਿੰਘ, ਸੈਂਚਰੀ ਪਲਾਈਵੁੱਡ ਦੇ ਐਚਆਰ ਹੈੱਡ ਬੀ.ਐਸ. ਜਾਇਸਵਾਲ, ਪ੍ਰੋਜੈਕਟ ਹੈੱਡ ਬੀ.ਐਲ. ਸ਼ਰਮਾ ਅਤੇ ਐਚਆਰ ਮੈਨੇਜਰ ਰੋਹਿਤ ਸ਼ਰਮਾ ਸਮੇਤ ਹੋਰ ਗਣਮਾਨਯ ਵਿਅਕਤੀ ਹਾਜ਼ਰ ਸਨ।

# ਸ਼ਹਿਰ ਦੀਆਂ ਬੰਦ ਪਈਆਂ ਟ੍ਰੈਫਿਕ ਲਾਈਟਾਂ ਚਾਲੂ ਕਰਨ ਦੀ ਮੰਗ



ਜ਼ਿਕਰ ਪੰਜਾਬ
ਧੂਰੀ/ਬਿਊਰੋ

ਮੁੱਖ ਮੰਤਰੀ ਦੇ ਹਲਕੇ ਦੇ ਧੂਰੀ ਸ਼ਹਿਰ ਦੇ ਕੱਕੜਵਾਲ ਚੌਂਕ 'ਚ ਲੱਗੀਆਂ ਟ੍ਰੈਫ਼ਿਕ ਲਾਈਟਾਂ ਪਿਛਲੇ ਲੰਮੇ ਸਮੇਂ ਤੋਂ ਬੰਦ ਹੋਣ ਕਾਰਨ ਚੌਂਕ 'ਚ ਲੋਕਾਂ ਨੂੰ ਜਿੱਥੇ ਆਵਾਜਾਈ ਦੀ ਗੰਭੀਰ ਸਮੱਸਿਆ ਨਾਲ ਜੂਝਣ ਲਈ ਮਜਬੂਰ ਹੋਣਾ ਪੈ ਰਿਹਾ ਹੈ ਉਥੇ ਹਾਦਸੇ ਵਾਪਰਨ ਦਾ ਖਦਸ਼ਾ ਵੀ ਬਣਿਆ ਰਹਿੰਦਾ ਹੈ। ਦੱਸਣਯੋਗ ਹੈ ਕਿ ਇਸ ਚੌਂਕ 'ਚ ਬਰਨਾਲਾ-ਧੂਰੀ ਅਤੇ ਲੁਧਿਆਣਾ-ਸੰਗਰੂਰ ਵਾਲੇ ਪਾਸਿਓਂ ਬਸਾਂ ਤੇ ਹੋਰ ਵਾਹਨ ਆਉਂਦੇ ਜਾਂਦੇ ਹਨ , ਪਰ ਚੌਂਕ 'ਚ ਲੱਗੀਆਂ ਟ੍ਰੈਫਿਕ ਲਾਈਟਾਂ ਬੰਦ ਹੋਣ ਕਾਰਨ ਆਵਾਜਾਈ ਦੀ ਗੰਭੀਰ ਸਮੱਸਿਆ ਬਣੀ ਰਹਿੰਦੀ ਹੈ। ਖਾਸਕਰ ਬਾਅਦ ਦੁਪਹਿਰ ਸਕੂਲਾਂ 'ਚ ਛੁੱਟੀ ਹੋਣ 'ਤੇ ਸਕੂਲੀ ਬਸਾਂ ਤੇ ਹੋਰ ਵਾਹਨਾਂ ਦੀਆਂ ਚੌਂਕ 'ਚ ਲੰਮੀਆਂ ਕਤਾਰਾਂ ਲੱਗਣ ਕਾਰਨ ਭਾਰੀ ਜਾਮ ਲਗਦਾ ਹੈ। ਭਾਵੇਂ ਕੱਕੜਵਾਲ ਚੌਂਕ 'ਚ ਟ੍ਰੈਫ਼ਿਕ ਪੁਲਿਸ ਦੇ ਮੁਲਾਜਮ ਵੀ ਖੜ੍ਹਦੇ ਹਨ , ਪਰ ਟ੍ਰੈਫ਼ਿਕ ਲਾਈਟਾਂ ਬੰਦ ਹੋਣ ਕਾਰਨ ਆਵਾਜਾਈ ਦੀ ਸਥਿਤੀ ਅਕਸਰ ਗੰਭੀਰ ਬਣੀ ਰਹਿੰਦੀ ਹੈ ਅਤੇ ਇਸ ਚੌਂਕ 'ਚ ਹੁਣ ਤੱਕ ਕਈ ਹਾਦਸੇ ਵਾਪਰ ਚੁੱਕੇ ਹਨ। ਲੋਕਾਂ ਦੀ ਪੰਜਾਬ ਸਰਕਾਰ ਅਤੇ ਉੱਚ ਅਧਿਕਾਰੀਆਂ ਪਾਸੋਂ ਮੰਗ ਹੈ ਕਿ ਕੱਕੜਵਾਲ ਚੌਂਕ 'ਚ ਆਵਾਜਾਈ ਦੀ ਸਮੱਸਿਆ ਦੇ ਸਥਾਈ ਹਲ ਲਈ ਟ੍ਰੈਫ਼ਿਕ ਲਾਈਟਾਂ ਤੁਰੰਤ ਚਾਲੂ ਕਰਵਾਈਆਂ ਜਾਣ ਤਾਂ ਕਿ ਚੌਂਕ 'ਚ ਵਾਹਨਾਂ ਦੇ ਬੇਤਰਤੀਬਾ ਆਉਣ ਜਾਣ ਨੂੰ ਠੱਲ੍ਹ ਪਾ ਕੇ ਹਾਦਸੇ ਵਾਪਰਨ ਦੇ ਖਦਸ਼ਿਆਂ ਨੂੰ ਟਾਲਿਆ ਜਾ ਸਕੇ।

# ਪੰਜਾਬ ਸਰਕਾਰ ਨੇ ਚਾਰ ਸਾਲਾਂ 'ਚ ਕ੍ਰਾਂਤੀਕਾਰੀ ਤਬਦੀਲੀ ਲਿਆਂਦੀ : ਸਿੱਧੂ

**ਲੁਧਿਆਣਾ/ਅਸ਼ਵਨੀ ਅਹੂਜਾ**

ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਹਰ ਖੇਤਰ ਵਿੱਚ ਇਤਿਹਾਸਕ ਫੈਸਲੇ ਲੈ ਕੇ ਕ੍ਰਾਂਤੀਕਾਰੀ ਬਦਲਾਅ ਲਿਆਂਦੇ ਹਨ। 'ਆਪ' ਸਰਕਾਰ ਦੇ 4 ਸਾਲ ਪੂਰੇ ਹੋਣ 'ਤੇ ਚਲਾਈ ਜਾ ਰਹੀ ਮੁਹਿੰਮ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਤਹਿਤ ਸਥਾਨਕ ਵਾਰਡ ਨੰਬਰ 49 ਅਧੀਨ ਫੇਸ-1, ਦੁੱਗਰੀ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਵਿਧਾਇਕ ਸਿੱਧੂ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਕੇ ਦਿਖਾਇਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਸਿਹਤ, ਸਿੱਖਿਆ, ਰੋਜ਼ਗਾਰ, ਉਦਯੋਗਿਕ ਵਿਕਾਸ ਅਤੇ ਬੁਨਿਆਦੀ ਢਾਂਚੇ ਸਮੇਤ ਹਰ ਪ੍ਰਮੁੱਖ ਖੇਤਰਾਂ ਦੀ ਨੁਹਾਰ ਬਦਲ ਕੇ ਰੱਖ ਦਿੱਤੀ ਹੈ। ਇਸ ਮੌਕੇ ਬਲਾਕ ਪ੍ਰਧਾਨ ਮੁਕੇਸ਼ ਕੁਮਾਰ,ਬਲਜਿੰਦਰ ਸਿੰਘ, ਸਤਵੀਰ ਸਿੰਘ ਬਿੰਦਰਾ, ਬੌਬੀ, ਗੁਰਦਰਸ਼ਨ ਸਿੰਘ ਧਮੀਜਾ, ਜਤਿੰਦਰ ਸੇਵਕ, ਗੁਰਪ੍ਰੀਤ ਬਰਾੜ, ਪ੍ਰਦਾਨ ਬੈਨੀਪਾਲ, ਭੁਪਿੰਦਰ ਸੋਹਲ, ਦਵਿੰਦਰ ਸਿੰਘ, ਹਰਵਿੰਦਰ ਸਿੰਘ ਲੋਟੇ, ਵਰਿੰਦਰ ਸਿੰਘ ਬਾਜਵਾ,





ਅਕਸ਼ੈ ਢੰਡਾ, ਜਤਿੰਦਰ ਧੁਨਾ, ਵਿਧਾਇਕ ਸਿੱਧੂ ਦੇ ਮੀਡੀਆ ਇੰਚਾਰਜ ਸੁਖਵਿੰਦਰ ਸਿੰਘ ਗਿੱਲ ਵੀ ਹਾਜ਼ਰ ਸਨ। ਬਾਅਦ ਵਿੱਚ, ਵਿਧਾਇਕ ਸਿੱਧੂ ਵਾਰਡ ਨੰਬਰ 40 ਅਧੀਨ ਸੰਧੂ ਡਾਕਟਰ ਲੇਨ, ਗਲੀ ਨੰਬਰ 3, ਨੇੜੇ ਮੁਹੱਲਾ ਕਲੀਨਿਕ, ਸ਼ਿਮਲਾਪੁਰੀ ਵਿਖੇ ਇਲਾਕਾ ਨਿਵਾਸੀਆਂ ਦੇ ਰੂ-ਬ-ਰੂ ਹੋਏ ਤੇ ਪੰਜਾਬ ਸਰਕਾਰ ਦੇ ਪਿਛਲੇ ਚਾਰ ਸਾਲ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਇਆ। ਵਿਧਾਇਕ ਸਿੱਧੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਵਿੱਢੀ ਸੂਬਾ ਪੱਧਰੀ ਜਨਤਕ ਮੁਹਿੰਮ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਤਹਿਤ 16,000 ਰੈਲੀਆਂ, ਜਨ ਸਭਾਵਾਂ ਅਤੇ ਨੁੱਕੜ ਮੀਟਿੰਗਾਂ ਰਾਹੀਂ ਸਰਕਾਰ ਦਾ ਰਿਪੋਰਟ ਕਾਰਡ ਸਿੱਧਾ ਲੋਕਾਂ ਤੱਕ ਪਹੁੰਚਾਇਆ ਜਾਵੇਗਾ। ਉਨ੍ਹਾਂ ਅੱਗੇ ਕਿਹਾ ਕਿ ਇਸ ਮੁਹਿੰਮ ਤਹਿਤ ਕੈਬਨਿਟ ਮੰਤਰੀ ਸਹਿਬਾਨ, ਵਿਧਾਇਕ ਸਹਿਬਾਨ, ਚੇਅਰਮੈਨ, ਸਰਪੰਚ, ਪੰਚ, ਐੱਮ ਸੀ, ਜ਼ਿਲ੍ਹਾ ਪ੍ਰਧਾਨ ਅਤੇ ਪਾਰਟੀ ਵਾਲੰਟੀਅਰ ਸ਼ਾਮਲ ਹੋਣਗੇ, ਜੋ ਸਰਕਾਰ ਦਾ ਰਿਪੋਰਟ ਕਾਰਡ ਲੈ ਕੇ ਹਰ ਪਿੰਡ, ਗਲੀ ਅਤੇ ਘਰ-ਘਰ ਪਹੁੰਚਣਗੇ।

ਇਸ ਦੌਰਾਨ ਬਲਾਕ ਪ੍ਰਧਾਨ ਵਿਪਨ ਸੇਠੀ, ਅਜਿੰਦਰ ਪਾਲ ਕੌਰ, ਰਜਿੰਦਰ ਸਿੰਘ ਸਹਰਾਲੀ, ਜੀਤ ਗੋਗਲ ਜਸਲ, ਲਾਲੀ ਸ਼ਰਮਾ, ਸਨੀ ਕੌਸਲਾ, ਜਸਵੀਰ ਜੱਸੀ, ਵਿਜੇ ਪਾਲ ਸਿੰਘ, ਹੈਪੀ, ਨੀਰੂ, ਮਨਜੀਤ ਕੌਰ, ਪਰਮਜੀਤ ਕੌਰ, ਨਰਿੰਦਰ ਕੌਰ ਵੀ ਸ਼ਾਮਲ ਸਨ।

# ਵਿਧਾਇਕ ਗਰੇਵਾਲ ਵੱਲੋਂ ਵਾਰਡ ਨੰਬਰ 5 'ਚ ਕਾਕੋਵਾਲ ਰੋਡ ਦੇ ਸੜਕ ਨਿਰਮਾਣ ਕਾਰਜਾਂ ਦਾ ਉਦਘਾਟਨ



**ਲੁਧਿਆਣਾ/ਗੀਤਾ ਸਕਸੈਨਾ**

ਵਿਧਾਨ ਸਭਾ ਹਲਕਾ ਪੂਰਬੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਵੱਲੋਂ ਅੱਜ ਵਾਰਡ ਨੰਬਰ 5 ਦੇ ਕਾਕੋਵਲ ਰੋਡ ਵਿਖੇ ਕਰੀਬ 80 ਲੱਖ ਦੀ ਲਾਗਤ ਨਾਲ ਕਾਕੋਵਾਲ ਰੋਡ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਦੱਸਿਆ ਕਿ ਇਲਾਕਾ ਵਾਸੀਆਂ ਦੀ ਪਿਛਲੇ ਸਮੇਂ ਤੋਂ ਜਰੂਰੀ ਮੰਗ ਨੂੰ ਦੇਖਦੇ ਹੋਏ ਅੱਜ ਵਾਰਡ ਨੰਬਰ ਪੰਜ ਦੀ ਕਾਕੋਵਾਲ ਰੋਡ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ, ਇਹਨਾਂ ਕੰਮਾਂ ਤੇ ਕਰੀਬ 80 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਹਨਾਂ ਵਿਕਾਸ ਕੰਮਾਂ ਨੂੰ ਆਉਣ ਵਾਲੇ ਦਿਨਾਂ ਚ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ।ਉਹਨਾਂ ਕਿਹਾ ਕਿ ਇਸ ਸੜਕ ਦੇ ਦੁਬਾਰਾ ਬਣਨ ਨਾਲ ਜਿੱਥੇ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਉਥੇ ਹੀ ਨਾਲ ਲੱਗਦੇ ਪਿੰਡਾਂ ਦੇ ਰਾਹਗੀਰਾਂ ਨੂੰ ਵੀ ਆਉਣ ਜਾਣ ਚ ਕਿਸੇ ਤਰਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਵਿੱਚ ਕਰਵਾਏ ਵਿਕਾਸ ਕਾਰਜਾਂ ਦੀ ਜੇ ਗੱਲ ਕੀਤੀ ਜਾਵੇ ਤਾਂ ਚੋਣਾਂ ਸਮੇਂ ਸੂਬਾ ਵਾਸੀਆਂ ਨੂੰ ਜੋ ਵੀ ਗਰੰਟੀਆਂ ਦਿੱਤੀਆਂ ਸਨ, ਉਹ ਸਾਰੀਆਂ ਪੂਰੀਆਂ ਕੀਤੀਆਂ ਜਾ ਚੁੱਕੀਆਂ ਹਨ। ਵਿਧਾਇਕ ਗਰੇਵਾਲ ਅਤੇ ਮੇਅਰ ਪ੍ਰਿੰਸੀਪਲ ਮੈਡਮ ਇੰਦਰਜੀਤ ਕੌਰ ਨੇ ਕਿਹਾ ਕਿ ਤੁਸੀਂ ਆਪਣਾ ਭਰੋਸਾ ਤੇ ਆਸ਼ੀਰਵਾਦ ਬਣਾ ਕੇ ਰੱਖੋ ਆਉਣ ਵਾਲੇ ਦਿਨਾਂ ਚ ਸਾਡਾ ਸੂਬਾ ਦੇਸ਼ ਦੇ ਸੂਬਿਆਂ ਚੋਂ ਵਿਕਾਸ ਪੱਖੋਂ ਮੂਹਰਲੀ ਕਤਾਰ ਚ ਇਕ ਨੰਬਰ ਤੇ ਗਿਣਿਆ ਜਾਵੇਗਾ। ਇਸ ਮੌਕੇ ਕੌਂਸਲਰ ਲੱਖਵਿੰਦਰ ਚੌਪਰੀ ਬਾਬੂ ਰਾਮ ਸ਼ਰਮਾ (ਇੰਚਾਰਜ, ਵਾਰਡ ਨੰ. 4) ,ਦਰਸ਼ਨ ਸਿੰਘ ਮਹਿਤੋ ,ਮਹਾਵੀਰ ਮਨਜੀਤ ਸਿੰਘ ਵਿਪਨ ਸ਼ਰਮਾ, ਮਾਨਸ ਮਿਸ਼ਰਾ, ਗਗਨਦੀਪ ਮਹਿਤਾ ਅੰਸ਼ ਵੈਦ, ਬੰਟੀ ਸੈਂਗਰ, ਹਰਸ਼ ਰਾਏ, ਸਰਬਜੀਤ ਟਿੰਕੂ, ਅਮਰਜੀਤ ਗਨੇਸ਼ ਆਦਿ, ਚਿੰਕੀ ਪਾਰਟੀ ਵਰਕਰਾਂ ਅਤੇ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਚ ਇਲਾਕਾ ਵਾਸੀ ਹਾਜ਼ਰ ਸਨ।

# ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ ਨੰਬਰ 30 'ਚ 1.38 ਕਰੋੜ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦੀ ਸ਼ੁਰੂਆਤ

**ਲੁਧਿਆਣਾ/ਅਸ਼ਵਨੀ ਅਹੂਜਾ**

ਵਿਧਾਨ ਸਭਾ ਹਲਕਾ ਲੁਧਿਆਣਾ ਕੇਂਦਰੀ ਤੋਂ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ ਨੰਬਰ 30 ਵਿੱਚ ਕੁੱਲ 1 ਕਰੋੜ 38 ਲੱਖ ਰੁਪਏ ਦੀ ਲਾਗਤ ਨਾਲ ਵੱਡੇ ਪੱਧਰ 'ਤੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਵਿਧਾਇਕ ਪਰਾਸ਼ਰ ਨੇ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਨਰਿੰਦਰ ਨਗਰ ਵਿਖੇ 56.41 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੀ ਉਸਾਰੀ ਦੇ ਕੰਮਾਂ ਦੀ ਸ਼ੁਰੂਆਤ ਕੀਤੀ ਗਈ, ਜਿਸ ਨਾਲ ਇਲਾਕੇ ਦੀਆਂ ਟੁੱਟੀਆਂ ਅਤੇ ਖਰਾਬ ਗਲੀਆਂ ਨੂੰ ਮਜ਼ਬੂਤ ਅਤੇ ਸੁਚੱਜੀਆਂ ਬਣਾਇਆ ਜਾਵੇਗਾ। ਇਸਦੇ ਨਾਲ ਹੀ ਟਰਾਂਸਪੋਰਟ ਨਗਰ ਵਿੱਚ 71 ਲੱਖ ਰੁਪਏ ਦੀ ਲਾਗਤ ਨਾਲ ਆਰ ਐਮ ਸੀ ਸੜਕਾਂ ਦੀ ਉਸਾਰੀ ਸ਼ੁਰੂ ਕਰਵਾਈ ਗਈ ਹੈ, ਜੋ ਲੰਮੇ ਸਮੇਂ ਤੱਕ ਟਿਕਾਊ ਹੋਣ ਦੇ ਨਾਲ ਟ੍ਰੈਫਿਕ ਦੀ ਆਵਾਜਾਈ ਨੂੰ ਵੀ ਸੁਚਾਰੂ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ ਜਦਕਿ 10.20 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਸੀਵਰੇਜ ਪਾਈਪ ਲਾਈਨ ਪਾਉਣ ਦੇ ਕੰਮਾਂ ਦੀ ਵੀ ਅਰੰਭਤਾ ਕੀਤੀ ਗਈ ਹੈ, ਜਿਸ ਨਾਲ ਪਾਣੀ ਨਿਕਾਸੀ ਅਤੇ ਗੰਦਗੀ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਹੋਵੇਗਾ। ਇਸ ਮੌਕੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।



ਵਿਧਾਇਕ ਨੇ ਮੌਕੇ 'ਤੇ ਹੀ ਸਬੰਧਤ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਬੁਨਿਆਦੀ ਸੁਵਿਧਾ ਮੁਹੱਈਆ ਕਰਵਾਉਣਾ ਹੈ ਅਤੇ ਹਰ ਵਾਰਡ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਸਾਰੇ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਿਤ ਸਮੇਂ ਵਿੱਚ ਪੂਰੇ ਕਰਵਾਏ ਜਾਣਗੇ ਤਾਂ ਜੋ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਵਾਰਡ ਵਾਸੀਆਂ ਨੇ ਇਨ੍ਹਾਂ ਵਿਕਾਸ ਕਾਰਜਾਂ ਲਈ ਖੁਸ਼ੀ ਜਤਾਉਂਦਿਆਂ ਕਿਹਾ ਕਿ ਇਸ ਨਾਲ ਇਲਾਕੇ ਦੀਆਂ ਬੁਨਿਆਦੀ ਸਹੂਲਤਾਂ ਵਿੱਚ ਵੱਡਾ ਸੁਧਾਰ ਆਵੇਗਾ। ਉਨ੍ਹਾਂ ਵਿਧਾਇਕ ਅਤੇ ਸਥਾਨਕ ਪ੍ਰਸ਼ਾਸਨ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਵਾਰਡ ਕੌਂਸਲਰ ਨਿੱਕੂ ਭਾਰਤੀ, ਸਥਾਨਕ ਵਸਨੀਕ, ਵਲੰਟੀਅਰ ਸਾਥੀ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਮੌਜੂਦ ਰਹੇ।

# ਵਿਧਾਇਕ ਛੀਨਾ ਨੇ ਢੰਡਾਰੀ ਕਲਾਂ 'ਚ ਕੀਤੀ ਲੋਕ ਮਿਲਣੀ



**ਲੁਧਿਆਣਾ/ਗੀਤਾ ਸਕਸੈਨਾ**

ਪੰਜਾਬ ਸਰਕਾਰ ਦੇ 4 ਸਾਲ ਪੂਰੇ ਹੋਣ ਮੌਕੇ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਵਿਧਾਇਕ ਰਾਜਿੰਦਰਪਾਲ ਕੌਰ ਛੀਨਾ ਵੱਲੋਂ ਵਾਰਡ ਨੰਬਰ 32 ਅਧੀਨ ਪਿੰਡ ਢੰਡਾਰੀ ਕਲਾਂ ਵਿਖੇ ਲੋਕ ਮਿਲਣੀ ਕੀਤੀ ਗਈ ਜਿਸ ਵਿੱਚ ਇਲਾਕੇ ਦੇ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿਸਾ ਲਿਆ। ਵਿਧਾਇਕ ਛੀਨਾ ਨੇ ਇਸ ਦੌਰਾਨ ਇਲਾਕੇ ਵਿੱਚ ਹੋਏ ਵਿਕਾਸ ਕਾਰਜਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਲੋਕਾਂ ਦੇ ਕੀਮਤੀ ਸੁਝਾਅ ਅਤੇ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਪ੍ਰੋਗਰਾਮ ਦਾ ਮੁੱਖ ਮਕਸਦ ਸਰਕਾਰ ਅਤੇ ਲੋਕਾਂ ਦਰਮਿਆਨ ਸਿੱਧਾ ਸੰਵਾਦ ਬਣਾਉਣਾ ਅਤੇ ਭਵਿੱਖ ਦੇ ਵਿਕਾਸ ਲਈ ਯੋਜਨਾਵਾਂ 'ਤੇ ਵਿਚਾਰ ਕਰਨਾ ਸੀ। ਉਨ੍ਹਾਂ ਕਿਹਾ ਕਿ "ਇਮਾਨਦਾਰ ਨੀਤੀ, ਸਾਫ ਨੀਅਤ ਅਤੇ ਲੋਕਾਂ ਦੇ ਭਰੋਸੇ ਨਾਲ ਪੰਜਾਬ ਵਿੱਚ ਬਦਲਾਅ ਦੀ ਲਹਿਰ ਜਾਰੀ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਲਈ, ਲੋਕਾਂ ਦੇ ਨਾਲ ਖੜੀ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਸੇਵਾ ਕਰਦੀ ਰਹੇਗੀ।ਉਨ੍ਹਾਂ ਹੋਰ ਕਿਹਾ ਕਿ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਮੁੜ 'ਰੰਗਲਾ ਪੰਜਾਬ' ਦੀ ਸਿਰਜਣਾ ਕੀਤੀ ਜਾਵੇਗੀ।

# ਐੱਨ.ਐੱਸ.ਐੱਸ. ਕਾਨਫਰੰਸ ਦੀ ਸ਼ੁਰੂਆਤ, ਯੁਵਾ ਲੀਡਰਸ਼ਿਪ ਅਤੇ ਭਾਈਚਾਰਕ ਸ਼ਮੂਲੀਅਤ 'ਤੇ ਜ਼ੋਰ

## 250 ਭਾਗੀਦਾਰਾਂ ਵਿੱਚ ਰਾਜ ਐਨਐਸਐਸ ਅਧਿਕਾਰੀ, ਪ੍ਰੋਗਰਾਮ ਕੋਆਰਡੀਨੇਟਰ, ਪ੍ਰੋਗਰਾਮ ਅਧਿਕਾਰੀ, ਰਾਸ਼ਟਰੀ ਪੁਰਸਕਾਰ ਜੇਤੂ ਅਤੇ ਵਲੰਟੀਅਰ ਸ਼ਾਮਲ ਹਨ

**ਮੋਹਾਲੀ/ਬਿਊਰੋ**

ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਲਈ ਰਾਜ ਐਨਐਸਐਸ ਕਾਨਫਰੰਸ ਦਾ ਉਦਘਾਟਨ ਮੋਹਾਲੀ ਪੰਜਾਬ ਵਿੱਚ ਬਹੁਤ ਉਤਸ਼ਾਹ ਨਾਲ ਕੀਤਾ ਗਿਆ। ਇਸ ਸਮਾਗਮ ਵਿੱਚ ਲਗਭਗ 250 ਭਾਗੀਦਾਰਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਰਾਜ ਐਨਐਸਐਸ ਅਧਿਕਾਰੀ (ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ), ਐਨਐਸਐਸ ਪ੍ਰੋਗਰਾਮ ਕੋਆਰਡੀਨੇਟਰ, ਪ੍ਰੋਗਰਾਮ ਅਧਿਕਾਰੀ, ਐਨਐਸਐਸ ਰਾਸ਼ਟਰੀ ਪੁਰਸਕਾਰ ਜੇਤੂ ਅਤੇ ਵੱਖ-ਵੱਖ ਸੰਸਥਾਵਾਂ ਦੇ ਚੁਣੇ ਹੋਏ ਵਲੰਟੀਅਰ ਸ਼ਾਮਲ ਸਨ। ਇਹ ਦੋ-ਰੋਜ਼ਾ ਕਾਨਫਰੰਸ ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਦੇ ਅਧੀਨ ਐਨਐਸਐਸ ਖੇਤਰੀ ਡਾਇਰੈਕਟੋਰੇਟ, ਚੰਡੀਗੜ੍ਹ ਦੁਆਰਾ ਆਯੋਜਿਤ ਕੀਤੀ ਜਾ ਰਹੀ ਹੈ। ਇਸਦਾ ਉਦੇਸ਼ ਰਾਸ਼ਟਰੀ ਸੇਵਾ ਯੋਜਨਾ (ਐਨਐਸਐਸ) ਗਤੀਵਿਧੀਆਂ ਦੇ ਪ੍ਰਭਾਵਸ਼ਾਲੀ ਲਾਗੂਕਰਨ ਨੂੰ ਮਜ਼ਬੂਤ ਕਰਨਾ ਅਤੇ ਰਾਸ਼ਟਰ ਨਿਰਮਾਣ ਦੇ ਟੀਚਿਆਂ ਦੇ



ਅਨੁਸਾਰ ਨੌਜਵਾਨਾਂ ਦੀ ਅਗਵਾਈ ਵਾਲੇ ਭਾਈਚਾਰਕ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਸ਼੍ਰੀਮਤੀ ਪ੍ਰੇਰਨਾ ਪੁਰੀ, ਆਈਏਐਸ, ਸਕੱਤਰ, ਸਿੱਖਿਆ, ਚੰਡੀਗੜ੍ਹ ਪ੍ਰਸ਼ਾਸਨ, ਉਦਘਾਟਨੀ ਸੈਸ਼ਨ ਵਿੱਚ ਮੁੱਖ ਮਹਿਮਾਨ ਵਜੋਂ ਮੌਜੂਦ ਸਨ। ਇਸ ਮੌਕੇ ਤੇ ਵਿਸ਼ੇਸ਼ ਮਹਿਮਾਨਾਂ ਵਿੱਚ ਸ਼੍ਰੀ ਕੋਮਲ ਸਿੰਘ ਚੌਧਰੀ, ਪ੍ਰਤੀਨਿਧੀ ਨਿਰਦੇਸ਼ਕ, ਐਨਐਸਐਸ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ; ਸ਼੍ਰੀ ਕੁਲਵਿੰਦਰ ਸਿੰਘ, ਡਿਪਟੀ ਡਾਇਰੈਕਟਰ, ਯੁਵਕ ਸੇਵਾਵਾਂ, ਪੰਜਾਬ ਸਰਕਾਰ; ਸ਼੍ਰੀਮਤੀ ਰੁਪਿੰਦਰ ਕੌਰ, ਸਟੇਟ ਐਨਐਸਐਸ ਅਫਸਰ, ਪੰਜਾਬ ਸਰਕਾਰ; ਡਾ. ਨੇਮੀ ਚੰਦ ਗੋਲੀਆ, ਸਟੇਟ ਐਨਐਸਐਸ ਅਫਸਰ, ਚੰਡੀਗੜ੍ਹ ਪ੍ਰਸ਼ਾਸਨ; ਪ੍ਰੋਫੈਸਰ (ਡਾ.) ਰਵੀਰਾਜਾ ਐਨ. ਸੀਤਾਰਾਮ, ਵਾਈਸ-ਚਾਂਸਲਰ, ਚੰਡੀਗੜ੍ਹ ਯੂਨੀਵਰਸਿਟੀ; ਪ੍ਰੋਫੈਸਰ (ਡਾ.) ਦਵਿੰਦਰ ਸਿੰਘ, ਪ੍ਰੋ-ਵਾਈਸ-ਚਾਂਸਲਰ, ਚੰਡੀਗੜ੍ਹ ਯੂਨੀਵਰਸਿਟੀ; ਅਤੇ ਬ੍ਰਿਗੇਡੀਅਰ (ਡਾ.) ਗਗਨਦੀਪ ਸਿੰਘ ਬਾਠ, ਕਾਰਜਕਾਰੀ ਨਿਰਦੇਸ਼ਕ, ਵਿਦਿਆਰਥੀ ਭਲਾਈ ਅਤੇ ਪ੍ਰਸ਼ਾਸਨ ਵਿਭਾਗ, ਚੰਡੀਗੜ੍ਹ ਯੂਨੀਵਰਸਿਟੀ ਸ਼ਾਮਲ ਸਨ।

ਆਪਣੇ ਉਦਘਾਟਨੀ ਭਾਸ਼ਣ ਵਿੱਚ, ਮੁੱਖ ਮਹਿਮਾਨ ਨੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਨੌਜਵਾਨਾਂ ਦੇ ਨਿਰਮਾਣ ਵਿੱਚ ਐਨਐਸਐਸ ਦੀ ਪਰਿਵਰਤਨਸ਼ੀਲ ਭੂਮਿਕਾ 'ਤੇ ਚਾਨਣਾ ਪਾਇਆ ਅਤੇ ਸੇਵਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਵਿੱਚ ਇਸਦੀ ਮਹੱਤਤਾ ਨੂੰ ਰੇਖਾਂਕਿਤ ਕੀਤਾ। ਉਨ੍ਹਾਂ ਕਿਹਾ ਕਿ ਐਨਐਸਐਸ ਨੌਜਵਾਨਾਂ ਨੂੰ ਭਾਈਚਾਰਕ ਸ਼ਮੂਲੀਅਤ, ਜਾਗਰੂਕਤਾ ਮੁਹਿੰਮਾਂ ਅਤੇ ਜ਼ਮੀਨੀ ਪੱਧਰ ਦੀਆਂ ਪਹਿਲਕਦਮੀਆਂ ਰਾਹੀਂ ਰਾਸ਼ਟਰ ਨਿਰਮਾਣ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਇੱਕ ਸ਼ਕਤੀਸ਼ਾਲੀ ਪਲੇਟਫਾਰਮ ਪ੍ਰਦਾਨ ਕਰਦਾ ਹੈ। ਉਨ੍ਹਾਂ ਨੇ ਐਨਐਸਐਸ ਪ੍ਰੋਗਰਾਮ ਅਫਸਰਾਂ ਨੂੰ ਆਧੁਨਿਕ ਸਾਧਨਾਂ, ਲੀਡਰਸ਼ਿਪ ਹੁਨਰਾਂ ਅਤੇ ਨਵੀਨਤਾਕਾਰੀ ਪਹੁੰਚਾਂ ਨਾਲ ਸਸ਼ਕਤ ਬਣਾਉਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ ਤਾਂ ਜੋ ਵਾਤਾਵਰਣ ਸਥਿਰਤਾ, ਜਨਤਕ ਸਿਹਤ ਜਾਗਰੂਕਤਾ ਅਤੇ ਸਮਾਜਿਕ ਸ਼ਮੂਲੀਅਤ ਵਰਗੇ ਸਮਕਾਲੀ ਮੁੱਦਿਆਂ ਨੂੰ ਹੱਲ ਕਰਨ ਵਿੱਚ ਵਲੰਟੀਅਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਮਾਰਗਦਰਸ਼ਨ ਕੀਤਾ ਜਾ ਸਕੇ। ਸ਼੍ਰੀ ਜੈ ਭਗਵਾਨ, ਖੇਤਰੀ ਨਿਰਦੇਸ਼ਕ, ਐਨਐਸਐਸ ਖੇਤਰੀ ਡਾਇਰੈਕਟੋਰੇਟ, ਚੰਡੀਗੜ੍ਹ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ ਨੇ ਐਨਐਸਐਸ ਅਧੀਨ ਮੁੱਖ ਤਰਜੀਹਾਂ ਅਤੇ ਚੱਲ ਰਹੀਆਂ ਪਹਿਲਕਦਮੀਆਂ ਦੀ ਰੂਪਰੇਖਾ ਦਿੱਤੀ ਅਤੇ ਪ੍ਰੋਗਰਾਮ ਅਧਿਕਾਰੀਆਂ ਨੂੰ ਨਵੀਨਤਾਕਾਰੀ, ਪ੍ਰਭਾਵਸ਼ਾਲੀ ਅਤੇ ਭਾਈਚਾਰਕ-ਮੁਖੀ ਪਹੁੰਚ ਅਪਣਾਉਣ ਲਈ ਉਤਸ਼ਾਹਿਤ ਕੀਤਾ। ਕਾਨਫਰੰਸ ਦੇ ਪਹਿਲੇ ਦਿਨ ਐਨਐਸਐਸ ਪ੍ਰੋਗਰਾਮਾਂ ਨੂੰ ਲਾਗੂ ਕਰਨ ਨੂੰ ਮਜ਼ਬੂਤ ਕਰਨ, ਭਾਈਚਾਰਕ ਭਾਗੀਦਾਰੀ ਵਧਾਉਣ ਅਤੇ ਵੱਖ-ਵੱਖ ਸੰਸਥਾਵਾਂ ਵਿੱਚ ਸਭ ਤੋਂ ਵਧੀਆ ਅਭਿਆਸਾਂ ਨੂੰ ਸਾਂਝਾ ਕਰਨ 'ਤੇ ਕੇਂਦ੍ਰਿਤ ਇੰਟਰਐਕਟਿਵ ਸੈਸ਼ਨ ਸਨ। ਸੀਨੀਅਰ ਅਧਿਕਾਰੀਆਂ ਨੇ ਭਾਗੀਦਾਰਾਂ ਦਾ ਸਵਾਗਤ ਕੀਤਾ ਅਤੇ ਸਮਾਜਿਕ ਤੌਰ 'ਤੇ ਲਾਭਦਾਇਕ ਯੋਗਦਾਨ ਲਈ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਕਾਨਫਰੰਸ ਦਾ ਦੂਜਾ ਦਿਨ ਕੱਲ੍ਹ ਹੋਵੇਗਾ, ਜਿਸ ਵਿੱਚ ਰਾਸ਼ਟਰ ਨਿਰਮਾਣ ਅਤੇ ਯੁਵਾ ਸਸ਼ਕਤੀਕਰਨ ਵਿੱਚ ਐਨਐਸਐਸ ਦੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ 'ਤੇ ਕੇਂਦ੍ਰਿਤ ਸੈਸ਼ਨ ਹੋਣਗੇ।

# ਆਧਾਰ ਪਰਿਵਰਤਨਕਾਰੀ ਸ਼ਾਸਨ, ਪਾਰਦਰਸ਼ਿਤਾ ਅਤੇ ਡਾਇਰੈਕਟ ਬੈਨਿਫਿਟ ਟ੍ਰਾਂਸਫਰ ਨੂੰ ਹੁਲਾਰਾ ਦਿੰਦਾ ਹੈ : ਗੁਲਾਬ ਚੰਦ ਕਟਾਰੀਆ

## ਭਲਾਈ ਨਾਲ ਜੀਐੱਸਟੀ ਲਾਭ ਤੱਕ: ਆਧਾਰ ਭਾਰਤ ਦੀ ਡਿਜੀਟਲ ਸ਼ਾਸਨ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਦੇ ਰੂਪ ਵਿੱਚ ਉਭਰਦਾ ਹੈ

**ਚੰਡੀਗੜ੍ਹ/ਬਿਊਰੋ**

ਚੰਡੀਗੜ੍ਹ ਵਿੱਚ 24 ਮਾਰਚ 2026 ਨੂੰ ਆਯੋਜਿਤ ਆਧਾਰ ਈਕੋਸਿਸਟਮ 'ਤੇ ਉੱਚ ਪੱਧਰੀ ਵਰਕਸ਼ਾਪ ਵਿੱਚ, ਮਾਣਯੋਗ ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਆਧਾਰ ਨੂੰ ਆਧੁਨਿਕ ਸ਼ਾਸਨ ਦੇ ਪਰਿਵਰਤਨਕਾਰੀ ਥੰਮ੍ਹ ਵਜੋਂ ਦੱਸਿਆ ਹੈ, ਜਿਸ ਨੇ ਜਨਤਕ ਸੇਵਾਵਾਂ ਦੀ ਵੰਡ ਵਿੱਚ ਪਾਰਦਰਸ਼ਿਤਾ, ਜਵਾਬਦੇਹੀ ਅਤੇ ਮਾਣ ਨੂੰ ਕਾਫੀ ਵਧਾਇਆ ਹੈ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਆਧਾਰ ਨੂੰ ਡਾਇਰੈਕਟ ਬੈਂਕ ਟ੍ਰਾਂਸਫਰ ਨਾਲ ਜੋੜਨ ਨਾਲ ਇਹ ਯਕੀਨੀ ਹੋਇਆ ਹੈ ਕਿ ਸਰਕਾਰੀ ਲਾਭ ਹੁਣ ਬਿਨਾ ਕਿਸੇ ਵਿਚੋਲੇ ਦੇ ਸਿੱਧਾ ਉਨ੍ਹਾਂ ਲਾਭਪਾਤਰੀਆਂ ਤੱਕ ਪਹੁੰਚਦੇ ਹਨ ਜਿਨ੍ਹਾਂ ਲਈ ਉਹ ਬਣੇ ਹਨ। ਇਸ ਨਾਲ ਉਨ੍ਹਾਂ ਵਿਆਪਕ ਲੀਕੇਜ਼ ਦੀ ਸਮੱਸਿਆ ਖਤਮ ਹੋ ਗਈ ਹੈ, ਜਿਸ ਨੇ ਕਦੇ ਆਪਦਾ ਰਾਹਤ, ਸਕਾਲਰਸ਼ਿਪ ਅਤੇ ਸਿਹਤ ਸੰਭਾਲ ਪ੍ਰੋਗਰਾਮਾਂ ਵਰਗੀਆਂ ਭਲਾਈ ਯੋਜਨਾਵਾਂ ਨੂੰ




ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਸੀ। ਉਨ੍ਹਾਂ ਨੇ ਦੱਸਿਆ ਕਿ ਵਨ ਨੇਸ਼ਨ ਵਨ ਰਾਸ਼ਨ ਕਾਰਡ ਜਿਹੀਆਂ ਪਹਿਲਕਦਮੀਆਂ ਆਧਾਰ ਦੇ ਕਾਰਨ ਸੰਭਵ ਹੋਈਆਂ ਹਨ, ਜੋ ਲਾਭਪਾਤਰੀਆਂ ਨੂੰ ਪੂਰੇ ਦੇਸ਼ ਵਿੱਚ ਸਰਲਤਾ ਨਾਲ ਯੋਗ ਵਿਅਕਤੀਆਂ ਤੱਕ ਪਹੁੰਚਣ ਦੀ ਪ੍ਰਵਾਨਗੀ ਦਿੰਦੀਆਂ ਹਨ, ਜਦਕਿ ਇਸ ਦੇ ਵਿਆਪਕ ਆਰਥਿਕ ਪ੍ਰਭਾਵ ਨੂੰ ਵੀ ਨੋਟ ਕੀਤਾ, ਜਿਸ ਵਿੱਚ ਸੁਧਾਰ ਕਰਕੇ ਕੰਪਲਾਇੰਸ ਅਤੇ ਜੀਐੱਸਟੀ ਰੈਵੇਨਿਊ ਵਿੱਚ ਲਗਭਗ 66000 ਕਰੋੜ ਰੁਪਏ ਪ੍ਰਤੀ ਮਹੀਨੇ ਨਾਲ 2 ਲੱਖ ਕਰੋੜ ਤੋਂ ਵੱਧ ਦਾ ਉਚਿਤ ਵਾਧਾ ਸ਼ਾਮਲ ਹੈ। ਰਾਜਪਾਲ ਨੇ ਜੀਵੰਤ ਚੁਣੌਤੀਆਂ ਨੂੰ ਵੀ ਸਵੀਕਾਰ ਕੀਤਾ, ਜਿਸ ਵਿੱਚ ਬਜ਼ੁਰਗ ਨਾਗਰਿਕਾਂ ਵਿੱਚ ਬਾਇਓਮੀਟ੍ਰਿਕ ਪ੍ਰਮਾਣਿਕਤਾ ਦੀਆਂ ਸਮੱਸਿਆਵਾਂ, ਆਧਾਰ ਨਾਮਾਂਕਣ ਵਿੱਚ ਦੇਰੀ, ਅਤੇ ਇਹ ਯਕੀਨੀ ਬਣਾਉਣ ਲਈ ਵਧੇਰੇ ਨਾਗਰਿਕ -ਅਨੁਕੂਲ ਅਤੇ ਸਮਾਵੇਸ਼ੀ ਪ੍ਰਸ਼ਾਸਨਿਕ ਦ੍ਰਿਸ਼ਟੀਕੋਣ ਦੀ ਜ਼ਰੂਰਤ ਸ਼ਾਮਲ ਹੈ ਕਿ ਕੋਈ ਵੀ ਯੋਗ ਵਿਅਕਤੀ ਪ੍ਰਣਾਲੀ ਤੋਂ ਬਾਹਰ ਨਾ ਰਹੇ। ਇਸ 'ਤੇ ਅਧਾਰਿਤ, ਪੰਜਾਬ ਦੇ ਮੁੱਖ ਸਕੱਤਰ ਸ਼?ਰੀ ਕੇ.ਏ.ਪੀ. ਸਿਨਹਾ ਨੇ ਰਾਜ ਦੇ ਤਜ਼ਰਬੇ ਨੂੰ ਪੇਸ਼ ਕੀਤਾ, ਇਹ ਕਹਿੰਦੇ ਹੋਏ ਕਿ ਆਧਾਰ ਏਕੀਕਰਣ ਨੇ ਭਲਾਈ ਅਤੇ ਖਰੀਦ ਪ੍ਰਣਾਲੀਆਂ ਨੂੰ ਬਹੁਤ ਜ਼ਿਆਦਾ ਮਜ਼ਬੂਤ ਅਤੇ ਲਗਭਗ ਲੀਕੇਜ਼-ਰਹਿਤ ਬਣਾ ਦਿੱਤਾ ਹੈ। ਇਸ ਮੌਕੇ 'ਤੇ ਮੌਜੂਦ ਮੁੱਖ ਮਹਿਮਾਨਾਂ ਨੇ ਡਿਜੀਟਲ ਸ਼ਾਸਨ ਦੇ ਨੀਂਹ ਪੱਥਰ ਵਜੋਂ ਆਧਾਰ ਦਾ ਲਾਭ ਲੈਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ, ਨਿਰੰਤਰ ਸੁਧਾਰ, ਤਕਨੀਕੀ ਨਵੀਨਤਾ ਅਤੇ ਸਮਾਵੇਸ਼ੀ ਲਾਗੂਕਰਨ 'ਤੇ ਧਿਆਨ ਕੇਂਦ੍ਰਿਤ ਕਰਦੇ ਹੋਏ, ਇਹ ਯਕੀਨੀ ਬਣਾਉਣ ਲਈ ਕਿ ਲਾਭ ਕੁਸ਼ਲਤਾ ਨਾਲ, ਪਾਰਦਰਸ਼ੀ ਤੌਰ 'ਤੇ ਅਤੇ ਸਿਰਫ਼ ਉਚਿਤ ਲਾਭਪਾਤਰੀਆਂ ਨੂੰ ਪ੍ਰਦਾਨ ਕੀਤੇ ਜਾਣ।

# ਲੁਧਿਆਣਾ ਵਿੱਚ ਵੱਡੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਦਿੱਤੀ ਗਈ ਮਨਜ਼ੂਰ

## ਮੰਤਰੀ ਸੰਜੀਵ ਅਰੋੜਾ ਨੇ ਕੀਤੀ ਉੱਚ ਪੱਧਰੀ ਵਿਭਾਗੀ ਸਮੀਖਿਆ ਮੀਟਿੰਗ • ਘਰੇਲੂ ਐਲ.ਪੀ.ਜੀ ਦੀ ਕੋਈ ਕਮੀ ਨਹੀਂ, ਜਮ੍ਹਾਂਖੋਰਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਚੇਤਾਵਨੀ

**ਲੁਧਿਆਣਾ/ਗੀਤਾ ਸਕਸੈਨਾ**

ਕੈਬਨਿਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਲੁਧਿਆਣਾ ਲਈ ਵੱਡੇ ਬੁਨਿਆਦੀ ਢਾਂਚੇ ਨੂੰ ਉਤਸ਼ਾਹਿਤ ਕਰਨ ਲਈ ਸ਼ੁੱਕਰਵਾਰ ਨੂੰ ਲੁਧਿਆਣਾ ਵਿੱਚ ਇੱਕ ਉੱਚ-ਪੱਧਰੀ ਵਿਭਾਗੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਕਈ ਮੁੱਖ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਗਈ ਅਤੇ ਚੱਲ ਰਹੇ ਕੰਮਾਂ ਨੂੰ ਸਮੇਂ ਸਿਰ ਪੂਰਾ ਕਰਨ ਲਈ ਨਿਰਦੇਸ਼ ਜਾਰੀ ਕੀਤੇ ਗਏ। ਨਵੇਂ ਬੁਨਿਆਦੀ ਢਾਂਚੇ ਨੂੰ ਮਨਜ਼ੂਰੀ ਦੇਣ ਲਈ ਸ੍ਰੀ ਸੰਜੀਵ ਅਰੋੜਾ ਨੇ ਲੋਧੀ ਰੋਡ 'ਤੇ ਇੱਕ ਨਵੇਂ ਫਾਇਰ ਬ੍ਰਿਗੇਡ ਸਟੇਸ਼ਨ ਨੂੰ ਮਨਜ਼ੂਰੀ ਦੇਣ ਦਾ ਐਲਾਨ ਕੀਤਾ ਜਿਸ ਨਾਲ ਇਸ ਖੇਤਰ ਲਈ ਫਾਇਰ ਸੇਵਾਵਾਂ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਪਾੜੇ ਨੂੰ ਦੂਰ ਕੀਤਾ ਜਾ ਸਕੇਗਾ। ਪੈਦਲ ਯਾਤਰੀਆਂ ਦੀ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਬੱਸ ਸਟੈਂਡ ਦੇ ਬਾਹਰ ਇੱਕ ਰੈਂਪ ਨਾਲ ਲੈਸ ਫੁੱਟ ਓਵਰ ਬ੍ਰਿਜ ਨੂੰ ਵੀ ਮਨਜ਼ੂਰੀ



ਦਿੱਤੀ ਗਈ, ਜਿਸ ਵਿੱਚ ਦੋਪਹੀਆ ਵਾਹਨਾਂ ਲਈ ਵੀ ਪ੍ਰਬੰਧ ਕੀਤਾ ਗਿਆ। ਮੰਤਰੀ ਅਰੋੜਾ ਨੇ ਜਵਾਹਰ ਕੈਂਪ ਅਤੇ ਹੈਬੋਵਾਲ ਇਲਾਕਿਆਂ ਵਿੱਚ ਛੱਤ ਦੀ ਮੁਰੰਮਤ ਲਈ 2 ਕਰੋੜ ਰੁਪਏ ਅਤੇ ਸ਼ਹਿਰ ਦੇ ਤਿੰਨ ਸਕੂਲਾਂ ਵਿੱਚ ਵਿਕਾਸ ਕਾਰਜਾਂ ਲਈ 1.25 ਕਰੋੜ ਰੁਪਏ ਮਨਜ਼ੂਰ ਕੀਤੇ। ਸ਼ਹਿਰੀ ਵਿਕਾਸ ਲਈ ਨਗਰ ਨਿਗਮ ਨੂੰ ਮਾਨਸੂਨ ਤੋਂ ਪਹਿਲਾਂ ਦੋ ਮਹੀਨਿਆਂ ਦੇ ਅੰਦਰ ਸ਼ਹਿਰ ਭਰ ਵਿੱਚ ਸੀਵਰੇਜ ਦੀ ਡੀ-ਸਿਲਟਿੰਗ ਪੂਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਮੁੱਖ ਐਂਟਰੀ ਪੁਆਇੰਟਾਂ 'ਤੇ ਬੁਨਿਆਦੀ ਢਾਂਚੇ ਦੀ ਸਮੀਖਿਆ ਕਰਦਿਆਂ ਫਿਰੋਜ਼ਪੁਰ ਰੋਡ, ਜਲੰਧਰ ਬਾਈਪਾਸ, ਚੰਡੀਗੜ੍ਹ ਰੋਡ ਅਤੇ ਦਿੱਲੀ ਰੋਡ ਪੰਜ ਚੌਰਾਹਿਆਂ 'ਤੇ, 22 ਚੌਕਾਂ ਅਤੇ ਟ੍ਰੈਫਿਕ ਲਾਈਟਾਂ ਦਾ ਪੁਨਰ ਵਿਕਾਸ ਕਰਨ ਲਈ ਕਿਹਾ ਗਿਆ। ਜਗਰਾਉਂ ਪੁਲ ਦੀ ਕੰਧ ਦੀ ਮੁਰੰਮਤ ਅਤੇ ਵੇਰਕਾ ਅੰਡਰ-ਬ੍ਰਿਜ ਅਪਗ੍ਰੇਡੇਸ਼ਨ ਲਈ ਟੈਂਡਰ ਜਾਰੀ ਕੀਤੇ ਜਾਣਗੇ।ਢੋਲੇਵਾਲ ਅਤੇ ਗ੍ਰੈਂਡ ਵਾਕ ਖੇਤਰਾਂ ਵਿੱਚ ਪੰਪ ਮੋਟਰਾਂ ਲਗਾਈਆਂ ਜਾਣਗੀਆਂ। 43 ਸੜਕ ਮੁਰੰਮਤ ਕਾਰਜਾਂ, ਆਮ ਆਦਮੀ ਕਲੀਨਿਕਾਂ ਅਤੇ ਛੇ ਪਾਰਕਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ। ਪ੍ਰਸਤਾਵਿਤ ਸਾਈਕਲ ਵੈਲੀ ਬਾਈਪਾਸ ਗਲਾਡਾ ਅਤੇ ਸਿੰਚਾਈ ਵਿਭਾਗ ਨੂੰ ਚੰਡੀਗੜ੍ਹ ਰੋਡ ਨੂੰ ਦਿੱਲੀ ਜੀ.ਟੀ ਰੋਡ ਨਾਲ ਜੋੜਨ ਵਾਲੇ 3 ਕਿਲੋਮੀਟਰ ਬਾਈਪਾਸ ਲਈ ਪ੍ਰਸਤਾਵ ਪੇਸ਼ ਕਰਨ ਲਈ ਕਿਹਾ ਗਿਆ ਜਿਸਦਾ ਉਦੇਸ਼ ਭਾਰੀ ਵਪਾਰਕ ਵਾਹਨਾਂ ਨੂੰ ਜਮਾਲਪੁਰ, ਸੈਕਟਰ 32 ਅਤੇ ਸਮਰਾਲਾ ਚੌਂਕ ਸਮੇਤ ਭੀੜ-ਭੜੱਕੇ ਵਾਲੇ ਖੇਤਰਾਂ ਤੋਂ ਦੂਰ ਕਰਨਾ ਹੈ। ਮੰਤਰੀ ਸੰਜੀਵ ਅਰੋੜਾ ਨੇ ਸਪੱਸ਼ਟ ਕੀਤਾ ਕਿ ਪੰਜਾਬ ਅਤੇ ਲੁਧਿਆਣਾ ਵਿੱਚ ਰਿਹਾਇਸ਼ੀ ਖਪਤਕਾਰਾਂ ਲਈ ਘਰੇਲੂ ਐਲ.ਪੀ.ਜੀ ਦੀ ਕੋਈ ਕਮੀ ਨਹੀਂ ਹੈ ਅਤੇ ਸਪਲਾਈ ਪੂਰੀ ਤਰ੍ਹਾਂ ਢੁਕਵੀਂ ਹੈ। ਉਨ੍ਹਾਂ ਨਾਗਰਿਕਾਂ ਨੂੰ ਸ਼ਾਂਤ ਰਹਿਣ ਅਤੇ ਘਬਰਾਹਟ ਵਿੱਚ ਖਰੀਦਦਾਰੀ ਜਾਂ ਥੋਕ ਬੁਕਿੰਗ ਤੋਂ ਬਚਣ ਦੀ ਅਪੀਲ ਕੀਤੀ। ਮੰਤਰੀ ਨੇ ਸਖ਼ਤ ਚੇਤਾਵਨੀ ਜਾਰੀ ਕੀਤੀ ਕਿ ਜੋ ਵੀ ਐਲ.ਪੀ.ਜੀ ਸਿਲੰਡਰ, ਪੈਟਰੋਲ ਜਾਂ ਡੀਜ਼ਲ ਜਮ?ਹਾਂ ਕਰਦੇ ਹੋਏ ਪਾਇਆ ਗਿਆ ਉਸ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਜਦੋਂ ਕਿ ਸਿਰਫ਼ ਵਪਾਰਕ ਐਲ.ਪੀ.ਜੀ ਵਿੱਚ ਅਸਥਾਈ ਕਮੀ ਹੈ, ਹਸਪਤਾਲਾਂ ਅਤੇ ਹੋਸਟਲਾਂ ਵਰਗੀਆਂ ਜ਼ਰੂਰੀ ਸੇਵਾਵਾਂ ਨੂੰ ਤਰਜੀਹੀ ਸਪਲਾਈ ਮਿਲ ਰਹੀ ਹੈ। ਵਪਾਰਕ ਸਿਲੰਡਰਾਂ ਦੀ ਲੋੜ ਵਾਲੇ, ਵਿਆਹਾਂ ਦਾ ਆਯੋਜਨ ਕਰਨ ਵਾਲੇ ਪਰਿਵਾਰ ਜ਼ਿਲ੍ਹਾ ਪ੍ਰਸ਼ਾਸਨ ਨਾਲ ਸੰਪਰਕ ਕਰ ਸਕਦੇ ਹਨ ਕਿਉਂਕਿ ਅਜਿਹੀਆਂ ਜ਼ਰੂਰਤਾਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਇਸ ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ, ਨਗਰ ਨਿਗਮ ਕਮਿਸ਼ਨਰ ਡਾ. ਨੀਰੂ ਕਤਿਆਲ ਗੁਪਤਾ ਅਤੇ ਕਈ ਹੋਰ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਸ਼ਾਮਲ ਹੋਏ।

# ਕ੍ਰਿਸ਼ਨ ਕੁਮਾਰ ਬਾਵਾ ਦੇ ਦੋਹਤਰੇ ਐਡਵੋਕੇਟ ਕਰਫਲ ਦਾਸ ਦੇ ਵਿਆਹ ਮੌਕੇ ਪ੍ਰਮੁੱਖ ਸ਼ਖ਼ਸੀਅਤਾਂ ਨੇ ਕੀਤੀ ਸ਼ਿਰਕਤ, ਸੁਭਾਗੀ ਜੋੜੀ ਨੂੰ ਦਿੱਤਾ ਅਸ਼ੀਰਵਾਦ

**ਲੁਧਿਆਣਾ/ਬਿਊਰੋ**

ਸੀਨੀਅਰ ਕਾਂਗਰਸੀ ਨੇਤਾ ਅਤੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਦੇ ਦੋਹਤਰੇ ਵਿਕਰਮ ਦਾਸ ਦੇ ਸਪੁੱਤਰ ਮਹੰਤ ਹਰਭਜਨ ਦਾਸ ਬਰਨਾਲਾ ਦੇ ਪੋਤਰੇ ਕਰਫਲ ਦਾਸ ਐਡਵੋਕੇਟ ਦੀ ਸ਼ਾਦੀ ਜੋ ਹਰਮਨਜੀਤ ਕੌਰ ਸਪੁੱਤਰੀ ਰਣਜੀਤ ਸਿੰਘ ਅਤੇ ਪੋਤਰੀ ਨਿਰਮਲ ਸਿੰਘ ਨਾਲ ਲੁਧਿਆਣਾ ਦੇ ਅਪਰਾ ਪੈਲਸ ਵਿਖੇ ਪੂਰਨ ਗੁਰਮਰਿਆਦਾ ਅਨੁਸਾਰ ਹੋਈ ਅਤੇ ਮਲਕੀਤ ਸਿੰਘ ਦਾਖਾ ਨੇ ਦੋਨੇ ਪਰਿਵਾਰਾਂ ਨੂੰ ਸਟੇਜ 'ਤੇ ਗੁਰਦੁਆਰਾ ਸ਼ਹੀਦਗੰਜ ਮੁਸ਼ਕਿਆਣਾ ਸਾਹਿਬ ਮੁੱਲਾਂਪੁਰ ਵਿਖੇ ਵਧਾਈ ਦਿੱਤੀ। ਵਿਆਹ ਦੀਆਂ ਖੁਸ਼ੀਆਂ ਵਿੱਚ ਵਾਧਾ ਕਰਦੇ ਹੋਏ ਸਾਬਕਾ ਮੈਂਬਰ ਪਾਰਲੀਮੈਂਟ ਮੁਹੰਮਦ ਸਦੀਕ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ, ਸ਼ਰਨਜੀਤ ਸਿੰਘ ਢਿੱਲੋਂ, ਸਰਵਣ ਸਿੰਘ ਫਿਲੌਰ, ਮਲਕੀਤ ਸਿੰਘ ਦਾਖਾ, ਵਿਧਾਇਕ ਕਾਲਾ ਢਿੱਲੋ ਬਰਨਾਲਾ, ਸਾਬਕਾ ਵਿਧਾਇਕ ਅਤੇ ਭਾਜਪਾ ਨੇਤਾ ਕੇਵਲ ਢਿੱਲੋਂ, ਕੁਲਦੀਪ ਸਿੰਘ ਵੈਦ, ਨਿਰਮਲ ਮਹੰਤ, ਗੁਰਪ੍ਰਤਾਪ ਸਿੰਘ ਵਡਾਲਾ ਨੇ ਹਾਜ਼ਰੀ ਲਗਵਾਈ ਜਦ ਕਿ ਪ੍ਰਤਾਪ ਸਿੰਘ ਬਾਜਵਾ, ਅਮਰਿੰਦਰ ਸਿੰਘ ਰਾਜਾ ਵੜਿੰਗ, ਸੁਖਜਿੰਦਰ ਰੰਧਾਵਾ, ਅਮਰ ਸਿੰਘ ਐਮ.ਪੀ ਦੇ ਸਪੁੱਤਰ ਕਾਮਲ ਅਮਰ ਸਿੰਘ ਨੇ ਹਾਜ਼ਰੀ ਲਵਾਈ। ਧਰਮਵੀਰ ਗਾਂਧੀ,



ਕੇ.ਐੱਲ ਸ਼ਰਮਾ, ਸੁਖਪਾਲ ਸਿੰਘ ਖਹਿਰਾ ਐਮ.ਪੀ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਚੰਨੀ ਨੇ ਹਾਜ਼ਰੀ ਲਗਵਾਈ ਅਤੇ ਉਪਰੋਕਤ ਨੇਤਾਵਾਂ ਨੇ ਵਧਾਈ ਭੇਜੀ। ਇਸ ਸਮੇਂ ਰਾਜਾ ਗਿੱਲ, ਪਵਨ ਦੀਵਾਨ, ਗੁਰਦੇਵ ਸਿੰਘ ਲਾਪਰਾ, ਅਮਰਜੀਤ ਸਿੰਘ ਟਿੱਕਾ, ਕਰਨ ਵੜਿੰਗ, ਪਰਮਜੀਤ ਸਿੰਘ ਸਿੱਧਵਾਂ ਸਰਪੰਚ, ਕਰਨੈਲ ਸਿੰਘ ਗਿੱਲ, ਉਮਰਾਓ ਸਿੰਘ, ਗੁਰਦੀਪ ਸਿੰਘ ਚੀਮਾ ਕਲਕੱਤਾ, ਦਰਸ਼ਨ ਲਾਲ ਬਵੇਜਾ, ਜੋਗਾ ਸਿੰਘ, ਦਲਜੀਤ ਸਿੰਘ ਅਮਰੀਕਾ, ਬੂਟਾ ਸਿੰਘ ਬੈਰਾਗੀ ਐਡਵੋਕੇਟ ਮੈਂਬਰ ਬੈਰਾਗੀ ਭਲਾਈ ਮੰਚ ਬੋਰਡ, ਪੁਰੀਸ਼ ਸਿੰਗਲਾ, ਰਾਣਾ ਝਾਂਡੇ, ਵਿਵੇਕ ਸ਼ਰਮਾ, ਤਰਲੋਚਨ ਸਫਰੀ, ਲਾਲੀ ਬਾਵਾ, ਡਾ. ਰਵਿੰਦਰ ਬਾਵਾ, ਪਵਨ ਗਰਗ, ਲਵਲੀ ਚੌਧਰੀ ਹਾਜ਼ਰ ਹੋਏ ਜਦਕਿ ਅਮਰੀਕਾ ਤੋਂ ਓਵਰਸੀਜ ਕਾਂਗਰਸ ਅਮਰੀਕਾ ਦੇ ਪ੍ਰਧਾਨ ਗੁਰਮੀਤ ਸਿੰਘ ਗਿੱਲ, ਨਿਰਮਲ ਗਰੇਵਾਲ, ਬਹਾਦਰ ਸਿੰਘ ਨੇ ਵਧਾਈ ਭੇਜੀ।

ਇਸ ਸਮੇਂ ਪ੍ਰਿੰਸੀਪਲ ਸਤੀਸ਼ ਸ਼ਰਮਾ, ਬਲਦੇਵ ਬਾਵਾ, ਗੁਰਪਾਲ ਸਿੰਘ, ਵੈਦ ਨਵਦੀਪ, ਮੱਖਣ ਸ਼ਰਮਾ, ਕੁਲਵੰਤ ਸਿੰਘ ਕੀਤੂ, ਦਿਲਪ੍ਰੀਤ ਸੰਧੂ ਐਡਵੋਕੇਟ, ਬਲਦੇਵ ਮਹੰਤ, ਜੱਗਾ ਮਾਨ, ਨਰਿੰਦਰ, ਗੁਰਲਾਲ ਲਾਲੀ, ਅਮਨਦੀਪ ਗੋਲਾ, ਗੁਰਦੀਪ ਬਾਵਾ, ਸਤਿਨਾਮ ਸੇਖੋਂ ਆਦਿ ਉਚੇਚੇ ਤੌਰ 'ਤੇ ਸ਼ਾਮਿਲ ਹੋਏ। ਇਸ ਸਮੇਂ ਕੰਵਰ ਗਰੇਵਾਲ ਪ੍ਰਸਿੱਧ ਸੂਫੀ ਗਾਇਕ ਨੇ ਗੀਤਾ ਰਾਹੀਂ ਪਰਿਵਾਰਿਕ ਖੁਸ਼ੀਆਂ ਸਾਂਝੀਆਂ ਕਰਦੇ ਹੋਏ ਸਮਾਜਿਕ ਅਤੇ ਦੋਸਤਾਂ ਨਾਲ ਰਿਸ਼ਤਿਆਂ ਦੀਆਂ ਤੰਦਾਂ ਨੂੰ ਮਜਬੂਤ ਕੀਤਾ ਅਤੇ ਪ੍ਰਭੂ ਨਾਲ ਰਿਸ਼ਤੇ ਦੇ ਵੀ ਸਾਂਝ ਪਾਈ।

# ਫਰੀਦਕੋਟ ਹੋਇਆ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਕਾਰਵਾਈ 'ਚ ਮੂਹਰਲੇ ਜ਼ਿਲ੍ਹਿਆਂ ਵਿੱਚ ਸ਼ਾਮਲ

**ਫਰੀਦਕੋਟ/ਬਿਊਰੋ**

ਭਗਵੰਤ ਮਾਨ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਹੇਠ ਨਸ਼ਿਆਂ ਖ਼?ਲਾਫ਼ ਜ਼ੋਰਦਾਰ ਕਾਰਵਾਈ ਵਿੱਚ ਫਰੀਦਕੋਟ ਇੱਕ ਮਿਸਾਲ ਵਜੋਂ ਸਾਹਮਣੇ ਆਇਆ ਹੈ। ਜ਼ਿਲ੍ਹੇ ਵਿੱਚ ਕੁੱਲ ਅਪਰਾਧਾਂ ਵਿੱਚ 37% ਦੀ ਕਮੀ ਆਈ ਹੈ ਅਤੇ ;ਲੁੱਟਾਂ ਖੋਹਾਂ ਦੇ ਮਾਮਲਿਆਂ ਵਿੱਚ 97% ਦੀ ਬਰਾਮਦਗੀ ਦਰਜ ਕੀਤੀ ਗਈ ਹੈ, ਜੋ ਕਿ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਓਪਰੇਸ਼ਨ ਪ੍ਰਹਾਰ' ਮੁਹਿੰਮਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਇਹ ਬਦਲਾਅ ਸਖ਼ਤ ਕਾਰਵਾਈ, ਤਕਨਾਲੋਜੀ ਆਧਾਰਿਤ ਨਿਗਰਾਨੀ ਅਤੇ ਭਾਈਚਾਰਕ ਸਹਿਭਾਗਿਤਾ ਦੀ ਮਿਲੀ ਜੁਲੀ ਕੋਸ਼ਿਸ਼ਾਂ ਨਾਲ ਸੰਭਵ ਹੋਇਆ ਹੈ, ਜਿਸ ਨਾਲ ਸਥਾਨਕ ਨਸ਼ਾ ਤਸਕਰੀ ਜਾਲਾਂ ਨੂੰ ਕਮਜ਼ੋਰ ਕੀਤਾ ਗਿਆ ਹੈ ਅਤੇ ਜ਼ਮੀਨੀ ਪੱਧਰ 'ਤੇ ਕਾਨੂੰਨ-ਵਿਵਸਥਾ ਮਜ਼ਬੂਤ ਹੋਈ ਹੈ। ਭਗਵੰਤ ਮਾਨ ਸਰਕਾਰ ਵੱਲੋਂ ਨਸ਼ਾ ਤੰਤਰ ਨੂੰ ਖਤਮ ਕਰਨ ਲਈ ਕੀਤੀਆਂ ਜਾ ਰਹੀਆਂ ਕੇਂਦਰੀ ਕੋਸ਼ਿਸ਼ਾਂ ਹੁਣ ਜ਼ਿਲ੍ਹਾ ਪੱਧਰ 'ਤੇ ਸਪੱਸ਼ਟ ਨਤੀਜੇ ਦੇ ਰਹੀਆਂ ਹਨ। ਪੁਲਿਸ ਅਧਿਕਾਰੀਆਂ ਮੁਤਾਬਕ, ਪਿੰਡ ਰੱਖਿਆ ਕਮੇਟੀਆਂ, ਗੈਰ-ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਨਾਲ ਨਿਯਮਿਤ ਤੌਰ 'ਤੇ ਹੋ ਰਹੀਆਂ ਤਾਲਮੇਲ ਮੀਟਿੰਗਾਂ ਨੇ ਜਮੀਨੀ ਪੱਧਰ ਦੀ ਖੁਫੀਆ ਜਾਣਕਾਰੀ ਨੂੰ ਕਾਫੀ ਮਜ਼ਬੂਤ ਕੀਤਾ ਹੈ। ਇਸ ਨਾਲ ਲੋਕਾਂ ਦੀ ਭਾਗੀਦਾਰੀ ਵਿੱਚ ਵਾਧਾ ਹੋਇਆ ਹੈ ਅਤੇ ਸਥਾਨਕ ਨਿਵਾਸੀ ਨਸ਼ਾ ਤਸਕਰਾਂ ਅਤੇ ਅਸਮਾਜਿਕ ਤੱਤਾਂ ਬਾਰੇ ਜਾਣਕਾਰੀ ਸਾਂਝੀ ਕਰ ਰਹੇ ਹਨ, ਜਿਸ ਨਾਲ ਪੁਲਿਸ ਨੂੰ ਤੁਰੰਤ ਅਤੇ ਨਿਸ਼ਨਾਬੱਧ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਹੈ। ਜ਼ਿਲ੍ਹਾ ਪੁਲਿਸ ਮੁਖੀ ਪ੍ਰਗਿਆ ਜੈਨ IPS ਨੇ ਕਿਹਾ, "ਲੋਕਾਂ ਵਿੱਚ ਪੁਲਿਸ ਪ੍ਰਤੀ ਭਰੋਸਾ ਵਧਿਆ ਹੈ ਕਿਉਂਕਿ ਸੂਚਨਾ ਦੇਣ ਵਾਲਿਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਹਰ ਉਮਰ ਵਰਗ ਦੇ ਨਾਗਰਿਕ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ।" ਉਨ੍ਹਾਂ ਨੇ ਕਿਹਾ ਕਿ ਇਹ ਭਰੋਸਾ ਨਸ਼ਿਆਂ ਅਤੇ ਅਪਰਾਧ ਖ਼ਿਲਾਫ਼ ਕਾਰਵਾਈ ਲਈ ਇੱਕ ਮਹੱਤਵਪੂਰਨ ਤਾਕਤ ਵਜੋਂ ਸਾਹਮਣੇ ਆਇਆ ਹੈ। ਤਕਨਾਲੋਜੀ ਨੇ ਵੀ ਇਸ ਬਦਲਾਅ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਫਰੀਦਕੋਟ ਦੇ ਮੁੱਖ ਸਥਾਨਾਂ 'ਤੇ CCTV ਕੈਮਰੇ ਲਗਾਏ ਗਏ ਹਨ, ਜਿਸ ਨਾਲ ਨਿਗਰਾਨੀ ਅਤੇ ਤੁਰੰਤ ਕਾਰਵਾਈ ਦੀ ਸਮਰੱਥਾ ਵਿੱਚ ਵਾਧਾ ਹੋਇਆ ਹੈ।



# ਵਿਧਾਇਕ ਬੱਗਾ ਨੇ ਤਰਸੇਮ ਕਲੋਨੀ 'ਚ ਨਵੇਂ ਟਿਊਬਵੈੱਲ ਦਾ ਕੀਤਾ ਉਦਘਾਟਨ

ਜ਼ਿਕਰ ਪੰਜਾਬ
**ਲੁਧਿਆਣਾ/ਗੀਤਾ ਸਕਸੈਨਾ**

ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਸਥਾਨਕ ਨਿਵਾਸੀਆਂ ਦੀ ਮੌਜੂਦਗੀ ਵਿੱਚ ਵਾਰਡ 66 ਦੇ ਮੁਹੱਲਾ ਤਰਸੇਮ ਕਲੋਨੀ ਵਿੱਚ ਇੱਕ ਨਵੇਂ ਲਗਾਏ ਗਏ 25 ਹਾਰਸ ਪਾਵਰ ਟਿਊਬਵੈੱਲ ਦਾ ਉਦਘਾਟਨ ਕੀਤਾ। ਨਵੇਂ ਟਿਊਬਵੈੱਲ ਤੋਂ ਸ਼ੁੱਧ ਪਾਣੀ ਦੀ ਸਪਲਾਈ ਬਾਰੇ ਜਾਣਕਾਰੀ ਦਿੰਦੇ ਹੋਏ ਵਿਧਾਇਕ ਬੱਗਾ ਨੇ ਕਿਹਾ ਕਿ ਤਰਸੇਮ ਕਲੋਨੀ ਅਤੇ ਆਲੇ ਦੁਆਲੇ ਦੇ ਇਲਾਕਿਆਂ ਦੇ ਸੈਂਕੜੇ ਪਰਿਵਾਰਾਂ ਨੂੰ ਸ਼ੁੱਧ ਪੀਣ ਵਾਲੇ ਪਾਣੀ ਦੀ ਪਹੁੰਚ ਹੋਵੇਗੀ। ਇਲਾਕੇ ਵਿੱਚ ਚੱਲ ਰਹੇ ਕਈ ਵਿਕਾਸ ਪ੍ਰੋਜੈਕਟਾਂ ਬਾਰੇ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਟੀਚਾ ਹਰੇਕ ਨਾਗਰਿਕ ਨੂੰ ਬਿਨਾਂ ਕਿਸੇ ਭੇਦਭਾਵ ਦੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਮੌਕੇ ਓ.ਐਂਡ.ਐਮ ਵਿਭਾਗ ਦੇ ਐਸ.ਡੀ.ਓ ਅੰਸ਼ੁਲ ਗਰਚਾ, ਜੇ.ਈ ਗੁਰਦੀਪ, 'ਆਪ' ਮਹਿਲਾ ਜੈਂਡਰ ਪ੍ਰਧਾਨ ਮਨੀਸ਼ਾ ਕਪੂਰ, 'ਆਪ' ਬਲਾਕ ਪ੍ਰਧਾਨ ਨਰਿੰਦਰ ਮੱਕੜ, 'ਆਪ' ਦੇ ਵਾਰਡ ਸਕੱਤਰ ਸੁਨੀਲ ਸ਼ਰਮਾ, ਜੁਗਲ ਗੋਇਲ, ਅਦੈ ਕਾਲੜਾ, ਮੋਹਨ ਲਾਲ ਸ਼ਰਮਾ, ਚਮਨ ਲਾਲ ਸ਼ਰਮਾ, ਪੁਸ਼ਪਾ, ਕਮਲੇਸ਼, ਸੋਨੀਆ, ਸੁਮਨ ਬੱਗਾ, ਕਾਂਤਾ ਰਾਣੀ, ਲੀਲਾ ਦੇਵੀ, ਜੋਤੀ ਬਾਲਾ, ਮਾਤਾ ਆਸ਼ੂ, ਟਿੰਕਾ ਕੁਮਾਰ, ਤਲਵਾੜ ਅੰਕਲ, ਪ੍ਰਕਾਸ਼ ਅਤੇ ਹੋਰ ਵੀ ਹਾਜ਼ਰ ਸਨ।

# ਪੀ. ਜੀ. ਆਈ. ਐਮ. ਈ. ਆਰ ਨੇ ਕਾਇਆਕਲਪ ਪੁਰਸਕਾਰ 2025-26 ਵਿੱਚ ਦੂਜੇ ਸਥਾਨ 'ਤੇ ਰਹਿ ਕੇ ਰਾਸ਼ਟਰੀ ਸਨਮਾਨ ਪ੍ਰਾਪਤ ਕੀਤਾ

ਜ਼ਿਕਰ ਪੰਜਾਬ
**ਚੰਡੀਗੜ੍ਹ/ਬਿਊਰੋ**

ਪੋਸਟ ਗ੍ਰੈਜੂਏਟ ਇੰਸਟੀਚਿਊਟ ਆਫ਼ ਮੈਡੀਕਲ ਐਜੂਕੇਸ਼ਨ ਐਂਡ ਰਿਸਰਚ (ਪੀਜੀਆਈਐਮਈਆਰ), ਚੰਡੀਗੜ੍ਹ ਨੇ ਕਾਇਆਕਲਪ ਯੋਜਨਾ ਅਧੀਨ ਸਾਲ 2025-26 ਲਈ ਕੇਂਦਰੀ ਸਰਕਾਰੀ ਹਸਪਤਾਲਾਂ/ਸੰਸਥਾਵਾਂ ਦੀ ਸ਼੍ਰੇਣੀ ਵਿੱਚ ਦੂਜਾ ਸਥਾਨ ਪ੍ਰਾਪਤ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਪ੍ਰਾਪਤ ਕੀਤਾ ਹੈ। ਇਹ ਵੱਕਾਰੀ ਪੁਰਸਕਾਰ ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਦੁਆਰਾ ਦਿੱਤਾ ਜਾਂਦਾ ਹੈ। ਭਾਰਤ ਸਰਕਾਰ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲੇ ਨੇ ਪੀ ਜੀ ਆਈ ਐਮ ਈ ਆਰ ਦੇ ਸਫਾਈ, ਸਫਾਈ, ਇਨਫੈਕਸ਼ਨ ਕੰਟਰੋਲ, ਹਸਪਤਾਲ ਦੇ ਰੱਖ-ਰਖਾਅ ਅਤੇ ਮਰੀਜ਼-ਅਨੁਕੂਲ ਵਾਤਾਵਰਣ ਨੂੰ ਬਣਾਈ ਰੱਖਣ ਵਿੱਚ ਨਿਰੰਤਰ ਸ਼ਾਨਦਾਰ ਪ੍ਰਦਰਸ਼ਨ ਨੂੰ ਮਾਨਤਾ ਦਿੰਦੇ ਹੋਏ, ਸੰਸਥਾ ਨੂੰ 1,50,00,000/- (ਇੱਕ ਕਰੋੜ ਪੰਜਾਹ ਲੱਖ ਰੁਪਏ) ਦੇ ਪ੍ਰੋਤਸਾਹਨ ਨੂੰ ਮਨਜ਼ੂਰੀ ਦਿੱਤੀ ਹੈ। ਕਾਇਆਕਲਪ ਪਹਿਲਕਦਮੀ ਦਾ ਉਦੇਸ਼ ਦੇਸ਼ ਭਰ ਦੀਆਂ ਜਨਤਕ ਸਿਹਤ ਸੰਸਥਾਵਾਂ ਵਿੱਚ ਸਫਾਈ, ਰਹਿੰਦ-ਖੂੰਹਦ ਪ੍ਰਬੰਧਨ, ਇਨਫੈਕਸ਼ਨ ਕੰਟਰੋਲ ਅਤੇ ਇੱਕ ਸੰਪੂਰਨ ਮਰੀਜ਼ ਦੇਖਭਾਲ ਵਾਤਾਵਰਣ ਵਿੱਚ ਉੱਤਮਤਾ ਨੂੰ ਉਤਸ਼ਾਹਿਤ ਕਰਨਾ ਹੈ। ਪੀ ਜੀ ਆਈ ਐਮ ਈ ਆਰ ਦੀ ਇਹ ਪ੍ਰਾਪਤੀ ਸੰਸਥਾ ਦੀ ਮਿਆਰੀ ਸਿਹਤ ਸੰਭਾਲ ਸੇਵਾਵਾਂ ਪ੍ਰਦਾਨ ਕਰਨ ਅਤੇ ਰਾਸ਼ਟਰੀ ਮਾਪਦੰਡਾਂ ਦੀ ਪਾਲਣਾ ਕਰਨ ਪ੍ਰਤੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ, ਪੀ ਜੀ ਆਈ ਐਮ ਈ ਆਰ ਦੇ ਡਾਇਰੈਕਟਰ, ਪ੍ਰੋ. ਵਿਵੇਕ ਲਾਲ ਨੇ ਕਿਹਾ, 'ਇਹ ਪ੍ਰਾਪਤੀ ਪੀ ਜੀ ਆਈ ਐਮ ਈ ਆਰ ਦੀ ਮਰੀਜ਼ਾਂ ਦੀ ਦੇਖਭਾਲ ਅਤੇ ਹਸਪਤਾਲ ਦੀ ਸਫਾਈ ਵਿੱਚ ਉੱਤਮਤਾ ਪ੍ਰਤੀ ਅਟੁੱਟ ਵਚਨਬੱਧਤਾ ਦਾ ਪ੍ਰਮਾਣ ਹੈ। ਰਾਸ਼ਟਰੀ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕਰਨਾ ਸਾਡੇ ਸਮੁੱਚੇ ਕਰਮਚਾਰੀਆਂ ਦੇ ਸਮਰਪਣ ਅਤੇ ਸਮੂਹਿਕ ਯਤਨਾਂ ਦਾ ਨਤੀਜਾ ਹੈ, ਜੋ ਸਾਡੇ ਲਈ ਸੱਚੇ ਕਰਮਯੋਗੀ ਹਨ। ਅਸੀਂ ਭਵਿੱਖ ਵਿੱਚ ਹੋਰ ਵੀ ਉੱਚੇ ਮਿਆਰ ਸਥਾਪਤ ਕਰਨ ਲਈ ਆਪਣੇ ਸਿਸਟਮਾਂ ਨੂੰ ਮਜ਼ਬੂਤ ਕਰਨਾ ਜਾਰੀ ਰੱਖਾਂਗੇ।' ਇਸੇ ਭਾਵਨਾ ਨੂੰ ਦੁਹਰਾਉਂਦੇ ਹੋਏ, ਪੀ ਜੀ ਆਈ ਐਮ ਈ ਆਰ ਦੇ ਡਿਪਟੀ ਡਾਇਰੈਕਟਰ (ਪ੍ਰਸ਼ਾਸਨ) ਸ਼੍ਰੀ ਪੰਕਜ ਰਾਏ ਨੇ ਕਿਹਾ, 'ਕਾਇਆਕਲਪ ਸਿਰਫ਼ ਇੱਕ ਪੁਰਸਕਾਰ ਨਹੀਂ ਹੈ, ਸਗੋਂ ਨਿਰੰਤਰ ਗੁਣਵੱਤਾ ਸੁਧਾਰ ਦੀ ਯਾਤਰਾ ਹੈ। ਇਹ ਮਾਨਤਾ ਸਾਡੀਆਂ ਪ੍ਰਸ਼ਾਸਕੀ ਪ੍ਰਕਿਰਿਆਵਾਂ, ਨਿਗਰਾਨੀ ਵਿਧੀਆਂ ਅਤੇ ਸਟਾਫ ਦੀ ਸ਼ਮੂਲੀਅਤ ਰਣਨੀਤੀਆਂ ਦੀ ਪ੍ਰਭਾਵਸ਼ੀਲਤਾ ਨੂੰ ਦਰਸਾਉਂਦੀ ਹੈ, ਜਿਨ੍ਹਾਂ ਨੇ ਸਫਾਈ ਅਤੇ ਹਸਪਤਾਲ ਪ੍ਰਬੰਧਨ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।' ਪੀਜੀਆਈਐਮਈਆਰ ਦੇ ਮੈਡੀਕਲ ਸੁਪਰਡੈਂਟ, ਪ੍ਰੋ. ਵਿਪਿਨ ਕੌਸ਼ਲ ਨੇ ਕਿਹਾ, 'ਇਹ ਪ੍ਰਾਪਤੀ ਕਲੀਨਿਕਲ ਟੀਮਾਂ, ਨਰਸਿੰਗ ਸਟਾਫ ਅਤੇ ਸੈਨੀਟੇਸ਼ਨ ਕਰਮਚਾਰੀਆਂ ਦੀ ਇੱਕ ਸਾਫ਼ ਅਤੇ ਸੁਰੱਖਿਅਤ ਹਸਪਤਾਲ ਵਾਤਾਵਰਣ ਨੂੰ ਯਕੀਨੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨੂੰ ਦਰਸਾਉਂਦੀ ਹੈ। ਇਨਫੈਕਸ਼ਨ ਕੰਟਰੋਲ ਅਤੇ ਮਰੀਜ਼ਾਂ ਦੀ ਸੁਰੱਖਿਆ ਸਾਡੀਆਂ ਪ੍ਰਮੁੱਖ ਤਰਜੀਹਾਂ ਹਨ, ਅਤੇ ਅਸੀਂ ਇਹਨਾਂ ਮਿਆਰਾਂ ਨੂੰ ਬਣਾਈ ਰੱਖਣ ਅਤੇ ਹੋਰ ਵਧਾਉਣ ਲਈ ਵਚਨਬੱਧ ਹਾਂ।' ਪੀਜੀਆਈਐਮਈਆਰ ਦੇਸ਼ ਭਰ ਦੀਆਂ ਸੰਸਥਾਵਾਂ ਲਈ ਨਵੇਂ ਮਾਪਦੰਡ ਸਥਾਪਤ ਕਰਦੇ ਹੋਏ, ਸਿਹਤ ਸੰਭਾਲ, ਸਿੱਖਿਆ ਅਤੇ ਖੋਜ ਵਿੱਚ ਉੱਤਮਤਾ ਲਈ ਯਤਨਸ਼ੀਲ ਹੈ।

# ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ 'ਚ ਮੀਟਿੰਗਾਂ ਦਾ ਸਿਲਸਿਲਾ ਜਾਰੀ, ਵਪਾਰੀਆਂ ਦੀਆਂ ਸੁਣੀਆਂ ਮੁਸ਼ਕਿਲਾਂ

ਜ਼ਿਕਰ ਪੰਜਾਬ
**ਲੁਧਿਆਣਾ/ਅਸ਼ਵਨੀ ਅਹੂਜਾ**




ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾ ਅਨੁਸਾਰ ਸਰਕਾਰ ਤੁਹਾਡੇ ਦੁਆਰ ਪ੍ਰੋਗਰਾਮ ਅਧੀਨ ਪੰਜਾਬ ਸਟੇਟ ਟਰੇਡ ਕਮਿਸ਼ਨ ਦੀਆਂ ਮੀਟਿੰਗਾਂ ਦਾ ਸਿਲਸਿਲਾ ਨਿਰੰਤਰ ਜਾਰੀ ਹੈ। ਇਸੇ ਲੜੀ ਤਹਿਤ ਚੇਅਰਮੈਨ ਮਨਪ੍ਰੀਤ ਸਿੰਘ ਦੀ ਅਗਵਾਈ ਹੇਠ ਹਲਕਾ ਆਤਮ ਨਗਰ ਦੇ ਕੌਂਸਲਰ ਜਗਮੀਤ ਸਿੰਘ ਨੋਨੀ ਅਤੇ ਬਲਾਕ ਪ੍ਰਧਾਨ ਵਿਪਨ ਸੇਠੀ ਵਲੋ ਵਾਰਡ ਨੰਬਰ 42 ਵਿਖੇ ਵਪਾਰੀਆਂ ਨਾਲ ਮੀਟਿੰਗ ਕੀਤੀ ਗਈ ਜਿਸ ਵਿੱਚ ਵਿਧਾਨ ਸਭਾ ਹਲਕਾ ਆਤਮ ਨਗਰ ਤੋਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਉਨ੍ਹਾਂ ਦੇ ਨਾਲ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਵਿਧਾਇਕ ਸਿੱਧੂ ਦੇ ਨਾਲ ਚੇਅਰਮੈਨ ਮਨਪ੍ਰੀਤ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਪਾਰੀਆਂ ਨੂੰ ਜੀ.ਐਸ.ਟੀ.ਰੀਫੰਡ, ਅਵਾਰਾ ਪਸ਼ੂਆਂ ਦੀ ਸਮੱਸਿਆ, ਬਿਜਲੀ ਦੀਆਂ ਢਿੱਲੀਆਂ ਤਾਰਾਂ ਅਤੇ ਹੋਰ ਰੋਜਮਰਾ ਦੀਆਂ ਔਕੜਾਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਕੀਤਾ ਜਾਵੇ। ਵਪਾਰੀਆਂ ਅਤੇ ਆਮ ਲੋਕਾਂ ਵੱਲੋ ਪੰਜਾਬ ਸਰਕਾਰ ਦੀ ਇਸ ਨਿਵੇਕਲੀ ਪਹਿਲ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਇਹ 75 ਸਾਲਾਂ ਵਿੱਚ ਪਹਿਲੀ ਵਾਰ ਹੋਇਆ ਹੈ ਜਦੋ ਅਧਿਕਾਰੀ ਆਪ ਲੋਕਾ ਦੀਆ ਸਮੱਸਿਆਵਾ ਸੁਣਨ ਉਹਨਾ ਕੋਲ ਆਏ ਹਨ ਅਤੇ ਮੌਕੇ 'ਤੇ ਸਮੱਸਿਆਵਾ ਹੱਲ ਹੋ ਰਹੀਆ ਹਨ। ਚੇਅਰਮੈਨ ਮਨਪ੍ਰੀਤ ਸਿੰਘ ਵੱਲੋਂ ਹਾਜ਼ਰੀਨ ਦਾ ਮੀਟਿੰਗ ਵਿੱਚ ਸ਼ਮੂਲੀਅਤ ਕਰਨ ਲਈ ਵਿਸ਼ੇਸ਼ ਧੰਨਵਾਦ ਵੀ ਕੀਤਾ ਗਿਆ।

# ਪੰਜਾਬ ਸਰਕਾਰ ਵਪਾਰੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਕਰਨ ਲਈ ਵਚਨਬੱਧ : ਚੇਅਰਮੈਨ ਚਾਵਲਾ

ਜ਼ਿਕਰ ਪੰਜਾਬ
**ਲੁਧਿਆਣਾ/ਗੀਤਾ ਸਕਸੈਨਾ**



ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਪੰਜਾਬ ਸਟੇਟ ਟਰੇਡ ਕਮਿਸ਼ਨ ਦੀ ਮੀਟਿੰਗ ਹਲਕਾ ਉੱਤਰੀ ਅਧੀਨ ਸ਼ਿਵਪੁਰੀ ਵਿਖੇ ਚੇਅਰਮੈਨ ਰਾਜੂ ਚਾਵਲਾ ਦੀ ਅਗਵਾਈ ਵਿੱਚ ਕੀਤੀ ਗਈ। ਇਸ ਮੌਕੇ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗੀ ਵੀ ਉਚੇਚੇ ਤੌਰ 'ਤੇ ਪਹੁੰਚੇ। ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਸੇਖੇਵਾਲ ਟਰੇਡਰਜ਼ ਐਸੋਸੀਏਸ਼ਨ ਦੀਆਂ ਮੁਸ਼ਕਿਲਾਂ ਸੁਣੀਆਂ ਤੇ ਮੌਕੇ 'ਤੇ ਨਿਪਟਾਰਾ ਵੀ ਕਰਵਾਇਆ ਗਿਆ।

ਚੇਅਰਮੈਨ ਰਾਜੂ ਚਾਵਲਾ ਨੇ ਸਮੂਹ ਵਪਾਰੀਆਂ ਨੂੰ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀਆਂ ਮੁਸ਼ਕਿਲਾਂ ਦੇ ਨਿਪਟਾਰੇ ਲਈ ਵਚਨਬੱਧ ਹੈ ਜਿਸਦੇ ਤਹਿਤ ਨਿਰੰਤਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।

# ਲੁਧਿਆਣਾ ਵਿੱਚ ਮੈਗਾ ਪੀ.ਟੀ.ਐਮ ਦੌਰਾਨ ਗੁਨਜੀਤ ਰੁਚੀ ਬਾਵਾ ਵੱਲੋਂ ਸਕੂਲਾਂ ਦਾ ਦੌਰਾ

## ਸਕੂਲ, ਮਾਪੇ ਤੇ ਅਧਿਆਪਕ ਮਿਲ ਕੇ ਹੀ ਬੱਚਿਆਂ ਦਾ ਭਵਿੱਖ ਸੰਵਾਰ ਸਕਦੇ ਹਨ : ਬਾਵਾ

ਜ਼ਿਕਰ ਪੰਜਾਬ
**ਲੁਧਿਆਣਾ/ਗੀਤਾ ਸਕਸੈਨਾ**







ਪੰਜਾਬ ਸਟੇਟ ਕਮਿਸ਼ਨ ਫਾਰ ਪ੍ਰੋਟੈਕਸ਼ਨ ਆਫ਼ ਚਾਈਲਡ ਰਾਈਟਸ (ਪੀ.ਐਸ.ਪੀ.ਸੀ.ਸੀ) ਦੀ ਵਾਈਸ ਚੇਅਰਪਰਸਨ ਸ਼੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਸਕੂਲ ਸਿੱਖਿਆ ਵਿਭਾਗ, ਪੰਜਾਬ ਦੁਆਰਾ ਆਯੋਜਿਤ ਮੈਗਾ ਮਾਪੇ-ਅਧਿਆਪਕ ਮੀਟਿੰਗ (ਪੀ.ਟੀ.ਐਮ) ਦੇ ਮੌਕੇ 'ਤੇ ਲੁਧਿਆਣਾ ਦੱਖਣੀ ਦੇ ਦੋ ਸਰਕਾਰੀ ਸਕੂਲਾਂ ਐਸ.ਓ.ਈ ਜੀ.ਐਸ.ਐਸ.ਐਸ ਮਿੱਲਰ ਗੰਜ, ਢੋਲੇਵਾਲ ਚੌਕ ਅਤੇ ਜੀ.ਐਚ.ਐਸ ਕੋਟ ਮੰਗਲ ਸਿੰਘ ਖੁੱਡ ਮੁਹੱਲਾ ਦਾ ਦੌਰਾ ਕੀਤਾ। ਇਸ ਦੌਰੇ ਦਾ ਉਦੇਸ਼ ਮਾਪਿਆਂ, ਅਧਿਆਪਕਾਂ ਅਤੇ ਸਕੂਲ ਅਧਿਕਾਰੀਆਂ ਵਿਚਕਾਰ ਸਬੰਧਾਂ ਨੂੰ ਮਜ਼ਬੂਤ ਕਰਨਾ ਸੀ ਜਦੋਂ ਕਿ ਬਾਲ ਅਧਿਕਾਰਾਂ ਬਾਰੇ ਜਾਗਰੂਕਤਾ ਅਤੇ ਸੰਪੂਰਨ ਵਿਦਿਆਰਥੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਸੀ। ਆਪਣੀ ਫੇਰੀ ਦੌਰਾਨ ਸ਼੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਸਕੂਲ ਦੇ ਟਾਪਰਾਂ, ਮਾਪਿਆਂ, ਸਕੂਲ ਪ੍ਰਬੰਧਨ ਕਮੇਟੀ (ਐਸ.ਐਮ.ਸੀ) ਦੇ ਮੈਂਬਰਾਂ ਅਤੇ ਦੋਵਾਂ ਸੰਸਥਾਵਾਂ ਦੇ ਪ੍ਰਿੰਸੀਪਲਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਅਕਾਦਮਿਕ ਤੌਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਉੱਤਮਤਾ ਲਈ ਯਤਨਸ਼ੀਲ ਰਹਿਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਬੱਚੇ ਦੇ ਅਕਾਦਮਿਕ ਅਤੇ ਨਿੱਜੀ ਵਿਕਾਸ ਨੂੰ ਆਕਾਰ ਦੇਣ ਵਿੱਚ ਸਰਗਰਮ ਮਾਪਿਆਂ ਦੀ ਸ਼ਮੂਲੀਅਤ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ। ਵਾਈਸ ਚੇਅਰਪਰਸਨ ਨੇ ਬੱਚਿਆਂ ਲਈ ਇੱਕ ਸੁਰੱਖਿਅਤ, ਸਮਾਵੇਸ਼ੀ ਅਤੇ ਸਹਾਇਕ ਸਿੱਖਣ ਵਾਤਾਵਰਣ ਨੂੰ ਯਕੀਨੀ ਬਣਾਉਣ ਲਈ ਮਾਪਿਆਂ ਅਤੇ ਅਧਿਆਪਕਾਂ ਨਾਲ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਨੇ ਬੱਚਿਆਂ ਦੇ ਅਧਿਕਾਰਾਂ ਅਤੇ ਵਿਦਿਆਰਥੀਆਂ ਦੀ ਭਲਾਈ ਦੀ ਰੱਖਿਆ ਵਿੱਚ ਹਿੱਸੇਦਾਰਾਂ ਦੀ ਸਮੂਹਿਕ ਜ਼ਿੰਮੇਵਾਰੀ ਬਾਰੇ ਵਧੇਰੇ ਜਾਗਰੂਕਤਾ ਦੀ ਜ਼ਰੂਰਤ ਨੂੰ ਉਜਾਗਰ ਕੀਤਾ। ਇੰਟਰਐਕਟਿਵ ਸੈਸ਼ਨ ਦੌਰਾਨ ਵਿਦਿਆਰਥੀਆਂ ਦੀ ਭਾਵਨਾਤਮਕ ਸਿਹਤ, ਅਕਾਦਮਿਕ ਦਬਾਅ ਅਤੇ ਸਮੁੱਚੇ ਵਿਕਾਸ ਨਾਲ ਸਬੰਧਤ ਚਿੰਤਾਵਾਂ ਨੂੰ ਵੀ ਸੰਬੋਧਿਤ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ ਸ਼੍ਰੀਮਤੀ ਗੁਨਜੀਤ ਰੁਚੀ ਬਾਵਾ ਨੇ ਕਿਹਾ, 'ਮੈਗਾ ਪੀ.ਟੀ.ਐਮ ਮਾਪਿਆਂ ਅਤੇ ਸਕੂਲਾਂ ਵਿਚਕਾਰ ਮਜ਼ਬੂਤ ਭਾਈਵਾਲੀ ਬਣਾਉਣ ਲਈ ਇੱਕ ਸ਼ਾਨਦਾਰ ਪਲੇਟਫਾਰਮ ਹਨ। ਜਦੋਂ ਪਰਿਵਾਰ ਅਤੇ ਸਿੱਖਿਅਕ ਇਕੱਠੇ ਕੰਮ ਕਰਦੇ ਹਨ, ਤਾਂ ਬੱਚਿਆਂ ਨੂੰ ਬਿਹਤਰ ਮਾਰਗਦਰਸ਼ਨ, ਭਾਵਨਾਤਮਕ ਸਹਾਇਤਾ ਅਤੇ ਸੰਪੂਰਨ ਵਿਕਾਸ ਦੇ ਮੌਕੇ ਮਿਲਦੇ ਹਨ। ਇਹ ਯਕੀਨੀ ਬਣਾਉਣਾ ਸਾਡਾ ਸਮੂਹਿਕ ਫਰਜ਼ ਹੈ ਕਿ ਹਰ ਬੱਚਾ ਇੱਕ ਸੁਰੱਖਿਅਤ, ਪਾਲਣ-ਪੋਸ਼ਣ ਅਤੇ ਉਤਸ਼ਾਹਜਨਕ ਵਾਤਾਵਰਣ ਵਿੱਚ ਸਿੱਖੇ।' ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਕਿਸੇ ਵੀ ਸ਼ਿਕਾਇਤ ਜਾਂ ਚਿੰਤਾ ਦੀ ਰਿਪੋਰਟ ਕਰਨ ਲਈ ਚਾਈਲਡ ਹੈਲਪਲਾਈਨ ਨੰਬਰ 1098 ਦੀ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਨੇ ਸਕੂਲਾਂ ਵਿੱਚ ਆਰ.ਓ ਪੀਣ ਵਾਲੇ ਪਾਣੀ ਪ੍ਰਣਾਲੀ ਅਤੇ ਹੋਰ ਕੰਮਾਂ ਦੀ ਸਮੀਖਿਆ ਕੀਤੀ ਅਤੇ ਵਿਦਿਆਰਥੀਆਂ ਲਈ ਸੁਰੱਖਿਅਤ ਅਤੇ ਸਫਾਈ ਸਥਿਤੀਆਂ ਨੂੰ ਯਕੀਨੀ ਬਣਾਉਣ ਲਈ ਸਹੂਲਤਾਂ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਕਿਹਾ ਕਿ ਹੈਲਪਲਾਈਨ ਰਾਹੀਂ ਸਮੇਂ ਸਿਰ ਰਿਪੋਰਟ ਕਰਨ ਨਾਲ ਅਧਿਕਾਰੀਆਂ ਨੂੰ ਬੱਚਿਆਂ ਦੀ ਭਲਾਈ ਅਤੇ ਸੁਰੱਖਿਆ ਲਈ ਤੁਰੰਤ ਦਖਲਅੰਦਾਜ਼ੀ ਅਤੇ ਹੱਲ ਯਕੀਨੀ ਬਣਾਉਣ ਵਿੱਚ ਮਦਦ ਮਿਲਦੀ ਹੈ। ਸਕੂਲ ਅਧਿਕਾਰੀਆਂ ਨੇ ਇਸ ਪਹਿਲਕਦਮੀ ਦਾ ਸਵਾਗਤ ਕੀਤਾ ਅਤੇ ਕਮਿਸ਼ਨ ਦੇ ਹਿੱਤਧਾਰਕਾਂ ਨਾਲ ਸਿੱਧੇ ਤੌਰ 'ਤੇ ਜੁੜਨ ਅਤੇ ਬਾਲ-ਕੇਂਦ੍ਰਿਤ ਸਿੱਖਿਆ ਦੀ ਮਹੱਤਤਾ ਨੂੰ ਮਜ਼ਬੂਤ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਗਲਾਡਾ ਦੀ ਲੁਧਿਆਣਾ 'ਚ ਵੱਡੀ ਕਾਰਵਾਈ: 13 ਅਣਅਧਿਕਾਰਤ ਇਮਾਰਤਾਂ ਤੇ 3 ਕਲੋਨੀਆਂ ਢਾਹੀਆਂ

ਜ਼ਿਕਰ ਪੰਜਾਬ
**ਲੁਧਿਆਣਾ/ਅਸ਼ਵਨੀ ਅਹੂਜਾ**



ਮਕਾਨ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਇਸਦੇ ਰੈਗੂਲੇਟਰੀ ਵਿੰਗ ਨੇ ਬੁੱਧਵਾਰ ਨੂੰ ਪਿੰਡ ਧਾਂਦਰਾ, ਮਾਣਕਵਾਲ ਅਤੇ ਮਹਿਮੂਦਪੁਰਾ ਵਿੱਚ 13 ਅਣਅਧਿਕਾਰਤ ਇਮਾਰਤਾਂ ਅਤੇ ਤਿੰਨ ਅਣਅਧਿਕਾਰਤ ਕਲੋਨੀਆਂ ਢਾਹ ਦਿੱਤੀਆਂ। ਗਲਾਡਾ ਦੇ ਮੁੱਖ ਪ੍ਰਸ਼ਾਸਕ ਸੰਦੀਪ ਕੁਮਾਰ ਨੇ ਦੱਸਿਆ ਕਿ ਇਨ੍ਹਾਂ ਅਣਅਧਿਕਾਰਤ ਕਲੋਨੀਆਂ ਵਿੱਚ ਸਸਤੇ ਪਲਾਟ ਦੇਣ ਦੀ ਆੜ ਵਿੱਚ ਮਾਸੂਮ ਵਸਨੀਕਾਂ ਨੂੰ ਲੁੱਟਣ ਵਾਲਿਆਂ ਵਿਰੁੱਧ ਸਜ਼ਾਯੋਗ ਕਾਰਵਾਈ ਕਰਨ ਲਈ ਇੱਕ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਗਈ ਹੈ, ਜਿਨ੍ਹਾਂ ਕੋਲ ਕਾਨੂੰਨੀ ਪ੍ਰਵਾਨਗੀ ਅਤੇ ਸਰਕਾਰੀ ਨਿਯਮਾਂ ਦੀ ਪਾਲਣਾ ਨਹੀਂ ਸੀ। ਗਲਾਡਾ-ਲੁਧਿਆਣਾ ਦੇ ਵਧੀਕ ਮੁੱਖ ਪ੍ਰਸ਼ਾਸਕ-3 ਦੁਆਰਾ ਅਣਅਧਿਕਾਰਤ ਕਲੋਨੀਆਂ ਵਿਰੁੱਧ ਜਾਰੀ ਕੀਤੇ ਗਏ ਢਾਹੁਣ ਦੇ ਹੁਕਮਾਂ ਦੀ ਪਾਲਣਾ ਵਿੱਚ ਡਿਊਟੀ ਮੈਜਿਸਟ?ਰੇਟ, ਪੁਲਿਸ ਫੋਰਸ ਅਤੇ ਗਲਾਡਾ ਰੈਗੂਲੇਟਰੀ ਵਿੰਗ ਦੀ ਇਨਫੋਰਸਮੈਂਟ ਟੀਮ ਨੇ ਬੁੱਧਵਾਰ ਨੂੰ 13 ਅਣਅਧਿਕਾਰਤ ਇਮਾਰਤਾਂ/ਉਸਾਰੀਆਂ ਨੂੰ ਸੀਲ/ਢਾਹ ਦਿੱਤਾ ਅਤੇ ਤਿੰਨ ਅਣਅਧਿਕਾਰਤ ਕਲੋਨੀਆਂ ਨੂੰ ਉਨ੍ਹਾਂ ਦੀਆਂ ਸੜਕਾਂ ਢਾਹ ਕੇ ਅਤੇ ਇਨ੍ਹਾਂ ਥਾਵਾਂ 'ਤੇ ਗੈਰ-ਕਾਨੂੰਨੀ ਉਸਾਰੀਆਂ ਅਤੇ ਢਾਂਚਿਆਂ ਨੂੰ ਪੂਰਾ ਕਰਕੇ ਢਾਹ ਦਿੱਤਾ। ਜਦੋਂ ਡਿਵੈਲਪਰਾਂ ਨੇ ਨੋਟਿਸ ਦੇਣ ਦੇ ਬਾਵਜੂਦ ਗੈਰ-ਕਾਨੂੰਨੀ ਉਸਾਰੀ ਦਾ ਕੰਮ ਨਹੀਂ ਰੋਕਿਆ, ਤਾਂ ਇੱਕ ਵਿਸ਼ੇਸ਼ ਟੀਮ ਨੇ ਢਾਹੁਣ ਦੀ ਮੁਹਿੰਮ ਚਲਾਈ ਜੋ ਬਿਨਾਂ ਕਿਸੇ ਵਿਰੋਧ ਦੇ ਸਮਾਪਤ ਹੋ ਗਈ। ਸ਼ੁਰੂਆਤੀ ਪੜਾਅ 'ਤੇ ਹੀ ਗੈਰ-ਕਾਨੂੰਨੀ ਕਲੋਨੀਆਂ ਦੀ ਭਰਮਾਰ ਨੂੰ ਰੋਕਣ ਲਈ ਗਲਾਡਾ ਆਉਣ ਵਾਲੇ ਹਫ਼ਤਿਆਂ ਵਿੱਚ ਅਜਿਹੀਆਂ ਹੋਰ ਮੁਹਿੰਮਾਂ ਦੀ ਯੋਜਨਾ ਬਣਾ ਰਿਹਾ ਹੈ। ਮੁੱਖ ਪ੍ਰਸ਼ਾਸਕ, ਗਲਾਡਾ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਣਅਧਿਕਾਰਤ ਕਲੋਨੀਆਂ ਵਿੱਚ ਜਾਇਦਾਦ/ਪਲਾਟ/ਇਮਾਰਤਾਂ ਨਾ ਖਰੀਦਣ ਕਿਉਂਕਿ ਗਲਾਡਾ ਪਾਣੀ ਦੀ ਸਪਲਾਈ, ਸੀਵਰੇਜ, ਬਿਜਲੀ ਕੁਨੈਕਸ਼ਨ ਆਦਿ ਵਰਗੀ ਕੋਈ ਸਹੂਲਤ ਪ੍ਰਦਾਨ ਨਹੀਂ ਕਰੇਗਾ। ਪ੍ਰਵਾਨਿਤ ਅਤੇ ਨਿਯਮਤ ਕਲੋਨੀਆਂ ਦੀ ਸੂਚੀ ਉਨ੍ਹਾਂ ਦੇ ਪ੍ਰਵਾਨਿਤ ਨਕਸ਼ਿਆਂ ਦੇ ਨਾਲ ਗਲਾਡਾ ਦੀ ਅਧਿਕਾਰਤ ਵੈੱਬਸਾਈਟ 'ਤੇ ਉਪਲਬਧ ਹੈ, ਜਿਸਦੀ ਜਾਂਚ ਸੰਭਾਵੀ ਖਰੀਦਦਾਰਾਂ ਦੁਆਰਾ ਕੋਈ ਵੀ ਜਾਇਦਾਦ ਖਰੀਦਣ ਤੋਂ ਪਹਿਲਾਂ ਕੀਤੀ ਜਾ ਸਕਦੀ ਹੈ।

# 'ਮੇਰੀ ਯੋਗਤਾ ਮੇਰੀ ਪਹਿਚਾਣ' ਮੁਹਿੰਮ ਹੁਣ ਪੂਰੇ ਜ਼ਿਲ੍ਹੇ ਵਿੱਚ ਲਾਗੂ ਹੋਵੇਗੀ : ਹਿਮਾਂਸ਼ੂ ਜੈਨ

## ਮੇਰੀ ਯੋਗਤਾ ਮੇਰੀ ਪਹਿਚਾਣ' ਮੁਹਿੰਮ ਤਹਿਤ ਲੁਧਿਆਣਾ ਦੇ ਪਿੰਡ ਮਾਣਕਵਾਲ ਵਿੱਚ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ 11 ਮਹਿਲਾਵਾਂ ਦੇ ਘਰਾਂ ਅੱਗੇ ਲੱਗੀਆਂ ਨੇਮ ਪਲੇਟਾਂ

ਜ਼ਿਕਰ ਪੰਜਾਬ
**ਲੁਧਿਆਣਾ/ਵਾਸੂ ਜੇਤਲੀ**



ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਪਿੰਡ ਮਾਣਕਵਾਲ ਦੇ ਕਮਿਊਨਟੀ ਹਾਲ ਵਿਖੇ 'ਮੇਰੀ ਯੋਗਤਾ ਮੇਰੀ ਪਹਿਚਾਣ' ਤਹਿਤ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ ਮਹਿਲਾਵਾਂ ਦੇ ਘਰਾਂ ਅੱਗੇ ਉਨ੍ਹਾਂ ਦੇ ਨਾਮ ਸਮੇਤ ਪ੍ਰਾਪਤ ਉੱਚ ਯੋਗਤਾ ਲਿਖ ਕੇ ਨੇਮ ਪਲੇਟਾਂ ਲਗਾਉਣ ਲਈ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਵਿੱਚ ਡਿਪਟੀ ਕਮਿਸ਼ਨਰ ਲੁਧਿਆਣਾ ਸ਼੍ਰੀ ਹਿਮਾਂਸ਼ੂ ਜੈਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਸਹਾਇਕ ਕਮਿਸ਼ਨਰ ਡਾ. ਪ੍ਰਗਤੀ ਵਰਮਾ ਅਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਸ਼੍ਰੀ ਗੁਰਮੀਤ ਸਿੰਘ ਵੀ ਮੌਜੂਦ ਸਨ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਦੇਖਿਆ ਜਾਵੇ ਤਾਂ ਪਿਛਲਿਆਂ ਵਰ੍ਹਿਆਂ ਦੌਰਾਨ ਸਾਡੀਆਂ ਬੇਟੀਆਂ ਅਤੇ ਭੈਣਾਂ ਨਾਲ ਵਿਤਕਰਾ ਹੁੰਦਾ ਆਇਆ ਹੈ। ਜਿਆਦਾ ਪਰਿਵਾਰਾਂ ਵਿੱਚ ਬੇਟੀਆਂ ਨੂੰ ਆਪਣੇ ਭਰਾ ਦੇ ਮੁਕਾਬਲੇ ਪੜ੍ਹਾਈ ਕਰਕੇ ਅੱਗੇ ਵਧਣ ਵਿੱਚ ਬਹੁਤ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਇੰਨੀਆਂ ਕਠਿਨਾਈਆਂ ਦਾ ਸਾਹਮਣਾ ਕਰਨ ਦੇ ਬਾਵਜੂਦ ਉੱਚ ਡਿਗਰੀਆਂ ਲੈਣ ਵਿੱਚ ਕਾਮਯਾਬ ਹੁੰਦੀਆਂ ਹਨ ਤਾਂ ਸਾਡਾ ਵੀ ਫਰਜ ਬਣਦਾ ਹੈ ਕਿ ਬੇਟੀਆਂ ਅਤੇ ਭੈਣਾਂ ਨੂੰ ਬਣਦਾ ਸਨਮਾਨ ਦੇਈਏ। ਸੋ ਇਸ ਸਿਲਸਿਲੇ ਵਿੱਚ ਅਸੀਂ ਇਹ ਪ੍ਰੋਗਰਾਮ ਕੀਤਾ ਹੈ। ਹਿਮਾਂਸ਼ੂ ਜੈਨ ਨੇ ਅੱਗੇ ਕਿਹਾ ਕਿ ਇਸ ਪ੍ਰੋਗਰਾਮ ਨੂੰ ਅਸੀਂ ਪੂਰੇ ਜ਼ਿਲ੍ਹਾ ਲੁਧਿਆਣਾ ਵਿੱਚ ਲਾਗੂ ਕਰਾਂਗੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬਾ ਭਰ ਵਿੱਚ ਔਰਤਾਂ ਨੂੰ ਸ਼ਾਸਨ ਅਤੇ ਪ੍ਰਸ਼ਾਸਨ ਵਿੱਚ ਵੱਧ ਤੋਂ ਵੱਧ ਮੌਕੇ ਦੇ ਕੇ ਸਮਰੱਥ ਬਣਾਉਣ ਲਈ ਠੋਸ ਯਤਨ ਕੀਤੇ ਹਨ। ਪਿੰਡ ਮਾਣਕਵਾਲ ਦੇ ਸਰਪੰਚ ਮਨਪ੍ਰੀਤ ਸਿੰਘ ਮਨੂੰ ਅਤੇ ਸਮੁੱਚੀ ਪੰਚਾਇਤ ਨੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਦਾ ਪਿੰਡ ਮਾਣਕਵਾਲ ਪਹੁੰਚਣ ਤੇ ਸਵਾਗਤ ਕੀਤਾ। ਸਰਪੰਚ ਮਨਪ੍ਰੀਤ ਸਿੰਘ ਮਨੂੰ ਨੇ ਕਿਹਾ ਕਿ ਉਨ੍ਹਾਂ ਦੇ ਪਿੰਡ ਦੀਆਂ ਉੱਚ ਯੋਗਤਾ ਹਾਸਲ ਕਰਨ ਵਾਲੀਆਂ ਲੜਕੀਆਂ ਦੇ ਘਰਾਂ ਅੱਗੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਪਲੇਟਾਂ ਲਗਾ ਕੇ ਜੋ ਸਤਿਕਾਰ ਦਿੱਤਾ ਹੈ ਉਸ ਲਈ ਪੰਚਾਇਤ ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਦੀ ਧੰਨਵਾਦੀ ਹੈ। ਉਨ੍ਹਾਂ ਕਿਹਾ ਕਿ ਪਿੰਡ ਦੀਆਂ ਜਿਨ੍ਹਾਂ ਧੀਆਂ ਦੇ ਘਰਾਂ ਅੱਗੇ ਉਨ੍ਹਾਂ ਦੀ ਪ੍ਰਾਪਤ ਉੱਚ ਯੋਗਤਾ ਕਰਕੇ ਨੇਮ ਪਲੇਟ ਲੱਗੀ ਹੈ ਉਨ੍ਹਾਂ ਧੀਆਂ ਕਰਕੇ ਉਨ੍ਹਾਂ ਦੇ ਪਰਿਵਾਰ ਦੇ ਨਾਲ-ਨਾਲ ਪਿੰਡ ਮਾਣਕਵਾਲ ਦਾ ਮਾਣ ਵੀ ਵਧਾਇਆ ਹੈ। ਉਹਨਾਂ ਕਿਹਾ ਕਿ ਪਿੰਡ ਦੀਆਂ ਹੋਰ ਧੀਆਂ ਵੀ ਇਹਨਾਂ ਨੂੰ ਦੇਖ ਕੇ ਉੱਚ ਵਿੱਦਿਆ ਹਾਸਿਲ ਕਰਕੇ ਉਹ ਅਹੁਦੇ ਪ੍ਰਾਪਤ ਕਰਨਗੀਆਂ। ਇਸ ਮੌਕੇ ਸੀ.ਡੀ.ਪੀ.ਓ ਡੇਹਲੋਂ ਨਿਕਿਤਾ ਢੀਂਗਰਾ, ਪਿੰਡ ਮਾਣਕਵਾਲ ਦੇ ਸਰਪੰਚ ਮਨਪ੍ਰੀਤ ਸਿੰਘ ਮਨੂੰ, ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਮੈਂਬਰ ਲਖਵੀਰ ਕੌਰ, ਪੰਚਾਇਤ ਮੈਂਬਰ ਕਰਮਜੀਤ ਕੌਰ, ਪੰਚਾਇਤ ਮੈਂਬਰ ਰਮਨਦੀਪ ਕੌਰ, ਪੰਚਾਇਤ ਮੈਂਬਰ ਰੁਪਿੰਦਰ ਕੌਰ, ਪੰਚਾਇਤ ਮੈਂਬਰ ਪੂਜਾ ਤਨਵਰ, ਪੰਚਾਇਤ ਮੈਂਬਰ ਗੁਰਿੰਦਰ ਸਿੰਘ ਗੁਰੀ, ਪੰਚਾਇਤ ਮੈਂਬਰ ਗੁਰਮੀਤ ਸਿੰਘ, ਯੂਥ ਪ੍ਰਧਾਨ ਦਲਜੀਤ ਸਿੰਘ ਤੋਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਪਿੰਡ ਵਾਸੀ ਹਾਜ਼ਰ ਸਨ। ਅੱਜ ਪਿੰਡ ਮਾਣਕਵਾਲ ਦੇ 'ਮੇਰੀ ਯੋਗਤਾ ਮੇਰੀ ਪਹਿਚਾਣ' ਤਹਿਤ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਉੱਚ ਯੋਗਤਾ ਪ੍ਰਾਪਤ ਕਰਨ ਵਾਲੀਆਂ 11 ਮਹਿਲਾਵਾਂ ਦੇ ਘਰਾਂ ਅੱਗੇ ਉਨ੍ਹਾਂ ਦੇ ਨਾਮ ਸਮੇਤ ਪ੍ਰਾਪਤ ਉੱਚ ਯੋਗਤਾ ਲਿਖ ਕੇ ਨੇਮ ਪਲੇਟਾਂ ਲਗਾਈਆਂ ਗਈਆਂ ਹਨ ਉਨ੍ਹਾਂ ਵਿੱਚ ਪਰਮਿੰਦਰ ਕੌਰ ਪਤਨੀ ਕੁਲਵਿੰਦਰ ਸਿੰਘ, ਮਨਪ੍ਰੀਤ ਕੌਰ ਪਤਨੀ ਉਂਕਾਰ ਸਿੰਘ, ਪਰਮਿੰਦਰ ਕੌਰ ਪਤਨੀ ਸੰਦੀਪ ਸਿੰਘ, ਸੁਖਵੀਰ ਕੌਰ ਪਤਨੀ ਕੁਲਵਿੰਦਰ ਸਿੰਘ, ਮਨਦੀਪ ਕੌਰ ਪਤਨੀ ਜਗਜੀਤ ਸਿੰਘ, ਮਨਪ੍ਰੀਤ ਕੌਰ ਪਤਨੀ ਅਮਨਦੀਪ ਸਿੰਘ, ਕਿਰਨਦੀਪ ਕੌਰ ਪੁੱਤਰੀ ਸੁਰਜੀਤ ਸਿੰਘ, ਸਿਮਰਨਜੀਤ ਕੌਰ ਪੁੱਤਰੀ ਸਮਸ਼ੇਰ ਸਿੰਘ, ਪਲਵਿੰਦਰ ਕੌਰ ਪਤਨੀ ਅਮਨਦੀਪ ਸਿੰਘ, ਰਮਨਦੀਪ ਕੌਰ ਪੁੱਤਰੀ ਹਰੀ ਸਿੰਘ, ਲਖਬੀਰ ਕੌਰ ਪਤਨੀ ਚਰਨਜੀਤ ਸਿੰਘ ਦੇ ਨਾਮ ਸ਼ਾਮਿਲ ਹਨ।

## ਵਿਧਾਇਕ ਗਿਆਸਪੁਰਾ ਦੀ ਦੂਰਅੰਦੇਸ਼ੀ ਸੋਚ ਸਦਕਾ ਪਾਇਲ

# ਹਲਕੇ ਵਿੱਚ ਵਿਕਾਸ ਦੀ ਰਫ਼ਤਾਰ ਤੇਜ਼, ਕਰੋੜਾਂ ਦੇ ਪ੍ਰੋਜੈਕਟ ਮੁਕੰਮਲ ਤੇ ਜਾਰੀ

ਜ਼ਿਕਰ ਪੰਜਾਬ
**ਪਾਇਲ (ਲੁਧਿਆਣਾ) /ਅਸ਼ਵਨੀ ਅਹੂਜਾ**

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਾਇਲ ਹਲਕੇ ਵਿੱਚ ਵਿਕਾਸ ਦੇ ਕੰਮ ਤੇਜ਼ੀ ਨਾਲ ਅੱਗੇ ਵੱਧ ਰਹੇ ਹਨ। ਹੁਣ ਤੱਕ ਹਲਕੇ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਮੁਕੰਮਲ ਹੋ ਚੁੱਕੇ ਹਨ ਜਦਕਿ ਹੋਰ ਕਈ ਪ੍ਰੋਜੈਕਟ ਤੇਜ਼ੀ ਨਾਲ ਚੱਲ ਰਹੇ ਹਨ। ਹਲਕੇ ਵਿੱਚ ਸੜਕਾਂ ਦਾ ਵਿਸਥਾਰ ਕੀਤਾ ਗਿਆ ਹੈ ਅਤੇ ਨਵੀਆਂ ਸੜਕਾਂ ਦਾ ਜਾਲ ਬਿਛਾਇਆ ਗਿਆ ਹੈ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਇਹ ਕਹਿਣਾ ਹੈ ਇੱਥੋਂ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਦਾ। ਇਸੇ ਤਹਿਤ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਹਲਕੇ ਦੇ 8 ਪਿੰਡਾਂ ਵਿੱਚ ਲਗਭਗ 1 ਕਰੋੜ 10 ਲੱਖ ਰੁਪਏ ਦੇ ਵਿਕਾਸ ਕੰਮਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਵਚਨਬੱਧ ਹੋ ਕੇ ਕੰਮ ਕੀਤਾ ਜਾ ਰਿਹਾ ਹੈ। ਪਿੰਡ ਦੁੱਗਰੀ ਵਿੱਚ ਸੀਵਰੇਜ ਪਾਈਪ ਲਾਈਨ ਦਾ ਕੰਮ ਮੁਕੰਮਲ ਹੋਣ ਉਪਰੰਤ ਉਦਘਾਟਨ ਕੀਤਾ ਗਿਆ, ਜਿਸ ਨਾਲ ਸਫਾਈ ਪ੍ਰਬੰਧ ਹੋਰ ਸੁਧਰੇਗਾ। ਪਿੰਡ ਭੱਠਲ ਵਿੱਚ ਸ਼ੈੱਡ ਅਤੇ ਸਟੇਡੀਅਮ ਵਾਲੀ ਗਲੀ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਬਰਮਾਲੀਪੁਰ ਵਿੱਚ ਗਲੀ ਅਤੇ ਸੀਵਰੇਜ ਦੇ ਕੰਮ ਮੁਕੰਮਲ ਕਰਕੇ ਲੋਕਾਂ ਨੂੰ ਸਮਰਪਿਤ ਕੀਤੇ ਗਏ। ਪਿੰਡ ਮਾਜਰੀ ਅਤੇ ਚੀਮਾ ਵਿੱਚ ਪਾਰਕਾਂ ਦੀ ਉਸਾਰੀ ਲਈ ਨੀਂਹ ਪੱਥਰ ਰੱਖੇ ਗਏ, ਜੋ ਨੌਜਵਾਨਾਂ ਅਤੇ ਬੱਚਿਆਂ ਲਈ ਲਾਭਦਾਇਕ ਸਾਬਤ ਹੋਣਗੇ। ਧਮੋਟ ਕਲਾਂ ਵਿੱਚ ਆਂਗਨਵਾੜੀ ਸੈਂਟਰ ਦੀ ਨਵੀਂ ਇਮਾਰਤ ਦਾ ਉਦਘਾਟਨ ਕੀਤਾ ਗਿਆ, ਜਿਸ ਨਾਲ ਬੱਚਿਆਂ ਅਤੇ ਮਹਿਲਾਵਾਂ ਨੂੰ ਵਧੀਆ ਸਹੂਲਤਾਂ ਮਿਲਣਗੀਆਂ। ਇਸਤੋਂ ਇਲਾਵਾ ਭਾਡੇਵਾਲ ਅਤੇ ਜਰਗੜੀ ਵਿੱਚ ਗਲੀਆਂ ਦਾ ਨਿਰਮਾਣ ਕਰਵਾਇਆ ਗਿਆ, ਜਿਸ ਨਾਲ ਪਿੰਡਾਂ ਦੀ ਬੁਨਿਆਦੀ ਢਾਂਚਾਗਤ ਸਹੂਲਤਾਂ ਵਿੱਚ ਵੱਡਾ ਸੁਧਾਰ ਆਇਆ ਹੈ। ਵਿਧਾਇਕ ਗਿਆਸਪੁਰਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਸੋਚ ਦੇ ਤਹਿਤ ਪਿੰਡਾਂ ਅਤੇ ਸ਼ਹਿਰਾਂ ਦਾ ਸਮਾਨ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਪ੍ਰੋਜੈਕਟ ਲਿਆਂਦੇ ਜਾਣਗੇ, ਤਾਂ ਜੋ ਲੋਕਾਂ ਨੂੰ ਹਰ ਪੱਖੋਂ ਸਹੂਲਤਾਂ ਮਿਲ ਸਕਣ। ਸਥਾਨਕ ਲੋਕਾਂ ਨੇ ਵੀ ਸਰਕਾਰ ਅਤੇ ਵਿਧਾਇਕ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲਾਕੇ ਵਿੱਚ ਪਹਿਲਾਂ ਕਦੇ ਵੀ ਇਸ ਤਰ੍ਹਾਂ ਦਾ ਤੇਜ਼ ਵਿਕਾਸ ਨਹੀਂ ਦੇਖਿਆ ਗਿਆ।

**ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸੋਚ ਦੇ ਤਹਿਤ ਪਿੰਡਾਂ ਅਤੇ ਸ਼ਹਿਰਾਂ ਦਾ ਸਮਾਨ ਵਿਕਾਸ ਕੀਤਾ ਜਾ ਰਿਹੈ**

# ਚੇਅਰਮੈਨ ਪੰਜਾਬ ਰਾਜ ਖੁਰਾਕ ਕਮਿਸ਼ਨ ਨੇ ਸਕੂਲਾਂ 'ਚ ਫਲਦਾਰ, ਹਰਬਲ ਤੇ ਸਬਜ਼ੀਆਂ ਦੇ ਗਾਰਡਨ ਬਣਾਉਣ 'ਤੇ ਦਿੱਤਾ ਜ਼ੋਰ

ਜ਼ਿਕਰ ਪੰਜਾਬ
**ਜਲੰਧਰ/ਬਲਵਿੰਦਰ ਕੁਮਾਰ**



ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਅੱਜ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਕੂਲਾਂ ਵਿੱਚ ਫਲਦਾਰ, ਹਰਬਲ ਅਤੇ ਸਬਜ਼ੀਆਂ ਦੇ ਗਾਰਡਨ ਬਣਾਉਣ 'ਤੇ ਜ਼ੋਰ ਦਿੱਤਾ ਤਾਂ ਜੋ ਵਿਦਿਆਰਥੀਆਂ ਨੂੰ ਖਾਣ ਲਈ ਪੌਸ਼ਟਿਕ ਖੁਰਾਕ ਮੁਹੱਈਆ ਹੋ ਸਕੇ। ਇਥੇ ਸਰਕਟ ਹਾਊਸ ਵਿਖੇ ਖੁਰਾਕ ਤੇ ਸਿਵਲ ਸਪਲਾਈਜ਼, ਸਿੱਖਿਆ, ਬਾਗਬਾਨੀ, ਖੇਤੀਬਾੜੀ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਸਕੂਲਾਂ ਦੇ ਕਿਚਨ ਗਾਰਡਨਾਂ ਵਿੱਚ ਰਸਾਇਣਿਕ ਖਾਦਾਂ ਦੀ ਬਜਾਏ ਜੈਵਿਕ ਖਾਦ ਵਰਤਣ ਦੇ ਨਿਰਦੇਸ਼ ਦਿੱਤੇ ਤਾਂ ਜੋ ਬੱਚਿਆਂ ਨੂੰ ਗੁਣਵੱਤਾ ਭਰਪੂਰ ਫਲ ਤੇ ਸਬਜ਼ੀਆਂ ਮਿਲ ਸਕਣ। ਉਨ੍ਹਾਂ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮਿੱਡ-ਡੇ ਮੀਲ ਕੁੱਕ ਵਰਕਰਾਂ ਨੂੰ ਸਿਖ਼ਲਾਈ ਦੇਣ ਲਈ ਸਲਾਨਾ ਕੈਲੰਡਰ ਬਣਾਇਆ ਜਾਵੇ ਤਾਂ ਜੋ ਉਨ੍ਹਾਂ ਨੂੰ ਖਾਣੇ ਨਾਲ ਸਬੰਧਤ ਜ਼ਰੂਰੀ ਹਦਾਇਤਾਂ ਬਾਰੇ ਜਾਗਰੂਕ ਕੀਤਾ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਬਾਗਬਾਨੀ ਵਿਭਾਗ ਦੇ ਅਧਿਕਾਰੀਆਂ ਨੂੰ ਸਕੂਲਾਂ ਵਿੱਚ ਜਾ ਕੇ ਕਿਚਨ ਗਾਰਡਨ ਸਬੰਧੀ ਸਬੰਧਤਾਂ ਨੂੰ ਲੋੜੀਂਦੀ ਸਿਖ਼ਲਾਈ ਦੇਣ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੇ ਜਾਣੂ ਕਰਵਾਇਆ ਕਿ ਜ਼ਿਲ੍ਹੇ ਦੇ 1025 ਸਰਕਾਰੀ ਸਕੂਲਾਂ ਵਿੱਚ ਕਿਚਨ ਗਾਰਡਨ ਚੱਲ ਰਹੇ ਹਨ। ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਜ਼ਿਲ੍ਹੇ ਵਿੱਚ 'ਮੇਰੀ ਰਸੋਈ' ਯੋਜਨਾ ਸਬੰਧੀ ਚੱਲ ਰਹੀ ਪ੍ਰਕਿਰਿਆ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੇ 40 ਲੱਖ ਨੀਲਾ ਕਾਰਡ ਧਾਰਕਾਂ ਨੂੰ ਆਉਣ ਵਾਲੇ ਦਿਨਾਂ ਵਿੱਚ ਕਣਕ ਦੇ ਨਾਲ-ਨਾਲ ਤਿਮਾਹੀ ਰਾਸ਼ਨ ਵੀ ਮੁਹੱਈਆ ਕਰਵਾਇਆ ਜਾਵੇਗਾ, ਜਿਸ ਵਿੱਚ ਦੋ ਕਿੱਲੋ ਮਾਹ ਛੋਲਿਆਂ ਦੀ ਦਾਲ, ਦੋ ਕਿਲੋ ਚੀਨੀ, ਇਕ ਕਿਲੋ ਨਮਕ, ਇਕ ਕਿਲੋ ਸਰ੍ਹੋਂ ਦਾ ਤੇਲ ਅਤੇ 200 ਗ੍ਰਾਮ ਹਲਦੀ ਸ਼ਾਮਲ ਹੋਵੇਗੀ। ਇਸ ਮੌਕੇ ਉਨ੍ਹਾਂ ਡਿਪੂਆਂ ਵੱਲੋਂ ਕੀਤੀ ਜਾਂਦੀ ਕਣਕ ਦੀ ਵੰਡ ਦਾ ਵੀ ਜਾਇਜ਼ਾ ਲਿਆ। ਡੀ.ਐਫ.ਐਸ.ਸੀ. ਨਰਿੰਦਰ ਸਿੰਘ ਨੇ ਜਾਣੂ ਕਰਵਾਇਆ ਕਿ ਜ਼ਿਲ੍ਹੇ ਵਿੱਚ 2 ਲੱਖ 70 ਹਜ਼ਾਰ ਕਾਰਡ ਧਾਰਕ ਅਤੇ 10 ਲੱਖ 20 ਹਜ਼ਾਰ ਮੈਂਬਰ ਹਨ। ਉਨ੍ਹਾਂ ਦੱਸਿਆ ਕਿ ਜਨਵਰੀ 2026 ਤੋਂ ਮਾਰਚ 2026 ਦੇ ਸਰਕਲ ਤਹਿਤ 90 ਫੀਸਦੀ ਲਾਭਪਾਤਰੀਆਂ ਨੂੰ ਕਣਕ ਦੀ ਵੰਡ ਕੀਤੀ ਜਾ ਚੁੱਕੀ ਹੈ। ਚੇਅਰਮੈਨ ਨੇ ਮੀਟਿੰਗ ਦੌਰਾਨ ਮਿਡ-ਡੇਅ ਮੀਲ ਦੀ ਗੁਣਵੱਤਾ, ਰਸੋਈਆਂ ਦੀ ਸਫਾਈ, ਖਾਣ-ਪੀਣ ਦੀਆਂ ਵਸਤੂਆਂ ਦੀ ਸੁਰੱਖਿਅਤ ਸਟੋਰੇਜ 'ਤੇ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਇਸ ਮੌਕੇ ਮਿਡ-ਡੇ ਮੀਲ ਲਈ ਸਕੂਲਾਂ ਨੂੰ ਸਮੇਂ ਸਿਰ ਕਣਕ ਮੁਹੱਈਆ ਕਰਵਾਉਣ ਦੇ ਨਿਰਦੇਸ਼ ਵੀ ਦਿੱਤੇ। ਮੀਟਿੰਗ ਵਿੱਚ ਡਿਪਟੀ ਡਾਇਰੈਕਟਰ ਬਾਗਬਾਨੀ ਨਰਿੰਦਰਪਾਲ ਸਿੰਘ ਕਲਸੀ, ਮੁੱਖ ਖੇਤੀਬਾੜੀ ਅਫ਼ਸਰ ਜਸਵਿੰਦਰ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਮਨਜਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਿੰਦਰਜੀਤ ਕੌਰ, ਡੀ.ਐਮ. ਮਾਰਕਫੈੱਡ ਇੰਦਰਜੀਤ ਸਿੰਘ, ਡੀ.ਐਮ. ਪਨਸਪ ਗੁਰਵਿੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੀਵ ਜੋਸ਼ੀ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀ.) ਮਨੀਸ਼ ਕੁਮਾਰ ਤੇ ਸਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

# ਅਸੀਂ 13 ਅਪ੍ਰੈਲ ਨੂੰ 'ਬੇਅਦਬੀ' ਕਾਨੂੰਨ ਵਿੱਚ ਸੋਧ ਕਰਾਂਗੇ; ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ 10 ਸਾਲ ਤੋਂ ਲੈ ਕੇ ਉਮਰ ਕੈਦ ਤੱਕ ਦੀ ਸਜ਼ਾ ਹੋਵੇਗੀ: ਭਗਵੰਤ ਸਿੰਘ ਮਾਨ

## ਭਗਵੰਤ ਮਾਨ ਸਰਕਾਰ 'ਬੇਅਦਬੀ' 'ਤੇ ਸਖ਼ਤ ਕਾਨੂੰਨ ਬਣਾਏਗੀ, ਵਿਸਾਖੀ ਵਾਲੇ ਦਿਨ ਹੋਵੇਗਾ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ

ਜ਼ਿਕਰ ਪੰਜਾਬ

**ਫਤਿਹਗੜ੍ਹ ਸਾਹਿਬ/ਬਿਊਰੋ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਪਿਛਲੀਆਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਲੈ ਕੇ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਕਾਨੂੰਨਾਂ ਨੂੰ ਸਖ਼ਤ ਬਣਾ ਕੇ ਅਤੇ ਸਖ਼ਤ ਸਜ਼ਾਵਾਂ ਲਾਗੂ ਕਰਕੇ ਇਸ ਸਬੰਧੀ ਇਨਸਾਫ਼ ਯਕੀਨੀ ਬਣਾਉਣ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ। ਫਤਹਿਗੜ੍ਹ ਸਾਹਿਬ ਵਿੱਚ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਵੱਡੇ-ਵੱਡੇ ਦਾਅਵੇ ਕਰਦਾ ਹੈ ਕਿ ਸਭ ਕੁਝ ਉਨ੍ਹਾਂ ਦਾ ਬਣਾਇਆ ਹੋਇਆ ਹੈ, ਪਰ ਉਹ ਕੋਟਕਪੂਰਾ, ਬਹਿਬਲ ਕਲਾਂ ਅਤੇ ਹੋਰ ਥਾਵਾਂ 'ਤੇ ਅੱਖਾਂ ਬੰਦ ਕਰ ਲੈਂਦੇ ਹਨ, ਜਿੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਸੀ ਅਤੇ ਨਿਰਦੋਸ਼ ਲੋਕ ਮਾਰੇ ਗਏ ਸਨ, ਜੋ ਸਭ ਅਕਾਲੀਆਂ ਦੇ ਕਾਰਜਕਾਲ ਦੌਰਾਨ ਹੋਇਆ। ਉਨ੍ਹਾਂ ਅੱਗੇ ਕਿਹਾ ਕਿ ਅਕਾਲੀ ਸ਼ਾਇਦ ਇਨ੍ਹਾਂ 'ਬੇਅਦਬੀ' ਦੀਆਂ ਘਟਨਾਵਾਂ ਨੂੰ ਭੁੱਲ ਗਏ ਹਨ ਅਤੇ ਮੰਨਦੇ ਹਨ ਕਿ ਲੋਕ ਵੀ ਸਭ ਭੁੱਲ ਜਾਣਗੇ, ਪਰ ਲੋਕ ਕੁਝ ਵੀ ਭੁੱਲਣ ਵਾਲੇ ਨਹੀਂ ਕਿ ਇਨ੍ਹਾਂ ਘਟਨਾਵਾਂ ਵਿੱਚ ਉਨ੍ਹਾਂ ਦਾ ਹੀ ਪਰਿਵਾਰ ਸ਼ਾਮਲ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਅਸੀਂ ਸਭ ਠੀਕ ਕਰਾਂਗੇ ਅਤੇ ਇਸ ਸਬੰਧੀ ਕਾਨੂੰਨ ਨੂੰ ਸਖ਼ਤ ਕਰਨ ਲਈ ਅਸੀਂ ਆਲਾ ਦਰਜੇ ਦੇ ਕਾਨੂੰਨੀ ਮਾਹਿਰਾਂ ਨਾਲ ਸਲਾਹ ਕਰ ਰਹੇ ਹਾਂ। ਵਿਸਾਖੀ ਮੌਕੇ ਅਸੀਂ ਜਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਵਿਚ ਸੋਧ ਕਰਨ ਲਈ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਇਆ ਹੈ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਬੇਅਦਬੀ ਕਰਨ ਵਾਲੇ ਕਿਸੇ ਵੀ ਸ਼ਖ਼ਸ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਦਾ ਸਾਹਮਣਾ ਕਰਨਾ ਪਵੇਗਾ, ਜਿਸ ਲਈ ਘੱਟੋ-ਘੱਟ 10 ਸਾਲ ਅਤੇ ਉਮਰ ਕੈਦ ਤੱਕ ਦੀ ਸਜ਼ਾ ਦਾ ਪ੍ਰਬੰਧ ਕੀਤਾ ਜਾਵੇਗਾ। ਇਸ ਨਾਲ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਨਿਰਾਦਰ ਕਰਨ ਦੀ ਹਿੰਮਤ ਨਹੀਂ ਕਰ ਸਕੇਗਾ। ਅਸੀਂ ਸੰਤ ਸਮਾਜ ਨਾਲ ਵੀ ਸਲਾਹ-ਮਸ਼ਵਰਾ ਕਰ ਰਹੇ ਹਾਂ। ਇਹ ਕੁਝ ਅਜਿਹਾ ਹੈ ਜੋ ਸਿਰਫ਼ ਅਸੀਂ ਹੀ ਕਰ ਸਕਦੇ ਹਾਂ ਅਤੇ ਕਰ ਰਹੇ ਹਾਂ ਕਿਉਂਕਿ ਲੋਕ ਕਿਸੇ ਹੋਰ ਸਰਕਾਰ ਤੋਂ ਹੁਣ ਕੋਈ ਉਮੀਦ ਵੀ ਨਹੀਂ ਰੱਖਦੇ।



# ਚੰਡੀਗੜ੍ਹ 'ਚ ਅੰਤਰਰਾਸ਼ਟਰੀ ਯੁਵਾ ਸੰਮੇਲਨ ਸਫਲਤਾਪੂਰਵਕ ਆਯੋਜਿਤ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਯੁਗਾਂਤਾ ਗਲੋਬਲ ਯੂਥ ਫੈਡਰੇਸਨ, ਇੰਡੀਆ ਦੁਆਰਾ ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ, ਸੈਕਟਰ 42, ਚੰਡੀਗੜ੍ਹ ਦੇ ਸਹਿਯੋਗ ਨਾਲ ਅੰਤਰਰਾਸਟਰੀ ਯੁਵਾ ਸੰਮੇਲਨ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦਾ ਉਦੇਸ ਨੌਜਵਾਨਾਂ ਨੂੰ ਵਿਸਵਵਿਆਪੀ ਮੌਕਿਆਂ ਨਾਲ ਜੋੜਨਾ ਅਤੇ ਅੰਤਰਰਾਸਟਰੀ ਸਮੂਲੀਅਤ ਨੂੰ ਉਤਸਾਹਿਤ ਕਰਨਾ ਸੀ।ਸ੍ਰੀਮਤੀ ਅਨਾਸਤਾਸੀਆ ਇਲਯੂਸੀਨਾ, ਮੁੱਖ ਕੋਆਰਡੀਨੇਟਰ (ਯੁਵਾ ਮਾਮਲੇ), ਰਸੀਅਨ ਹਾਊਸ, ਨਵੀਂ ਦਿੱਲੀ, ਇਸ ਸਮਾਗਮ ਵਿੱਚ ਮੁੱਖ ਮਹਿਮਾਨ ਸਨ। ਆਪਣੇ ਸੰਬੋਧਨ ਵਿੱਚ, ਉਸਨੇ ਨੌਜਵਾਨਾਂ ਨੂੰ ਅੰਤਰਰਾਸਟਰੀ ਸਿੱਖਿਆ, ਸੱਭਿਆਚਾਰਕ ਆਦਾਨ-ਪ੍ਰਦਾਨ ਅਤੇ ਰੂਸ ਵਿੱਚ ਉਪਲਬਧ ਕਰੀਅਰ ਦੇ ਮੌਕਿਆਂ ਨੂੰ ਅਪਣਾਉਣ ਲਈ ਉਤਸਾਹਿਤ ਕੀਤਾ, ਖਾਸ ਕਰਕੇ ਰੂਸ ਵਿੱਚ। ਇਹ ਸਮਾਗਮ ਡਾ. ਨੇਮੀ ਚੰਦ, ਸਟੇਟ ਲਾਈਜਨ ਅਫਸਰ, ਨੈਸਨਲ ਸਰਵਿਸ ਸਕੀਮ (ਐਨਐਸਐਸ), ਉੱਚ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸਾਸਨ, ਅਤੇ ਸ੍ਰੀ ਵਿਨੇ ਕੁਮਾਰ, ਜ਼ਿਲ੍ਹਾ ਯੁਵਾ ਅਧਿਕਾਰੀ, ਐਮਵਾਈ ਇੰਡੀਆ ਸੈਂਟਰ, ਚੰਡੀਗੜ੍ਹ, ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਉਨ੍ਹਾਂ ਦੇ ਸਮਰਥਨ ਨੇ ਸਮਾਗਮ ਨੂੰ ਸਫਲ ਅਤੇ ਪ੍ਰਭਾਵਸਾਲੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਸੰਮੇਲਨ ਦੀ ਇੱਕ ਮਹੱਤਵਪੂਰਨ ਪ੍ਰਾਪਤੀ ਯੁਗਾਂਤਾ ਗਲੋਬਲ ਯੂਥ ਫੈਡਰੇਸਨ ਅਤੇ ਪੋਸਟ ਗ੍ਰੈਜੂਏਟ ਸਰਕਾਰੀ ਕਾਲਜ ਫਾਰ ਗਰਲਜ, ਚੰਡੀਗੜ੍ਹ ਵਿਚਕਾਰ ਇੱਕ ਸਮਝੌਤਾ ਪੱਤਰ (ਐਮਓਯੂ) 'ਤੇ ਹਸਤਾਖਰ ਕਰਨਾ ਸੀ। ਇਸ ਸਮਝੌਤੇ ਦੇ ਤਹਿਤ, ਦੋਵੇਂ ਸੰਸਥਾਵਾਂ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਵਿਕਸਤ ਕਰਨ ਅਤੇ ਸਸਕਤ ਬਣਾਉਣ, ਉਨ੍ਹਾਂ ਨੂੰ ਨਵੇਂ ਮੌਕੇ ਪ੍ਰਦਾਨ ਕਰਨ, ਅਤੇ ਅੰਤਰਰਾਸਟਰੀ ਐਕਸਪੋਜਰ, ਲੀਡਰਸ਼ਿਪ ਅਤੇ ਹੁਨਰ ਵਿਕਾਸ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਲਈ ਮਿਲ ਕੇ ਕੰਮ ਕਰਨਗੀਆਂ। ਇਸ ਸਮਾਗਮ ਨੂੰ ਸੰਸਥਾ ਦੇ ਪ੍ਰਿੰਸੀਪਲ, ਪ੍ਰੋ. (ਡਾ.) ਬੀਨੂ ਡੋਗਰਾ ਦਾ ਪੂਰਾ ਸਮਰਥਨ ਪ੍ਰਾਪਤ ਹੋਇਆ, ਜਿਨ੍ਹਾਂ ਦੇ ਮਾਰਗਦਰਸਨ ਨੇ ਇਸ ਸਮਾਗਮ ਦੇ ਸਫਲ ਆਯੋਜਨ ਨੂੰ ਯਕੀਨੀ ਬਣਾਇਆ। 200 ਤੋਂ ਵੱਧ ਐਨਐਸਐਸ ਅਤੇ ਮਾਈ ਭਾਰਤ ਵਲੰਟੀਅਰਾਂ ਅਤੇ ਚੰਡੀਗੜ੍ਹ ਦੇ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਸੰਮੇਲਨ ਨੇ ਭਾਗੀਦਾਰਾਂ ਨੂੰ ਅੰਤਰਰਾਸਟਰੀ ਸਿੱਖਿਆ, ਐਕਸਚੇਂਜ ਪ੍ਰੋਗਰਾਮਾਂ ਅਤੇ ਗਲੋਬਲ ਕਰੀਅਰ ਦੇ ਮੌਕਿਆਂ ਬਾਰੇ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ, ਜਿਸ ਨਾਲ ਭਾਰਤ-ਰੂਸ ਯੁਵਾ ਸਬੰਧਾਂ ਨੂੰ ਹੋਰ ਮਜਬੂਤੀ ਮਿਲੀ। ਇਸ ਮੌਕੇ 'ਤੇ ਬੋਲਦੇ ਹੋਏ, ਯੁਗਾਂਤਾ ਗਲੋਬਲ ਯੂਥ ਫੈਡਰੇਸਨ ਦੇ ਡਾਇਰੈਕਟਰ ਰੋਹਿਤ ਕੁਮਾਰ ਨੇ ਕਿਹਾ, "ਸਾਡਾ ਉਦੇਸ ਨੌਜਵਾਨਾਂ ਨੂੰ ਵਿਸਵਵਿਆਪੀ ਮੌਕਿਆਂ ਨਾਲ ਜੋੜਨਾ ਅਤੇ ਅਜਿਹੇ ਪਲੇਟਫਾਰਮ ਬਣਾਉਣਾ ਹੈ ਜਿੱਥੇ ਉਨ੍ਹਾਂ ਦੀ ਸਮਰੱਥਾ ਨੂੰ ਉਜਾਗਰ ਕੀਤਾ ਜਾ ਸਕੇ। ਇਹ ਸੰਮੇਲਨ ਸਿਰਫ ਇੱਕ ਸਮਾਗਮ ਨਹੀਂ ਹੈ, ਸਗੋਂ ਇੱਕ ਪਹਿਲ ਹੈ ਜੋ ਨੌਜਵਾਨਾਂ ਨੂੰ ਆਤਮਵਿਸਵਾਸੀ, ਜਾਗਰੂਕ ਅਤੇ ਭਵਿੱਖ ਲਈ ਤਿਆਰ ਵਿਸਵ ਨਾਗਰਿਕ ਬਣਨ ਲਈ ਪ੍ਰੇਰਿਤ ਕਰਦਾ ਹੈ।" ਪ੍ਰਿੰਸੀਪਲ ਪ੍ਰੋ. (ਡਾ.) ਬੀਨੂ ਡੋਗਰਾ ਨੇ ਵੀ ਇਸ ਪਹਿਲਕਦਮੀ ਦੀ ਪ੍ਰਸੰਸਾ ਕਰਦੇ ਹੋਏ ਕਿਹਾ, "ਅਜਿਹੇ ਸਹਿਯੋਗ ਸਾਡੇ ਵਿਦਿਆਰਥੀਆਂ ਲਈ ਨਵੇਂ ਮੌਕਿਆਂ ਦੇ ਦਰਵਾਜੇ ਖੋਲ੍ਹਦੇ ਹਨ। ਇਸ ਪਲੇਟਫਾਰਮ ਨੇ ਉਨ੍ਹਾਂ ਨੂੰ ਅੰਤਰਰਾਸਟਰੀ ਪੱਧਰ 'ਤੇ ਸੋਚਣ ਅਤੇ ਤਰੱਕੀ ਕਰਨ ਲਈ ਪ੍ਰੇਰਿਤ ਕੀਤਾ ਹੈ। ਅਸੀਂ ਭਵਿੱਖ ਵਿੱਚ ਅਜਿਹੇ ਯਤਨਾਂ ਦਾ ਸਮਰਥਨ ਕਰਦੇ ਰਹਾਂਗੇ।"



# ਗੈਂਗਸਟਰਵਾਦ ਦੇ ਖਿਲਾ.ਫ ਮਾਨ ਸਰਕਾਰ ਦੀ ਮੁਹਿੰਮ ਨੂੰ ਮਿਲ ਰਿਹਾ ਜਨਤਾ ਦਾ ਭਾਰੀ ਸਮਰਥਨ : ਬਲਤੇਜ ਪੰਨੂ

ਜ਼ਿਕਰ ਪੰਜਾਬ

**ਚੰਡੀਗੜ੍ਹ/ਬਿਊਰੋ**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਗੈਂਗਸਟਰਾਂ ਦੇ ਸਫ਼ਾਏ ਲਈ ਸ਼ੁਰੂ ਕੀਤੀ ਗਈ ਮੁਹਿੰਮ ਨੂੰ ਜਨਤਾ ਦਾ ਬੇਮਿਸਾਲ ਸਮਰਥਨ ਮਿਲ ਰਿਹਾ ਹੈ। ਪੰਨੂ ਨੇ ਦੱਸਿਆ ਕਿ ਗੈਂਗਸਟਰਾਂ ਖ਼?ਲਾਫ਼ ਜਾਰੀ ਕੀਤੇ ਗਏ ਵਿਸ਼ੇਸ਼ ਹੈਲਪਲਾਈਨ ਨੰਬਰ 'ਤੇ ਪੰਜਾਬ ਦੇ ਲੋਕਾਂ ਨੇ ਵੱਡੀ ਗਿਣਤੀ ਵਿੱਚ ਅੱਗੇ ਆ ਕੇ ਪੁਲਿਸ ਦੀ ਮਦਦ ਕੀਤੀ ਹੈ, ਜੋ ਇਸ ਗੱਲ ਦਾ ਸਬੂਤ ਹੈ ਕਿ ਹੁਣ ਸੂਬੇ ਵਿੱਚ ਅਪਰਾਧੀਆਂ ਲਈ ਕੋਈ ਥਾਂ ਨਹੀਂ ਬਚੀ ਹੈ। ਬਲਤੇਜ ਪੰਨੂ ਨੇ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਇਸ ਹੈਲਪਲਾਈਨ 'ਤੇ ਹੁਣ ਤੱਕ ਲਗਭਗ 590 ਲੋਕਾਂ ਨੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਦੀ ਪਹਿਲ ਸ਼ਿਕਾਇਤਕਰਤਾ ਦੀ ਸੁਰੱਖਿਆ ਹੈ, ਇਸ ਲਈ ਸੂਚਨਾ ਦੇਣ ਵਾਲੇ ਹਰ ਵਿਅਕਤੀ ਦਾ ਨਾਮ ਪੂਰੀ ਤਰ੍ਹਾਂ ਗੁਪਤ ਰੱਖਿਆ ਜਾ ਰਿਹਾ ਹੈ। ਪ੍ਰਾਪਤ ਸ਼ਿਕਾਇਤਾਂ ਵਿੱਚੋਂ 83 ਸ਼ਿਕਾਇਤਾਂ ਨਸ਼ਾ ਤਸਕਰੀ ਵਿਰੁੱਧ, 35



ਜ਼ਬਰਨ ਵਸੂਲੀ (ਫਿਰੌਤੀ), 43 ਗੈਂਗਸਟਰਾਂ ਨਾਲ ਸਬੰਧਤ ਅਤੇ 86 ਗੈਰ-ਕਾਨੂੰਨੀ ਹਥਿਆਰਾਂ ਵਿਰੁੱਧ ਦਰਜ ਕੀਤੀਆਂ ਗਈਆਂ ਹਨ। ਇਨ੍ਹਾਂ ਸ਼ਿਕਾਇਤਾਂ ਦੇ ਆਧਾਰ 'ਤੇ ਤੁਰੰਤ ਕਾਰਵਾਈ ਕਰਦਿਆਂ ਹੁਣ ਤੱਕ 63 ਗੰਭੀਰ ਮਾਮਲਿਆਂ ਵਿੱਚ ਐਫਆਈਆਰ ਦਰਜ ਕੀਤੀ ਜਾ ਚੁੱਕੀ ਹੈ। ਪੰਨੂ ਨੇ ਅੱਗੇ ਕਿਹਾ ਕਿ ਦਰਜ ਕੀਤੀਆਂ ਗਈਆਂ ਇਨ੍ਹਾਂ ਐਫਆਈਆਰਜ਼ ਵਿੱਚ ਵੱਖ-ਵੱਖ ਗੈਂਗਸਟਰਾਂ ਅਤੇ ਉਨ੍ਹਾਂ ਦੇ ਗੁਰਗਿਆਂ ਨੂੰ ਨਾਮਜ਼ਦ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਦੇ ਨੈੱਟਵਰਕ ਦੀ ਕਮਰ ਟੁੱਟ ਗਈ ਹੈ। ਉਨ੍ਹਾਂ ਕਿਹਾ ਕਿ ਇੰਨੀ ਵੱਡੀ ਗਿਣਤੀ ਵਿੱਚ ਲੋਕਾਂ ਦਾ ਨਿਡਰ ਹੋ ਕੇ ਸ਼ਿਕਾਇਤ ਦਰਜ ਕਰਵਾਉਣਾ ਇਹ ਦਰਸਾਉਂਦਾ ਹੈ ਕਿ ਪੰਜਾਬ ਦੀ ਜਨਤਾ ਨੂੰ 'ਐਂਟੀ-ਗੈਂਗਸਟਰ ਟਾਸਕ ਫੋਰਸ' ਅਤੇ ਮਾਨ ਸਰਕਾਰ ਦੀ ਨੀਅਤ 'ਤੇ ਪੂਰਾ ਭਰੋਸਾ ਹੈ।

ਕਈ ਹੋਰ ਸ਼ਿਕਾਇਤਾਂ 'ਤੇ ਅਜੇ ਡੂੰਘਾਈ ਨਾਲ ਜਾਂਚ ਚੱਲ ਰਹੀ ਹੈ, ਜਿਨ੍ਹਾਂ 'ਤੇ ਜਲਦੀ ਹੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਬਲਤੇਜ ਪੰਨੂ ਨੇ ਕਿਹਾ ਕਿ ਜਨਤਾ ਦੇ ਇਸੇ ਅਟੁੱਟ ਵਿਸ਼ਵਾਸ ਕਾਰਨ ਹੀ ਅੱਜ ਏਜੀਟੀਐਫ ਨੂੰ ਗੈਂਗਸਟਰਵਾਦ ਵਿਰੁੱਧ ਜੰਗ ਵਿੱਚ ਇੰਨੀ ਵੱਡੀ ਸਫਲਤਾ ਹਾਸਲ ਹੋ ਰਹੀ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਸੂਬੇ ਨੂੰ ਅਪਰਾਧ ਮੁਕਤ ਅਤੇ ਸੁਰੱਖਿਅਤ ਬਣਾਉਣ ਦੀ ਇਹ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ ਜਦੋਂ ਤੱਕ ਪੰਜਾਬ ਵਿੱਚੋਂ ਗੈਂਗਸਟਰਵਾਦ ਦਾ ਸਫ਼ਾਇਆ ਨਹੀਂ ਹੋ ਜਾਂਦਾ।

# ਆਪ ਸਰਕਾਰ ਪੰਜਾਬ ਵਿਚ ਅਕਾਲੀ ਦਲ ਵੱਲੋਂ ਸ਼ੁਰੂ ਕੀਤੀਆਂ ਸਕੀਮਾਂ ਬਾਰੇ ਝੂਠ ਬੋਲ ਕੇ ਗੁਜਰਾਤ ਦੇ ਲੋਕਾਂ ਨੂੰ ਧੋਖਾ ਦੇਣ ਲਈ ਯਤਨਸ਼ੀਲ : ਬਾਦਲ

ਜ਼ਿਕਰ ਪੰਜਾਬ

**ਗੁਰਦਾਸਪੁਰ/ਬਿਊਰੋ**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਪੰਜਾਬ ਵਿਚ ਅਕਾਲੀ ਦਲ ਦੀਆਂ ਸਰਕਾਰਾਂ ਵੱਲੋਂ ਸ਼ੁਰੂ ਕੀਤੀਆਂ ਸਕੀਮਾਂ ਨੂੰ ਆਪਣੀਆਂ ਸਕੀਮਾਂ ਦੱਸ ਕੇ ਗੁਜਰਾਤ ਵਿਚ ਚੋਣ ਪ੍ਰਚਾਰ ਦੌਰਾਨ ਦੇ ਲੋਕਾਂ ਨਾਲ ਧੋਖਾ ਕਰਨ ਦਾ ਯਤਨ ਕਰ ਰਹੀ ਹੈ। ਇਥੇ ਪਾਰਟੀ ਦੇ ਸੀਨੀਅਰ ਆਗੂ ਸਰਦਾਰ ਗੁਰਬਚਨ ਸਿੰਘ ਬੱਬੇਹਾਲੀ ਦੇ ਨਾਲ ਰਲ ਕੇ ਪੰਜਾਬ ਬਚਾਓ ਮੁਹਿੰਮ ਦੇ ਤਹਿਤ ਇਕ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਬੀਤੇ ਕੱਲ੍ਹ ਭਗਵੰਤ ਮਾਨ ਨੇ ਦਾਅਵਾ ਕੀਤਾ ਸੀ ਕਿ ਆਪ ਸਰਕਾਰ ਨੇ ਪੰਜਾਬ ਵਿਚ ਹਰ 4 ਕਿਲੋਮੀਟਰ 'ਤੇ ਮੰਡੀ ਸਥਾਪਿਤ ਕੀਤੀ ਹੈ ਅਤੇ ਇਹੀ ਉਹ ਗੁਜਰਾਤ ਵਿਚ ਕਰੇਗੀ। ਉਹਨਾਂ ਕਿਹਾ ਕਿ ਅੱਜ ਆਪ ਦੇ ਮੁਖੀ ਅਰਵਿੰਦ ਕੇਜਰੀਵਾਲ ਨੇ ਝੂਠ ਦਾ ਸਿਖ਼ਰ ਹੀ ਲਗਾ ਦਿੱਤਾ ਜਦੋਂ ਦਾਅਵਾ ਕੀਤਾ ਕਿ ਆਪ ਉਸੇ ਤਰੀਕੇ ਗੁਜਰਾਤ ਵਿਚ ਕਿਸਾਨਾਂ ਨੂੰ ਖੇਤੀਬਾੜੀ ਵਾਸਤੇ ਮੁਫਤ ਬਿਜਲੀ ਦੇਵੇਗੀ ਜਿਵੇਂ ਪੰਜਾਬ ਵਿਚ ਪਾਰਟੀ ਨੇ ਦਿੱਤੀ ਹੈ। ਉਹਨਾਂ ਕਿਹਾ ਕਿ ਇਹ ਲੋਕ ਇਹ ਵੀ ਐਲਾਨ ਕਰ ਰਹੇ ਹਨ ਕਿ ਪੰਜਾਬ ਵਿਚ ਔਰਤਾਂ ਨੂੰ ਇਕ-ਇਕ ਹਜ਼ਾਰ ਰੁਪਿਆ ਪ੍ਰਤੀ ਮਹੀਨਾ ਦੇਣਾ ਸ਼ੁਰੂ ਕੀਤਾ ਗਿਆ ਹੈ ਜਦੋਂ ਕਿ ਅਸਲੀਅਤ ਇਹ ਹੈ ਕਿ ਹਾਲੇ ਤੱਕ ਇਹ ਸਕੀਮ ਸ਼ੁਰੂ ਵੀ ਨਹੀਂ ਕੀਤੀ ਗਈ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਧੋਖਾ ਹੁਣ ਗੁਜਰਾਤ ਅਤੇ ਪੰਜਾਬ ਵਿਚ ਆਪ ਨੂੰ ਲਾਹਾ ਨਹੀਂ ਦੇਵੇਗਾ। ਉਹਨਾਂ ਕਿਹਾ ਕਿ ਹਰ ਕਿਸੇ ਨੇ ਮਹਿਸੂਸ ਕਰ ਲਿਆ ਹੈ ਕਿ ਇਹ ਸਰਕਾਰ ਸਿਰਫ ਇਸ਼ਤਿਹਾਰਬਾਜ਼ੀ 'ਤੇ ਹਜ਼ਾਰਾਂ ਕਰੋੜ ਰੁਪਏ ਖਰਚ ਕਰਦੀ ਹੈ ਪਰ ਜ਼ਮੀਨੀ ਪੱਧਰ 'ਤੇ ਕੁਝ ਵੀ ਨਹੀਂ ਕਰਦੀ। ਸਰਦਾਰ ਬਾਦਲ ਨੇ ਸਰਕਾਰ ਵੱਲੋਂ ਮਿਲਕਫੈਡ ਵੇਰਕਾ ਪਾਊਡਰ ਘੁਟਾਲੇ ਵਿਚ ਜੂਨੀਅਰ ਅਫਸਰਾਂ ਦੇ ਖਿਲਾਫ ਕਾਰਵਾਈ ਕਰ ਕੇ ਮਾਮਲੇ 'ਤੇ ਪਰਦਾ ਪਾਉਣ ਦੀ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਭਾਰਤੀ ਫੌਜ ਵੱਲੋਂ ਮਿਲਕਫੈਡ ਵੱਲੋਂ ਸਪਲਾਈ ਕੀਤੇ ਦੁੱਧ ਪਾਊਡਰ ਨੂੰ ਰੱਦ ਕਰਨ ਦੇ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ।



ਸਰਦਾਰ ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਮਿਲਕਫੈਡ ਵਿਚ ਭ੍ਰਿਸ਼ਟਾਚਾਰ ਅਸਲ ਵਿਚ ਸਿਖ਼ਰ ਤੋਂ ਸ਼ੁਰੂ ਹੁੰਦਾ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਖੁਦ ਸਹਿਕਾਰਤਾ ਮੰਤਰਾਲੇ ਦਾ ਕੰਮ ਵੇਖ ਰਹੇ ਹਨ ਤਾਂ ਉਹਨਾਂ ਤੋਂ ਖੁਦ ਦੇ ਖਿਲਾਫ ਜਾਂਚ ਦੀ ਆਸ ਨਹੀਂ ਕੀਤੀ ਜਾ ਸਕਦੀ। ਉਹਨਾਂ ਕਿਹਾ ਕਿ ਸਿਰਫ ਇਕ ਨਿਰਪੱਖ ਜਾਂਚ ਹੀ ਸੱਚਾਈ ਸਾਹਮਣੇ ਲਿਆ ਸਕਦੀ ਹੈ ਤੇ ਜੋ ਪੰਜਾਬ ਦਾ ਕੌਮੀ ਪੱਧਰ 'ਤੇ ਅਕਸ ਖਰਾਬ ਕਰ ਰਹੇ ਹਨ, ਉਹਨਾਂ ਨੂੰ ਸਜ਼ਾ ਦੁਆਈ ਯਕੀਨੀ ਬਣਾਈ ਜਾ ਸਕਦੀ ਹੈ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਮੁੱਖ ਮੰਤਰੀ ਵੱਲੋਂ ਕਣਕ ਦੇ ਆਉਂਦੇ ਸੀਜ਼ਨ ਵਾਸਤੇ ਖਰੀਦ ਦੇ ਸੁਚੱਜੇ ਪ੍ਰਬੰਧ ਨਾ ਕਰਨ 'ਤੇ ਮੁੱਖ ਮੰਤਰੀ ਦੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ ਅਗਲੇ 10 ਦਿਨਾਂ ਵਿਚ ਮੰਡੀਆਂ ਵਿਚ ਕਣਕ ਆਉਣੀ ਸ਼ੁਰੂ ਹੋ ਜਾਵੇਗੀ ਪਰ ਸਰਕਾਰ ਨੇ ਹਾਲੇ ਤੱਕ ਬਾਰਦਾਨੇ ਦਾ ਪ੍ਰਬੰਧ ਨਹੀਂ ਕੀਤਾ ਅਤੇ ਖੁਦ ਪ੍ਰਵਾਨ ਕਰ ਰਹੀ ਹੈ ਕਿ ਉਸ ਕੋਲ ਅਨਾਜ ਭੰਡਾਰ ਕਰਨ ਵਾਸਤੇ ਲੋੜੀਂਦੀ ਥਾਂ ਮੌਜੂਦ ਨਹੀਂ ਹੈ। ਉਹਨਾਂ ਕਿਹਾ ਕਿ ਦੂਜੇ ਪਾਸੇ ਸਾਬਕਾ ਮੁੱਖ ਮੰਤਰੀ ਸਰਦਾਰ ਪ੍ਰਕਾਸ਼ ਸਿੰਘ ਬਾਦਲ ਹਮੇਸ਼ਾ ਦੋ ਮਹੀਨੇ ਪਹਿਲਾਂ ਇਹ ਸਾਰੇ ਇੰਤਜ਼ਾਮ ਕਰ ਦਿੰਦੇ ਸਨ। ਸਰਦਾਰ ਬਾਦਲ ਨੇ ਕਿਹਾ ਕਿ ਦਿੱਲੀ ਦੀਆਂ ਪਾਰਟੀਆਂ ਸਿਰਫ ਲੁੱਟ ਵਿਚ ਵਿਸ਼ਵਾਸ ਰੱਖਦੀਆਂ ਹਨ। ਉਹਨਾਂ ਕਿਹਾ ਕਿ ਅਸੀਂ ਤੁਹਾਡੇ ਸੇਵਾ ਵਾਸਤੇ ਵਚਨਬੱਧ ਹਾਂ। ਉਹਨਾਂ ਕਿਹਾ ਕਿ ਅਕਾਲੀ ਦਲ ਨੇ ਪੰਜਾਬ ਵਾਸਤੇ ਵਿਜ਼ਨ ਦਸਤਾਵੇਜ਼ ਤਿਆਰ ਕੀਤਾ ਹੈ ਜੋ 2027 ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਲਾਗੂ ਕੀਤਾ ਜਾਵੇਗਾ। ਦਸਤਾਵੇਜ਼ ਦੇ ਵੇਰਵੇ ਸਾਂਝੇ ਕਰਦਿਆਂ ਉਹਨਾਂ ਕਿਹਾ ਕਿ ਜਿਹਨਾਂ ਕਿਸਾਨਾਂ ਕੋਲ ਟਿਊਬਵੈਲ ਕੁਨੈਕਸ਼ਨ ਨਹੀਂ ਹਨ, ਉਹਨਾਂ ਨੂੰ ਇਹ ਕੁਨੈਕਸ਼ਨ ਪ੍ਰਦਾਨ ਕੀਤੇ ਜਾਣਗੇ। ਉਹਨਾਂ ਕਿਹਾ ਕਿ ਇਸ ਤੋਂ ਇਲਾਵਾ ਕਿਸਾਨਾਂ ਨੂੰ ਦਿਨ ਵੇਲੇ 12 ਘੰਟੇ ਬਿਜਲੀ ਸਪਲਾਈ ਦਿੱਤੀ ਜਾਵੇਗੀ। ਉਹਨਾਂ ਨੇ ਇਹ ਵੀ ਐਲਾਨ ਕੀਤਾ ਕਿ ਇਕ ਵਿਸ਼ਵ ਸਕਿੱਲ ਯੂਨੀਵਰਸਿਟੀ ਸਥਾਪਿਤ ਕੀਤੀ ਜਾਵੇਗੀ ਜੋ ਹਰ ਸਾਲ ਇਕ ਲੱਖ ਨੌਜਵਾਨਾਂ ਨੂੰ ਸਿੱਖਲਾਈ ਦੇਵੇਗੀ ਅਤੇ ਇਸਦੇ ਕੇਂਦਰ ਜ਼ਿਲ੍ਹੇ ਵਿਚ ਸਥਾਪਿਤ ਕੀਤੇ ਜਾਣਗੇ ਅਤੇ ਨੌਜਵਾਨਾਂ ਨੂੰ ਵਿਆਜ਼ ਮੁਕਤ 10 ਲੱਖ ਰੁਪਏ ਦਾ ਕਰਜ਼ਾ ਦਿੱਤਾ ਜਾਵੇਗਾ ਤੇ ਆਟਾ ਦਾਲ ਸਕੀਮ ਦਾ ਵਿਸਥਾਰ ਕੀਤਾ ਜਾਵੇਗਾ ਅਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ।

# 9-ਬਾਲਾਂ ਦੇ ਰੋਮਾਂਚਕ ਰਾਸ਼ਟਰੀ ਮੁਕਾਬਲਿਆਂ ਵਿੱਚ ਅਡਵਾਨੀ ਦਾ ਦਬਦਬਾ

## ਨਿਤਿਨ ਸ਼ਰਮਾ ਨੇ ਮਜ਼ਬੂਤ ਐਂਟਰੀ ਕੀਤੀ; ਚੋਟੀ ਦੇ 8 ਫਾਈਨਲਿਸਟਾਂ ਦੀ ਪੁਸ਼ਟੀ

ਜ਼ਿਕਰ ਪੰਜਾਬ

**ਲੁਧਿਆਣਾ/ਵਾਸੂ ਜੇਤਲੀ**

ਮਨੀਸ਼ਾ ਕੰਸਟਰਕਸ਼ਨਜ਼ ਨੈਸ਼ਨਲ ਪੂਲ ਚੈਂਪੀਅਨਸ਼ਿਪ 2026 ਵਿੱਚ ਪੁਰਸ਼ਾਂ ਦੇ 9-ਬਾਲਾਂ ਦੇ 'ਟੌਪ 16' ਮੁਕਾਬਲੇ ਦੇ ਸਮਾਪਤ ਹੋਣ ਦੇ ਨਾਲ ਉਤਸ਼ਾਹ ਆਪਣੇ ਸਿਖਰ 'ਤੇ ਪਹੁੰਚ ਗਿਆ। ਇਨ੍ਹਾਂ ਮੁਕਾਬਲਿਆਂ ਵਿੱਚ ਕੁਝ ਖਿਡਾਰੀਆਂ ਨੇ ਜ਼ਬਰਦਸਤ ਪ੍ਰਦਰਸ਼ਨ ਕੀਤਾ, ਜਦੋਂ ਕਿ ਕੁਝ ਨੇ ਤਿੱਖੇ ਮੁਕਾਬਲੇ ਦੇਖੇ, ਜਿਸ ਨਾਲ ਇੱਕ ਬਹੁਤ ਹੀ ਮੁਕਾਬਲੇ ਵਾਲਾ ਕੁਆਰਟਰ ਫਾਈਨਲ ਤੈਅ ਹੋ ਗਿਆ ਹੈ। ਜਦੋਂ ਕਿ ਦਾਅ ਆਪਣੇ ਸਿਖਰ 'ਤੇ ਸੀ, ਇਸ ਦੌਰ ਵਿੱਚ ਕੁਝ ਖਿਡਾਰੀਆਂ ਨੇ ਜਿੱਤਾਂ ਨਾਲ ਆਪਣੀ ਯੋਗਤਾ ਸਾਬਤ ਕੀਤੀ, ਜਦੋਂ ਕਿ ਕੁਝ ਨਾਟਕੀ ਸਮਾਪਤੀ ਵਿੱਚ ਖਤਮ ਹੋਏ; ਭਾਰਤ ਦੇ ਚੋਟੀ ਦੇ ਕਿਊਇਸਟ (ਬਿਲੀਅਰਡ ਖਿਡਾਰੀ) ਨੇ ਅੰਤਿਮ ਪੜਾਵਾਂ ਵਿੱਚ ਜਗ੍ਹਾ ਬਣਾਉਣ ਲਈ ਸੰਘਰਸ਼ ਕੀਤਾ। ਭਾਰਤ ਦੇ ਸਭ ਤੋਂ ਵੱਧ ਸਨਮਾਨ ਪਾਉਣ ਵਾਲੇ ਕਿਊਇਸਟ, ਪੰਕਜ ਅਡਵਾਨੀ (ਪੀਐਸਪੀਬੀ) ਨੇ ਇਸ ਰਾਊਂਡ ਦੇ ਸਭ ਤੋਂ ਪ੍ਰਭਾਵਸ਼ਾਲੀ ਪ੍ਰਦਰਸ਼ਨਾਂ ਵਿੱਚੋਂ ਇੱਕ ਪੇਸ਼ ਕੀਤਾ। ਉਨ੍ਹਾਂ ਨੇ 10-ਬਾਲਾਂ ਦੇ ਮੌਜੂਦਾ ਰਾਸ਼ਟਰੀ ਚੈਂਪੀਅਨ ਸ਼ਿਵਮ ਅਰੋੜਾ (ਮਹਾਰਾਸ਼ਟਰ) ਨੂੰ 8-2 ਨਾਲ ਹਰਾਇਆ। ਮੈਚ ਦੇ ਰੋਮਾਂਚਕ ਹੋਣ ਦੀ ਉਮੀਦ ਸੀ, ਪਰ ਅਡਵਾਨੀ ਨੇ ਸਟੀਕਤਾ ਅਤੇ ਦਬਦਬੇ ਨਾਲ ਟੇਬਲ 'ਤੇ ਆਪਣਾ ਕੰਟਰੋਲ ਬਣਾਈ ਰੱਖਿਆ। ਉਨ੍ਹਾਂ ਨੇ ਟੂਰਨਾਮੈਂਟ ਦੇ ਇੱਕ ਪਸੰਦੀਦਾ ਖਿਡਾਰੀ ਨੂੰ ਬਾਹਰ ਕਰ ਦਿੱਤਾ ਅਤੇ ਆਪਣੀ ਖਿਤਾਬ ਦੀ ਦਾਅਵੇਦਾਰੀ ਨੂੰ ਹੋਰ ਮਜ਼ਬੂਤ ਕੀਤਾ। ਨਿਤਿਨ ਸ਼ਰਮਾ (ਚੰਡੀਗੜ੍ਹ) ਨੇ ਦਿਨ ਦਾ ਸਭ ਤੋਂ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ। ਉਨ੍ਹਾਂ ਨੇ ਅਭਿਜੀਤ ਰਾਨਾਡੇ (ਮਹਾਰਾਸ਼ਟਰ) ਨੂੰ 8-1





ਨਾਲ ਬੁਰੀ ਤਰ੍ਹਾਂ ਹਰਾਇਆ। ਇਹ ਇੱਕ ਤੇਜ਼ ਅਤੇ ਸਟੀਕ ਪ੍ਰਦਰਸ਼ਨ ਸੀ ਜੋ 35 ਮਿੰਟ ਤੋਂ ਵੀ ਘੱਟ ਸਮੇਂ ਤੱਕ ਚੱਲਿਆ। ਪਿਛਲੇ ਰਾਊਂਡ ਵਿੱਚ ਰਾਨਾਡੇ ਦੀ ਪ੍ਰਭਾਵਸ਼ਾਲੀ ਵਾਪਸੀ ਤੋਂ ਬਾਅਦ, ਇਸ ਮੈਚ ਨੇ ਪੂਰੀ ਤਰ੍ਹਾਂ ਮੋੜ ਕੱਟ ਦਿੱਤਾ; ਇਸਨੇ ਸ਼ਰਮਾ ਦੇ ਹਮਲਾਵਰ ਅੰਦਾਜ਼ ਅਤੇ ਦਬਾਅ ਹੇਠ ਸ਼ਾਂਤ ਰਹਿਣ ਦੀ ਯੋਗਤਾ ਦਾ ਪ੍ਰਦਰਸ਼ਨ ਕੀਤਾ। ਕੁਸ਼ਲ ਚੰਦਰਸ਼ੇਖਰ (ਕਰਨਾਟਕ) ਨੇ ਆਪਣਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਜਾਰੀ ਰੱਖਿਆ ਅਤੇ ਗਗਨਦੀਪ ਮੱਕੜ (ਚੰਡੀਗੜ੍ਹ) ਨੂੰ 8-4 ਨਾਲ ਹਰਾ ਕੇ ਕੁਆਰਟਰ ਫਾਈਨਲ ਵਿੱਚ ਥਾਂ ਬਣਾ ਲਈ। ਇਸ ਰਾਊਂਡ ਵਿੱਚ ਕੁਝ ਮੁਕਾਬਲੇ ਬਹੁਤ ਸਖਤ ਵੀ ਰਹੇ, ਜਿਨ੍ਹਾਂ ਵਿੱਚ ਖਿਡਾਰੀਆਂ ਵਿਚਕਾਰ ਤੀਬਰ ਮੁਕਾਬਲਾ ਹੋਇਆ ਜਿਸ ਨੇ ਦਰਸ਼ਕਾਂ ਦੇ ਸਾਹ ਰੋਕ ਦਿੱਤੇ। ਸੁਮਿਤ ਤਲਵਾੜ (ਚੰਡੀਗੜ੍ਹ) ਨੇ ਇੱਕ ਰੋਮਾਂਚਕ ਮੁਕਾਬਲੇ ਵਿੱਚ ਫੈਜ਼ਲ ਖਾਨ (ਆਰਐਸਪੀਬੀ) ਨੂੰ 8-7 ਨਾਲ ਹਰਾਇਆ; ਕਮਲ ਚਾਵਲਾ (ਆਰਐਸਪੀਬੀ) ਨੇ ਸ਼ਾਹਬਾਜ਼ ਆਦਿਲ ਖਾਨ (ਪੀ ਐਸ ਪੀ ਬੀ) 'ਤੇ 8-6 ਨਾਲ ਸਖ਼ਤ ਜਿੱਤ ਹਾਸਲ ਕੀਤੀ; ਅਤੇ ਸ਼ੋਏਬ ਖਾਨ (ਦਿੱਲੀ) ਨੇ ਸ਼ੋਏਬ ਖਾਨ (ਆਰ ਐਸ ਪੀ ਬੀ) ਨੂੰ ਇੱਕ ਵਿਲੱਖਣ 'ਇੱਕੋ ਜਿਹੇ ਨਾਮ ਵਾਲੇ' ਮੁਕਾਬਲੇ ਵਿੱਚ 8-6 ਨਾਲ ਹਰਾਇਆ। ਕਈ ਖਿਡਾਰੀਆਂ ਨੇ ਅਗਲੇ ਦੌਰ ਵਿੱਚ ਪਹੁੰਚਣ ਲਈ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ: ਪਿਊਸ਼ ਕੁਸ਼ਵਾਹਾ (ਮੱਧ ਪ੍ਰਦੇਸ਼) ਨੇ ਰੌਬਿਨ ਡਿਸੂਜ਼ਾ (ਆਰਐਸਪੀਬੀ) 'ਤੇ 8-2 ਨਾਲ ਪੂਰੀ ਤਰ੍ਹਾਂ ਹਾਵੀ ਹੋ ਗਿਆ, ਜਦੋਂ ਕਿ ਐਸ. ਸ਼੍ਰੀਕ੍ਰਿਸ਼ਨ (ਪੀਐਸਪੀਬੀ) ਨੇ ਅਨੁਜ ਉੱਪਲ (ਦਿੱਲੀ) ਨੂੰ ਆਸਾਨੀ ਨਾਲ 8-1 ਨਾਲ ਹਰਾਇਆ। ਹੁਣ ਜਦੋਂ 'ਟੌਪ 8' ਖਿਡਾਰੀ ਨਿਰਧਾਰਤ ਹੋ ਗਏ ਹਨ, ਚੈਂਪੀਅਨਸ਼ਿਪ ਆਪਣੇ ਆਖਰੀ ਪੜਾਅ ਵਿੱਚ ਦਾਖਲ ਹੋ ਗਈ ਹੈ - ਇੱਕ ਅਜਿਹਾ ਦੌਰ ਜਿੱਥੇ ਹਰ ਮੈਚ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ ਦੀ ਸਫਲਤਾ ਦੇ ਨੇੜੇ ਲੈ ਜਾਂਦਾ ਹੈ। ਇੱਕ-ਪਾਸੜ ਦਬਦਬੇ ਵਾਲੇ ਮੈਚਾਂ ਤੋਂ ਲੈ ਕੇ ਸਾਹ ਰੋਕ ਦੇਣ ਵਾਲੇ ਰੋਮਾਂਚਕ ਮੁਕਾਬਲਿਆਂ ਤੱਕ, 'ਟੌਪ 16' ਦੌਰ ਨੇ ਭਾਰਤੀ ਪੂਲ ਖੇਡ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਕੀਤਾ ਹੈ - ਅਤੇ ਹੁਣ ਇਹ ਚੈਂਪੀਅਨਸ਼ਿਪ ਲਈ ਇੱਕ ਉਤਸ਼ਾਹਜਨਕ ਅਤੇ ਧਮਾਕੇਦਾਰ ਫਾਈਨਲ ਲਈ ਮੰਚ ਤਿਆਰ ਕਰ ਚੁੱਕੀ ਹੈ।

# ਅਮਿਤ ਸ਼ਾਹ ਦੇ 'ਪੁਰਾਣੇ ਕਾਰਨਾਮਿਆਂ' ਲਈ ਉਨ੍ਹਾਂ ਖ਼ਿਲਾਫ਼ ਹੋਣੀ ਚਾਹੀਦੀ ਹੈ ਚਾਰਜਸ਼ੀਟ : ਮਮਤਾ

**ਪੁਰੂਲੀਆ • ਆਵਾਜ਼ ਬਿਊਰੋ**

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਤ੍ਰਿਣਮੂਲ ਕਾਂਗਰਸ ਸਰਕਾਰ ਵਿਰੁੱਧ ਸਿਆਸੀ 'ਚਾਰਜਸ਼ੀਟ' ਜਾਰੀ ਕੀਤੇ ਜਾਣ ਤੋਂ ਇਕ ਦਿਨ ਬਾਅਦ, ਮੁੱਖ ਮੰਤਰੀ ਮਮਤਾ ਬੈਨਰਜੀ ਨੇ ਐਤਵਾਰ ਨੂੰ ਤਿੱਖਾ ਪਲਟਵਾਰ ਕੀਤਾ ਹੈ। ਪੁਰੂਲੀਆ ਵਿੱਚ ਇੱਕ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਨੇ ਕਿਹਾ ਕਿ ਖੁਦ ਅਮਿਤ ਸ਼ਾਹ ਵਿਰੁੱਧ ਉਨ੍ਹਾਂ ਦੇ 'ਪੁਰਾਣੇ ਕਾਰਨਾਮਿਆਂ' ਲਈ ਚਾਰਜਸ਼ੀਟ ਦਾਖਲ ਹੋਣੀ ਚਾਹੀਦੀ ਹੈ। ਮਮਤਾ ਬੈਨਰਜੀ ਨੇ ਦਾਅਵਾ ਕੀਤਾ ਕਿ ਜੇਕਰ ਭਾਰਤੀ ਜਨਤਾ ਪਾਰਟੀ (ਭਾਜਪਾ) ਸੱਤਾ ਵਿੱਚ ਆਉਂਦੀ ਹੈ, ਤਾਂ ਉਹ ਔਰਤਾਂ ਲਈ ਸ਼ੁਰੂ ਕੀਤੀ ਗਈ 'ਲਕਸ਼ਮੀਰ ਭੰਡਾਰ' ਯੋਜਨਾ ਨੂੰ ਬੰਦ ਕਰ ਦੇਵੇਗੀ। ਉਨ੍ਹਾਂ ਨੇ ਇਹ ਵੀ ਦੋਸ਼ ਲਾਇਆ ਕਿ ਭਾਜਪਾ ਦੇ ਸੂਬੇ ਵਿੱਚ ਲੋਕਾਂ ਦੀਆਂ ਖਾਣ-ਪੀਣ ਦੀਆਂ ਆਦਤਾਂ 'ਤੇ ਪਾਬੰਦੀਆਂ ਲਗਾਈਆਂ ਜਾਣਗੀਆਂ। ਮਮਤਾ ਨੇ ਕਿਹਾ, ਜੇਕਰ ਭਾਜਪਾ ਸੱਤਾ ਵਿੱਚ ਆਈ, ਤਾਂ ਲੋਕ ਮੱਛੀ, ਮੀਟ ਅਤੇ ਅੰਡੇ ਨਹੀਂ ਖਾ ਸਕਣਗੇ। ਇਸ ਤੋਂ ਇਲਾਵਾ, ਮੁੱਖ ਮੰਤਰੀ ਨੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਵਿਸ਼ੇਸ਼ ਸੁਧਾਰ ਯੋਜਨਾ ਰਾਹੀਂ ਵੋਟਰ ਸੂਚੀਆਂ ਵਿੱਚੋਂ 1.2 ਕਰੋੜ ਵੋਟਰਾਂ ਦੇ ਨਾਮ ਹਟਾ ਦਿੱਤੇ ਗਏ ਹਨ।

# ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵਲੋਂ ਦੋ ਹੋਰ ਆਮ ਆਦਮੀ ਕਲੀਨਿਕਾਂ ਦਾ ਕੀਤਾ ਗਿਆ ਉਦਘਾਟਨ

ਜ਼ਿਕਰ ਪੰਜਾਬ

**ਸ੍ਰੀ ਮੁਕਤਸਰ ਸਾਹਿਬ/ਨਰਿੰਦਰ ਵਧਵਾ**

ਪੰਜਾਬ ਸਰਕਾਰ ਅਤੇ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵਲੋਂ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਨਜਦੀਕ ਵਧੀਆ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ । ਇਸ ਮੁਹਿੰਮ ਤਹਿਤ ਅੱਜ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋ ਪੰਜਾਬ ਵਿੱਚ ਵੱਖ—ਵੱਖ ਥਾਵਾਂ ਤੇ ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਕੀਤਾ ਗਿਆ ਜਿਸ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ 2 ਨਵੇਂ ਆਮ ਆਦਮੀ ਕਲੀਨਿਕਾਂ ਦਾ ਉਦਘਾਟਨ ਸ. ਜਗਦੀਪ ਸਿੰਘ ਕਾਕਾ ਬਰਾੜ ਐਮ.ਐਲ.ਏ. ਸ੍ਰੀ ਮੁਕਤਸਰ ਸਾਹਿਬ ਵਲੋਂ ਕੀਤਾ ਗਿਆ। ਜਿਨ੍ਹਾਂ ਵਿਚੋਂ ਇੱਕ ਗੁਰਦੁਆਰਾ ਸਾਂਝੀਵਾਲ ਗਾਂਧੀ ਨਗਰ ਸ੍ਰੀ ਮੁਕਤਸਰ ਵਿਖੇ ਅਤੇ ਇੱਕ ਰੈਣ ਬਸੇਰਾ ਗੋਨਿਆਣਾ ਰੋਡ ਵਿਖੇ ਬਣਾਇਆ ਗਿਆ ਹੈ। ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਕਿਹਾ ਕਿ ਸਰਕਾਰ ਦੀ ਪਹਿਲਕਦਮੀ ਨਾਲ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਇਹਨਾਂ ਕਲੀਨਿਕਾਂ ਨੂੰ ਬਣਾਇਆ ਗਿਆ ਹੈ। ਜਿਸ ਵਿੱਚ ਤਜਰਬੇਕਾਰ ਡਾਕਟਰ ਅਤੇ ਸਟਾਫ ਰਾਹੀਂ ਆਮ ਲੋਕਾਂ ਇਲਾਜ, ਦਵਾਈਆਂ,ਲੈਬ ਟੈਸਟ ਆਦਿ ਮੁਫਤ ਹੋਣਗੇ ।ਇਸ ਸਮੇਂ ਡਾ: ਸੁਨੀਲ ਕੁਮਾਰ ਬਾਂਸਲ ਸਿਵਲ ਸਰਜਨ,ਸ੍ਰੀ ਮੁਕਤਸਰ ਸਾਹਿਬ ਨੇ ਕਿਹਾ ਕਿ ਇਹ ਆਦਮੀ ਕਲੀਨਿਕ ਲੋਕਾਂ ਲਈ ਵਧੀਆ ਸਿਹਤ ਸਹੂਲਤਾਂ ਦੇਣ ਲਈ ਬਹੁਤ ਲਾਹੇਵੰਦ ਹੋਣਗੇ । ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਲੋਕ ਵੱਧ ਤੋਂ ਵੱਧ ਇਹਨਾਂ ਆਮ ਆਦਮੀ ਕਲੀਨਿਕਾਂ ਵਿਚ ਮਿਲਣ ਵਾਲੀਆਂ ਸਿਹਤ ਸਹੂਲਤਾਂ, ਦਵਾਈਆਂ, ਟੈਸਟ ਆਦਿ ਦਾ ਵੱਧ ਤੋਂ ਵੱਧ ਲਾਭ ਲੈਣ । ਇਸ ਮੌਕੇ ਸ. ਸੁਰਿੰਦਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ,ਸ. ਮੁਖਤਿਆਰ ਸਿੰਘ ,ਸ. ਦਰਸ਼ਨ ਸਿੰਘ ਕਪੂਰ,ਸ. ਸੁਰਿੰਦਰਪਾਲ ਸਿੰਘ, ਸ. ਬੀਰਬਲ ਸਿੰਘ ਅਤੇ ਸਿਹਤ ਵਿਭਾਗ ਤੋਂ ਡਾ:ਦੁਪਿੰਦਰ ਕੁਮਾਰ ਡੀ.ਐਮ.ਸੀ., ਡਾ: ਰਾਜੀਵ ਕੁਮਾਰ ਐਸ.ਐਮ.ਓ. ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ, ਡਾ: ਹਰਕੀਰਤਨ ਸਿੰਘ ਜਿਲ੍ਹਾ ਐਪੀਡੀਮੋਲੋਜਿਸਟ ,ਸ੍ਰੀ ਦੀਪਕ ਕੁਮਾਰ ਡੀ.ਪੀ.ਐਮ.,ਸ੍ਰੀ ਲਾਲ ਚੰਦ ਮਾਸ ਮੀਡੀਆ, ਸ੍ਰੀ ਭੁਪਿੰਦਰ ਸਿੰਘ ਸੀਨੀਅਰ ਸਹਾਇਕ ਅਤੇ ਸ੍ਰੀ ਗੁਰਪ੍ਰੀਤ ਸਿੰਘ ਪੀ ਏ. ਟੂ ਸਿਵਲ ਸਰਜਨ ਹਾਜ਼ਰ ਸਨ ।



# ਪਿੰਡ ਬੱਲਮਗੜ੍ਹ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਬਹੁਮੰਤਵੀ ਸ਼ੈਡ ਬੱਚਿਆਂ ਲਈ ਹੋਵੇਗਾ ਸਹਾਈ ਸਿੱਧ : ਸੁਖਜਿੰਦਰ ਸਿੰਘ ਕਾਉਣੀ

ਜ਼ਿਕਰ ਪੰਜਾਬ

**ਸ੍ਰੀ ਮੁਕਤਸਰ ਸਾਹਿਬ/ਨਰਿੰਦਰ ਵਧਵਾ**

ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਸਿੱਖਿਆ ਕ੍ਰਾਂਤੀ ਅਧੀਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਲਮਗੜ੍ਹ ਵਿਖੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਵੱਲੋਂ 5 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਬਹੁਮੰਤਵੀ ਸ਼ੈਡ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਬੋਲਦਿਆਂ ਸ. ਸੁਖਜਿੰਦਰ ਸਿੰਘ ਕਾਉਣੀ ਨੇ ਕਿਹਾ ਕਿ ਇਹ ਬਹੁਮੰਤਵੀ ਸ਼ੈਡ ਬੱਚਿਆਂ ਦੇ ਮਿਡੇ ਮੀਲ ਖਾਣੇ ਲਈ, ਅਧਿਆਪਕ-ਮਾਪੇ ਮਿਲਣੀ ਲਈ, ਸਵੇਰ ਦੀ ਸਭਾ ਲਈ ਅਤੇ ਸਕੂਲ ਵਿੱਚ ਕਰਵਾਏ ਜਾਣ ਵਾਲੇ ਛੋਟੇ ਫੰਕਸ਼ਨਾ ਲਈ ਕੰਮ ਆਵੇਗਾ।ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੀ ਲਗਾਤਾਰ ਨੁਹਾਰ ਬਦਲੀ ਜਾ ਰਹੀ ਹੈ।



ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਉਨ੍ਹਾਂ ਨੂੰ ਸੁਖ-ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਬੱਚਿਆਂ ਨੂੰ ਸਕੂਲਾਂ ਵਿੱਚ ਵੀ ਘਰਾਂ ਵਰਗਾ ਸੁਖਾਵਾਂ ਮਾਹੌਲ ਮਿਲਦਾ ਰਹੇ। ਇਸ ਮੌਕੇ ਸਮੂਹ ਸਟਾਫ ਵਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ. ਸੁਖਜਿੰਦਰ ਸਿੰਘ ਕਾਉਣੀ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਰਿੰਪੀ ਛਾਬੜਾ, ਮਾਸਟਰ ਦਿਲਬਾਗ ਸਿੰਘ, ਮਾ. ਨਵਦੀਪ ਸਿੰਘ, ਮਾ. ਗੁਰਮੀਤ ਸਿੰਘ, ਜਗਦੀਪ ਸਿੰਘ ਸਰਪੰਚ, ਅਮਰਿੰਦਰ ਸਿੰਘ ਮੌੜ, ਚੇਅਰਮੈਨ ਸਿਮਰਜੀਤ ਸਿੰਘ ਲੱਖੇਵਾਲੀ, ਪਰਮਜੀਤ ਸਿੰਘ ਮੈਂਬਰ ਜਿਲ੍ਹਾ ਯੋਜਨਾ ਕਮੇਟੀ ਸ੍ਰੀ ਮੁਕਤਸਰ ਸਾਹਿਬ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਸੂਬੇ ਨੂੰ ਵਿਕਾਸ ਪਖੋਂ ਮੁੜ ਲੀਹ 'ਤੇ ਲਿਆਂਦਾ : ਮੋਹਿੰਦਰ ਭਗਤ

## ਸਿੱਧੇ ਸੰਵਾਦ ਰਾਹੀਂ ਲੋਕਾਂ ਨੂੰ ਪੰਜਾਬ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਤੋਂ ਕਰਵਾਇਆ ਜਾਣੂ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਅੱਜ 'ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ' ਮੁਹਿੰਮ ਤਹਿਤ ਵਾਰਡ ਨੰਬਰ 41 ਦੇ ਮੁਹੱਲਾ ਸਰੀਫ਼ਪੁਰਾ, ਬੂਟਾ ਮੰਡੀ ਅਤੇ ਵਾਰਡ ਨੰਬਰ 56 ਦੀ ਮਿੱਠੂ ਬਸਤੀ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ। ਕੈਬਨਿਟ ਮੰਤਰੀ ਨੇ ਪੰਜਾਬ ਸਰਕਾਰ ਦੀਆਂ ਅਹਿਮ ਪ੍ਰਾਪਤੀਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਦੇ ਚਹੁੰਮੁਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਅਨੇਕਾਂ ਪਹਿਲਕਦਮੀਆਂ ਕੀਤੀਆਂ ਹਨ, ਜਿਸ ਸਦਕਾ ਸੂਬੇ ਨੂੰ ਮੁੜ ਵਿਕਾਸ ਦੀਆਂ ਲੀਹਾਂ 'ਤੇ ਲਿਆਂਦਾ ਗਿਆ ਹੈ।ਉਨ੍ਹਾਂ ਕਿਹਾ ਕਿ ਅੱਜ ਸੂਬੇ ਦਾ ਹਰ ਇਕ ਨਾਗਰਿਕ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਤੇ



ਦਿੱਤੀਆਂ ਜਾ ਰਹੀਆਂ ਸਹੂਲਤਾਂ ਤੋਂ ਬਹੁਤ ਖੁਸ਼ ਨਜ਼ਰ ਆ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ ਵੀ ਮੌਜੂਦ ਸਨ। ਭਗਤ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਵਲੋਂ ਅੱਜ 109 ਨਵੇਂ ਹੋਰ ਆਮ ਆਦਮੀ ਕਲੀਨਿਕ ਪੰਜਾਬ ਵਾਸੀਆਂ ਨੂੰ ਸਮਰਪਿਤ ਕਰਨ ਦਾ ਸਵਾਗਤ ਵੀ ਕੀਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਵਿਚ ਜਲੰਧਰ ਜ਼ਿਲ੍ਹੇ ਦੇ 9 ਨਵੇਂ ਆਮ ਆਦਮੀ ਕਲੀਨਿਕ ਕੇਂਦਰ ਵੀ ਸ਼ਾਮਿਲ ਹਨ।

ਉਨ੍ਹਾਂ ਕਿਹਾ ਕਿ ਬਸਤੀ ਸ਼ੇਖ, ਮਲਕੋ ਤਰਾੜ, ਓਲਡ ਤਹਿਸੀਲ ਕਰਤਾਰਪੁਰ, ਰਹਿਮਾਨਪੁਰ, ਸਾਬੋਵਾਲ, ਨੰਗਲ ਸ਼ਾਮਾ, ਫਿਲੌਰ, ਗੋਰਾਇਆ ਅਤੇ ਨਕੋਦਰ ਵਿਖੇ 9 ਹੋਰ ਨਵੇਂ ਆਮ ਆਦਮੀ ਕਲੀਨਿਕ ਸਿਹਤ ਸਹੂਲਤਾਂ ਪ੍ਰਦਾਨ ਕਰਨਗੇ। ਉਨ੍ਹਾਂ ਕਿਹਾ ਕਿ ਹੁਣ ਜ਼ਿਲ੍ਹੇ ਵਿੱਚ ਆਮ ਆਦਮੀ ਕਲੀਨਿਕਾਂ ਦੀ ਗਿਣਤੀ 75 ਹੋ ਗਈ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਨੂੰ 107 ਤਰ੍ਹਾਂ ਦੀਆਂ ਦਵਾਈਆਂ ਬਿਨ੍ਹਾਂ ਕਿਸੇ ਖਰਚ ਦੇ ਮਿਲ ਰਹੀਆਂ ਹਨ। ਇਸਦੇ ਨਾਲ ਹੀ 47 ਤਰ੍ਹਾਂ ਦੇ ਲੈਬ ਟੈਸਟ ਦੀ ਸੁਵਿਧਾ, ਗਰਭਵਤੀ ਔਰਤਾਂ ਲਈ ਸੂਚੀਬੱਧ ਸੈਂਟਰ 'ਤੇ ਮੁਫ਼ਤ ਸਕੈਨਿੰਗ ਅਤੇ ਓ.ਪੀ.ਡੀ. ਦੌਰਾਨ ਐਂਟੀ ਰੈਬੀਜ਼ ਵੈਕਸੀਨ ਦੀ ਸੁਵਿਧਾ ਵੀ ਮੁਫ਼ਤ ਉਪਲਬਧ ਕਰਵਾਈ ਜਾ ਰਹੀ ਹੈ। ਉਨ੍ਹਾਂ ਜਨਤਾ ਨੂੰ ਆਮ ਆਦਮੀ ਕਲੀਨਿਕਾਂ ਵਿੱਚ ਮਿਲ ਰਹੀਆਂ ਮੁਫ਼ਤ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸੂਬੇ ਨੂੰ 'ਰੰਗਲਾ ਪੰਜਾਬ' ਬਣਾਉਣ ਲਈ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖਿਲਾਫ਼ ਵੱਡੀ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਹਰ ਪਰਿਵਾਰ ਲਈ 10 ਲੱਖ ਰੁਪਏ ਤੱਕ ਦੇ ਕੈਸ਼ਲੈੱਸ ਇਲਾਜ ਦੀ ਸਹੂਲਤ, 90 ਫੀਸਦੀ ਪਰਿਵਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ, ਲੱਖਾਂ ਕਿਸਾਨਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਉਣਾ ਸਮੇਤ ਅਨੇਕਾਂ ਲੋਕ ਭਲਾਈ ਕਦਮ ਸੂਬਾ ਵਾਸੀਆਂ ਲਈ ਵਰਦਾਨ ਸਿੱਧ ਰਹੇ ਹਨ। ਇਸ ਤੋਂ ਇਲਾਵਾ ਸੂਬਾ ਸਰਕਾਰ ਵੱਲੋਂ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਕੀਤੀ ਗਈ ਹੈ, ਜਿਸ ਤਹਿਤ ਐਸ.ਸੀ. ਵਰਗ ਦੀਆਂ ਔਰਤਾਂ ਨੂੰ 1500 ਅਤੇ ਜਨਰਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਦੀ ਰਾਸ਼ੀ ਪ੍ਰਤੀ ਮਹੀਨੇ ਮੁਹੱਈਆ ਕਰਵਾਈ ਜਾਵੇਗੀ।